



ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ






PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 114 Chief Editor : Chowdhary Prabhjit Singh, Editor : Chhatarpal Singh 98146-32807, Tuesday 20 October 2026 Price : 2 Rs. Page : 6


## ਗੋਲਾ-ਬਾਰੂਦ ਦਾ ਸੌਦਾ: ਰਾਮਪੁਰਾ ਫੂਲ ਦਾ 'ਕਾਂਸਲ ਪਰਿਵਾਰ' ਸੀ ਬੀ ਆਈ ਦੇ ਸ਼ਿਕੰਜੇ 'ਚ; ਕੌਮੀ ਸੁਰੱਖਿਆ ਨਾਲ ਜੁੜੇ ਮਾਮਲੇ 'ਚ ਆਸ਼ੀਸ਼ ਕਾਂਸਲ ਗ੍ਰਿਫ਼ਤਾਰ

**ਚੰਡੀਗੜ੍ਹ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੀ.ਬੀ.ਆਈ. ਦੇ ਸ਼ਿਕੰਜੇ 'ਚ ਹੁਣ ਰਾਮਪੁਰਾ ਫੂਲ ਦਾ 'ਕਾਂਸਲ ਪਰਿਵਾਰ' ਆ ਗਿਆ ਹੈ, ਜਿਨ੍ਹਾਂ ਦੇ ਤਾਰ 500 ਕਰੋੜ ਰੁਪਏ ਦੇ ਗੋਲਾ-ਬਾਰੂਦ ਦੇ ਸੌਦੇ ਨਾਲ ਸਬੰਧਿਤ ਰਿਸ਼ਵਤ ਕਾਂਡ ਨਾਲ ਜੁੜੇ ਹੋਏ ਹਨ। ਰਾਮਪੁਰਾ ਫੂਲ ਦੇ ਸ਼ਿਵ ਚੰਦ ਕਾਂਸਲ ਦੇ ਪਰਿਵਾਰ ਦੀ 'ਮੈਸਰਜ਼ ਐੱਸ.ਐੱਮ.ਪੀ.ਪੀ. ਲਿਮਟਿਡ ਕੰਪਨੀ' ਹੈ, ਜਿਸ ਦਾ ਡਰੋਨ ਟੈਕਨਾਲੋਜੀ ਅਤੇ ਗੋਲਾ-ਬਾਰੂਦ ਆਦਿ ਦੇ ਨਿਰਮਾਣ ਦਾ ਕੰਮ ਹੈ। ਕੇਂਦਰ ਸਰਕਾਰ ਦੀ ਮਿਊਨੀਸ਼ਨਜ਼ ਇੰਡੀਆ ਲਿਮਟਿਡ (ਐੱਮ.ਆਈ.ਐੱਲ.) ਵੱਲੋਂ ਇੱਕ ਸਾਲ ਦੀ ਮਿਆਦ 'ਚ ਗੋਲਾ-ਬਾਰੂਦ ਦੀ ਸਪਲਾਈ ਲਈ 500 ਕਰੋੜ ਦਾ ਅਧਿਕਾਰਤ ਠੇਕਾ 'ਮੈਸਰਜ਼ ਐੱਸ.ਐੱਮ.ਪੀ.ਪੀ. ਲਿਮਟਿਡ ਕੰਪਨੀ' ਨੂੰ ਮਿਲਿਆ ਹੋਇਆ ਸੀ। ਸੀ.ਬੀ.ਆਈ. ਨੇ ਨਵੀਂ ਦਿੱਲੀ ਵਿਖੇ 12 ਅਕਤੂਬਰ ਨੂੰ ਮਿਊਨੀਸ਼ਨਜ਼ ਇੰਡੀਆ ਲਿਮਟਿਡ ਪੁਣੇ ਦੇ ਕਾਰਜਕਾਰੀ ਨਿਰਦੇਸ਼ਕ ਅਨਿਲ ਕੁਮਾਰ ਅਤੇ 'ਮੈਸਰਜ਼ ਐੱਸ.ਐੱਮ.ਪੀ.ਪੀ. ਲਿਮਟਿਡ ਕੰਪਨੀ' ਦੇ ਡਾਇਰੈਕਟਰ/ਪ੍ਰਮੋਟਰ ਆਸ਼ੀਸ਼ ਕਾਂਸਲ ਸਮੇਤ ਛੇ ਜਣਿਆਂ 'ਤੇ ਕੇਸ ਦਰਜ ਕੀਤਾ ਹੈ। ਸੀ.ਬੀ.ਆਈ. ਵੱਲੋਂ ਜਾਰੀ ਬਿਆਨ ਅਨੁਸਾਰ, ਕਾਰਜਕਾਰੀ ਨਿਰਦੇਸ਼ਕ ਅਨਿਲ ਕੁਮਾਰ ਪੁਣੇ ਦਫ਼ਤਰ 'ਚ ਤਾਇਨਾਤੀ ਦੌਰਾਨ ਐੱਮ.ਆਈ.ਐੱਲ. ਦੀ ਰੱਖਿਆ ਉਤਪਾਦਨ, ਖ਼ਰੀਦ ਅਤੇ ਹੋਰ ਰਣਨੀਤਕ ਤੌਰ 'ਤੇ ਅਹਿਮ ਸੰਵੇਦਨਸ਼ੀਲ ਜਾਣਕਾਰੀ ਲੀਕ ਕਰ ਰਹੇ ਸਨ। ਕਾਰਜਕਾਰੀ ਨਿਰਦੇਸ਼ਕ ਅਨਿਲ ਕੁਮਾਰ ਵੱਲੋਂ ਠੇਕੇਦਾਰਾਂ ਜਾਂ ਕੁੱਝ ਨਿੱਜੀ ਵਿਕਰੇਤਾਵਾਂ ਨਾਲ ਸੰਵੇਦਨਸ਼ੀਲ ਜਾਣਕਾਰੀ ਸਾਂਝੀ ਕਰਨ ਬਦਲੇ ਨਾਜਾਇਜ਼ ਰਿਸ਼ਵਤ ਦੀ ਮੰਗ ਕੀਤੀ ਜਾਂਦੀ ਸੀ ਅਤੇ ਇਹ ਸੂਚਨਾ ਲੀਕ ਹੋਣ ਨਾਲ ਕੌਮੀ ਸੁਰੱਖਿਆ ਖ਼ਤਰੇ 'ਚ ਪੈ ਸਕਦੀ ਸੀ। ਰਾਮਪੁਰਾ ਫੂਲ ਦੇ ਆਸ਼ੀਸ਼ ਕਾਂਸਲ ਨੇ 500 ਕਰੋੜ ਦੇ ਸਰਕਾਰੀ ਠੇਕੇ ਦੇ ਸਬੰਧ 'ਚ ਅਨਿਲ ਕੁਮਾਰ ਨਾਲ ਨਿਯਮਤ ਸੰਪਰਕ ਬਣਾਇਆ ਹੋਇਆ ਸੀ। ਕਾਂਸਲ ਦੀ ਕੰਪਨੀ ਦਾ ਕਰਮਚਾਰੀ ਰਵਿਤ ਕੁਮਾਰ ਤਿਵਾੜੀ ਵੀ ਅਨਿਲ ਕੁਮਾਰ ਦੇ ਸੰਪਰਕ 'ਚ ਸੀ। ਅਨਿਲ ਕੁਮਾਰ ਨੂੰ 12 ਅਕਤੂਬਰ ਨੂੰ ਆਸ਼ੀਸ਼ ਕੁਮਾਰ ਤੋਂ ਭਾਰੀ ਰਿਸ਼ਵਤ ਮਿਲਣ ਦੀ ਸੰਭਾਵਨਾ ਸੀ।

## ਗ੍ਰਹਿ ਮੰਤਰੀ ਅਮਿਤ ਸ਼ਾਹ ਪੰਜਾਬ ਦੌਰੇ ਦੌਰਾਨ ਲੁਧਿਆਣਾ 'ਚ ਮਨਾਉਣਗੇ ਦੁਸਹਿਰਾ

**ਲੁਧਿਆਣਾ, 19 ਦਸੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੇਂਦਰੀ ਗ੍ਰਹਿ ਮੰਤਰੀ ਅਤੇ ਸੀਨੀਅਰ ਭਾਜਪਾ ਆਗੂ ਅਮਿਤ ਸ਼ਾਹ ਭਲਕੇ ਦੁਸਹਿਰੇ ਦਾ ਤਿਉਹਾਰ ਮਨਾਉਣ ਲਈ ਲੁਧਿਆਣਾ ਪਹੁੰਚ ਰਹੇ ਹਨ। ਉਹ ਇੱਥੋਂ ਦੇ ਇਤਿਹਾਸਕ ਤੇ ਪ੍ਰਸਿੱਧ ਦਰੇਸੀ ਗਰਾਊਂਡ ਵਿਖੇ ਹੋਣ ਵਾਲੇ ਦੁਸਹਿਰਾ ਸਮਾਗਮ ਵਿੱਚ ਮੁੱਖ ਤੌਰ 'ਤੇ ਸ਼ਿਰਕਤ ਕਰਨਗੇ।



ਭਾਜਪਾ ਦੇ ਬੁਲਾਰੇ ਅਨਿਲ ਸਰੀਨ ਨੇ ਇਸ ਦੌਰੇ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਉਨ੍ਹਾਂ ਦੇ ਪ੍ਰੋਗਰਾਮ ਨੂੰ ਹਾਲ ਹੀ ਵਿੱਚ ਅੰਤਿਮ ਰੂਪ ਦਿੱਤਾ ਗਿਆ ਹੈ। ਮਿਲੀ ਜਾਣਕਾਰੀ ਅਨੁਸਾਰ ਕੇਂਦਰੀ ਗ੍ਰਹਿ ਮੰਤਰੀ ਦਾ ਚਾਰਟਰਡ ਜਹਾਜ਼ ਸ਼ਾਮ ਕਰੀਬ 4:30 ਵਜੇ ਹਲਵਾਰਾ ਹਵਾਈ ਅੱਡੇ 'ਤੇ ਉਤਰੇਗਾ। ਸ਼ਾਮ 5:00 ਵਜੇ ਉਹ ਹਲਵਾਰਾ ਹਵਾਈ ਅੱਡੇ 'ਤੇ ਮੀਡੀਆ ਨਾਲ ਗੱਲਬਾਤ ਕਰਨਗੇ। ਇਸ ਉਪਰੰਤ ਉਹ ਸਿੱਧਾ ਦਰੇਸੀ ਗਰਾਊਂਡ ਪਹੁੰਚਣਗੇ ਅਤੇ ਦੁਸਹਿਰੇ ਦੇ ਜਸ਼ਨਾਂ ਵਿੱਚ ਹਿੱਸਾ ਲੈਣਗੇ। ਸਮਾਗਮ ਦੀ ਸਮਾਪਤੀ ਤੋਂ ਤੁਰੰਤ ਬਾਅਦ ਸ਼ਾਹ ਉਸੇ ਸ਼ਾਮ ਵਾਪਸ ਦਿੱਲੀ ਲਈ ਰਵਾਨਾ ਹੋ ਜਾਣਗੇ।

ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਅਮਿਤ ਸ਼ਾਹ ਦੇ ਇਸ ਅਚਨਚੇਤ ਦੌਰੇ ਨੇ ਸੂਬਾ ਅਤੇ ਸਥਾਨਕ ਭਾਜਪਾ ਲੀਡਰਸ਼ਿਪ ਨੂੰ ਪੂਰੀ ਤਰ੍ਹਾਂ ਸਰਗਰਮ ਕਰ ਦਿੱਤਾ ਹੈ।

ਪਾਰਟੀ ਦੇ ਸਮੂਹ ਆਗੂ ਇਸ ਦੌਰੇ ਦੀਆਂ ਤਿਆਰੀਆਂ ਵਿੱਚ ਜੁੱਟ ਗਏ ਹਨ। ਸਿਆਸੀ ਮਾਹਿਰਾਂ ਅਤੇ ਪਾਰਟੀ ਆਗੂਆਂ ਮੁਤਾਬਕ ਆਉਣ ਵਾਲੀਆਂ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਅਮਿਤ ਸ਼ਾਹ ਦਾ ਇਹ ਦੌਰਾ ਆਮ ਲੋਕਾਂ ਅਤੇ ਭਾਜਪਾ ਕਾਡਰ ਦੋਵਾਂ ਲਈ ਕਾਫ਼ੀ ਅਹਿਮ ਮੰਨਿਆ ਜਾ ਰਿਹਾ ਹੈ।

## ਮੁੱਖ ਮੰਤਰੀ ਭਗਵੰਤ ਮਾਨ ਦੇ ਓਐੱਸਡੀ ਰਾਜਬੀਰ ਘੁੰਮਣ ਸੀਬੀਆਈ ਅੱਗੇ ਹੋਏ ਪੇਸ਼

**ਚੰਡੀਗੜ੍ਹ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐੱਸਡੀ ਰਾਜਬੀਰ ਸਿੰਘ ਘੁੰਮਣ ਅੱਜ ਨਿਰਧਾਰਿਤ ਸਮੇਂ ਅਨੁਸਾਰ ਕੇਂਦਰੀ ਜਾਂਚ ਬਿਊਰੋ ਸੀਬੀਆਈ ਅੱਗੇ ਪੁੱਛਗਿੱਛ ਲਈ ਪੇਸ਼ ਹੋਏ। ਮੁੱਖ ਮੰਤਰੀ ਭਗਵੰਤ ਮਾਨ ਦੇ ਓਐੱਸਡੀ ਰਾਜਬੀਰ ਸਿੰਘ ਘੁੰਮਣ ਅੱਜ ਦੂਜੀ ਵਾਰ ਸੀ ਬੀ ਆਈ ਅੱਗੇ ਪੇਸ਼ ਹੋਏ। ਇਸ ਤੋਂ ਪਹਿਲਾਂ ਵੀ ਸੀ ਬੀ ਆਈ ਉਹਨਾਂ ਤੋਂ ਕਰੀਬ ਛੇ ਘੰਟੇ ਪੁੱਛਗਿੱਛ ਕਰ ਚੁੱਕੀ ਹੈ ।ਅੱਜ ਰਾਜਬੀਰ ਸਿੰਘ ਘੁੰਮਣ 2 ਵਜੇ ਸੀਬੀਆਈ ਦੇ ਦਫ਼ਤਰ ਪੁੱਜੇ।



ਦੱਸਣਯੋਗ ਹੈ ਕਿ ਇਸ ਮਾਮਲੇ ਵਿੱਚ ਸੁਪਰੀਮ ਕੋਰਟ ਨੇ ਓਐੱਸਡੀ ਰਾਜਬੀਰ ਸਿੰਘ ਘੁੰਮਣ ਖ਼ਿਲਾਫ਼ ਦਰਜ ਭ੍ਰਿਸ਼ਟਾਚਾਰ ਦੇ ਕੇਸ ਵਿੱਚ ਸੀਬੀਆਈ ਨੂੰ ਕੋਈ ਵੀ ਸਖ਼ਤ ਕਾਰਵਾਈ ਕਰਨ ਤੋਂ ਰੋਕਿਆ ਹੋਇਆ ਹੈ। ਹਾਲਾਂਕਿ, ਸੁਪਰੀਮ ਕੋਰਟ ਨੇ ਮਾਮਲੇ ਦੀ ਚੱਲ ਰਹੀ ਜਾਂਚ ਅਤੇ ਦਰਜ ਐੱਫ ਆਈ ਆਰ 'ਤੇ ਰੋਕ ਲਗਾਉਣ ਤੋਂ ਸਾਫ਼ ਇਨਕਾਰ ਕਰ ਦਿੱਤਾ ਸੀ ਅਤੇ ਉਨ੍ਹਾਂ ਨੂੰ ਪੁੱਛਗਿੱਛ ਵਿੱਚ ਸ਼ਾਮਲ ਹੋਣ ਦੇ ਹੁਕਮ ਦਿੱਤੇ ਸਨ।

ਜ਼ਿਕਰਯੋਗ ਹੈ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ 5 ਅਕਤੂਬਰ ਨੂੰ ਇਸ ਭ੍ਰਿਸ਼ਟਾਚਾਰ ਮਾਮਲੇ ਦੀ ਸੀਬੀਆਈ ਜਾਂਚ ਦੇ ਹੁਕਮ ਦਿੱਤੇ ਸਨ ਅਤੇ ਦੋ ਮਹੀਨਿਆਂ ਵਿੱਚ ਰਿਪੋਰਟ ਮੰਗੀ ਸੀ।

ਇਸ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਨੇ 6 ਅਕਤੂਬਰ ਨੂੰ ਹੀ ਸੁਪਰੀਮ ਕੋਰਟ ਵਿੱਚ ਸਪੈਸ਼ਲ ਲੀਵ ਪਟੀਸ਼ਨ (ਐੱਸ ਐੱਲ ਪੀ) ਦਾਇਰ ਕਰ ਦਿੱਤੀ ਸੀ।

ਦੱਸਣਯੋਗ ਹੈ ਕਿ ਹਾਈ ਕੋਰਟ ਦੇ ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਬੈਂਚ ਨੇ 5 ਅਕਤੂਬਰ ਨੂੰ ਜਾਂਚ ਸੀਬੀਆਈ ਦੇ ਹਵਾਲੇ ਕਰਦਿਆਂ ਪੰਜਾਬ ਪੁਲੀਸ ਨੂੰ ਸੀ ਬੀ ਆਈ ਨਾਲ ਸਹਿਯੋਗ ਕਰਨ ਲਈ ਕਿਹਾ ਸੀ।ਸੀਬੀਆਈ ਨੇ 5 ਅਕਤੂਬਰ ਦੀ ਰਾਤ ਨੂੰ ਹੀ ਰਾਜਬੀਰ ਘੁੰਮਣ ਸਮੇਤ ਅੱਧੀ ਦਰਜਨ ਵਿਅਕਤੀਆਂ ਖ਼ਿਲਾਫ਼ ਐੱਫਆਈਆਰ ਦਰਜ ਕਰ ਲਈ ਸੀ। ਇਸ ਮਾਮਲੇ ਵਿੱਚ ਤਬਾਦਲਿਆਂ, ਤਾਇਨਾਤੀਆਂ ਅਤੇ ਟੈਂਡਰਾਂ ਵਿੱਚ ਗੜਬੜ ਦੇ ਗੰਭੀਰ ਦੋਸ਼ ਲੱਗੇ ਹਨ।

## ਸਿਹਤ ਮੰਤਰੀ ਨੇ ਪਿੰਡ ਜੱਸੋਵਾਲ ਵਿਖੇ 286 ਪਰਿਵਾਰਾਂ ਨੂੰ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਮਾਲਕੀ ਹੱਕ ਸਰਟੀਫਿਕੇਟ ਵੰਡੇ



**ਪਟਿਆਲਾ, 19 ਅਕਤੂਬਰ**
**-ਜੀ. ਐਸ. ਤੁੰਗ-**

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਅੱਜ ਪਟਿਆਲਾ ਦਿਹਾਤੀ ਹਲਕੇ ਦੇ ਪਿੰਡ ਜੱਸੋਵਾਲ ਵਿਖੇ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ 286 ਪਰਿਵਾਰਾਂ ਨੂੰ ਮਾਲਕੀ ਹੱਕ ਸਰਟੀਫਿਕੇਟ ਵੰਡਣ ਲਈ ਪਹੁੰਚੇ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਲਾਭਪਾਤਰੀ ਪਰਿਵਾਰਾਂ ਨੂੰ ਆਪਣੇ ਘਰਾਂ ਦੇ ਮਾਲਕੀ ਹੱਕ ਪ੍ਰਾਪਤ ਹੋਣ 'ਤੇ ਵਧਾਈ ਦਿੱਤੀ।

ਇਸ ਮੌਕੇ ਡਾ. ਬਲਬੀਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਅਤੇ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਵੱਖ-ਵੱਖ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ, ਮੁੱਖ ਮੰਤਰੀ ਸਿਹਤ ਯੋਜਨਾ, ਰਾਸ਼ਨ ਕਿੱਟਾਂ ਦੀ ਸਹੂਲਤ ਅਤੇ ਪਿੰਡਾਂ ਵਿੱਚ ਖੇਡ ਮੈਦਾਨਾਂ ਦੀ ਉਸਾਰੀ ਵਰਗੇ ਕੰਮ ਕੀਤੇ ਗਏ ਹਨ। ਇਸ ਤੋਂ ਇਲਾਵਾ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਵੀ ਉਪਰਾਲੇ ਕੀਤੇ ਗਏ ਹਨ।

ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਦੇ ਨਾਲ ਖੜ੍ਹੀ ਹੈ ਅਤੇ ਵਪਾਰੀਆਂ, ਮੁਲਾਜ਼ਮਾਂ ਤੇ ਉਦਯੋਗਿਕ ਖੇਤਰ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਕੰਮ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਉਦਯੋਗਾਂ ਨੂੰ ਉਤਸ਼ਾਹਿਤ ਕਰਨ ਅਤੇ ਨਵੇਂ ਉਦਯੋਗ ਸਥਾਪਤ ਕਰਕੇ ਰੁਜ਼ਗਾਰ ਦੇ ਹੋਰ ਮੌਕੇ ਪੈਦਾ ਕਰਨ ਲਈ ਯਤਨ ਕੀਤੇ ਜਾਣਗੇ।

ਸਿਹਤ ਮੰਤਰੀ ਨੇ ਕਿਹਾ ਕਿ ਆਪਣੇ ਘਰ ਦੀ ਮਾਲਕੀ ਮਿਲਣਾ ਹਰ ਪਰਿਵਾਰ ਲਈ ਖ਼ੁਸ਼ੀ ਅਤੇ ਮਾਣ ਵਾਲੀ ਗੱਲ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਮਾਲਕੀ ਹੱਕ ਸਰਟੀਫਿਕੇਟ ਮਿਲਣ ਨਾਲ ਲਾਭਪਾਤਰੀ ਪਰਿਵਾਰਾਂ ਨੂੰ ਆਪਣੇ ਘਰਾਂ ਸਬੰਧੀ ਸੁਰੱਖਿਆ ਅਤੇ ਹੱਕਾਂ ਦੀ ਮਾਨਤਾ ਮਿਲੇਗੀ।

ਇਸ ਮੌਕੇ ਪਿੰਡ ਵਾਸੀਆਂ ਅਤੇ ਲਾਭਪਾਤਰੀ ਪਰਿਵਾਰਾਂ ਵਿੱਚ ਖ਼ੁਸ਼ੀ ਦਾ ਮਾਹੌਲ ਰਿਹਾ।

## ਪੰਜਾਬ ਐਂਡ ਸਿੰਧ ਬੈਂਕ ਦੇ ਚੀਫ਼ ਮੈਨੇਜਰ ਭੁਪਿੰਦਰ ਸਿੰਘ ਦੀ ਮੌਤ ਦੀ ਵਿਸ਼ੇਸ਼ ਜਾਂਚ ਦੀ ਮੰਗ

**ਚੰਡੀਗੜ੍ਹ, 19 ਅਕਤੂਬਰ**
**-ਜੀ. ਐਸ. ਤੁੰਗ-**

ਪੰਜਾਬ ਐਂਡ ਸਿੰਧ ਬੈਂਕ ਦੀ ਏਅਰੋਸਿਟੀ ਸ਼ਾਖਾ ਵਿੱਚ ਤਾਇਨਾਤ ਚੀਫ਼ ਮੈਨੇਜਰ ਭੁਪਿੰਦਰ ਸਿੰਘ ਦੀ 15 ਅਕਤੂਬਰ 2026 ਨੂੰ ਹੋਈ ਮੌਤ ਦੇ ਮਾਮਲੇ ਵਿੱਚ ਆਲ ਇੰਡੀਆ ਪੰਜਾਬ ਐਂਡ ਸਿੰਧ ਬੈਂਕ ਆਫ਼ੀਸਰਜ਼ ਯੂਨੀਅਨ ਨੇ ਸੁਤੰਤਰ ਅਤੇ ਵਿਸ਼ੇਸ਼ ਜਾਂਚ ਦੀ ਮੰਗ ਕੀਤੀ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ, ਉਨ੍ਹਾਂ ਦੀ ਲਾਸ਼ ਚੂਨੀ ਕਲਾਂ ਨੇੜੇ ਕਾਰ ਵਿੱਚੋਂ ਮਿਲੀ ਸੀ। ਯੂਨੀਅਨ ਮੁਤਾਬਕ, ਚੰਡੀਗੜ੍ਹ ਦੀ ਸੈਕਟਰ-22 ਸ਼ਾਖਾ ਵਿੱਚ ਤਾਇਨਾਤੀ ਦੌਰਾਨ ਭੁਪਿੰਦਰ ਸਿੰਘ ਕੋਲ ਵੱਡੇ ਕਰਜ਼ਾ ਪ੍ਰਸਤਾਵ ਲਿਆਉਣ ਵਾਲੇ ਇੱਕ ਵਿਚੋਲੇ ਨੇ ਕਥਿਤ ਤੌਰ 'ਤੇ ਉਨ੍ਹਾਂ 'ਤੇ ਕੁਝ ਕਰਜ਼ੇ ਮਨਜ਼ੂਰ ਕਰਨ ਲਈ ਦਬਾਅ ਪਾਇਆ ਸੀ। ਯੂਨੀਅਨ ਦਾ ਦੋਸ਼ ਹੈ ਕਿ ਕੁਝ ਕਰਜ਼ਾ ਖਾਤੇ ਐੱਨਪੀਏ ਬਣ ਗਏ ਅਤੇ ਬਾਅਦ ਵਿੱਚ ਪੁਰਾਣੇ ਲੈਣ-ਦੇਣ ਨੂੰ ਸੰਭਾਲਣ ਲਈ ਕਥਿਤ ਕਾਲਪਨਿਕ ਲੈਣ-ਦੇਣ ਰਾਹੀਂ ਹੋਰ ਕਰਜ਼ੇ ਜਾਰੀ ਕੀਤੇ ਗਏ। ਯੂਨੀਅਨ ਨੇ ਇਹ ਵੀ ਦਾਅਵਾ ਕੀਤਾ ਹੈ ਕਿ ਭੁਪਿੰਦਰ ਸਿੰਘ ਨੇ ਕਰਜ਼ਾ ਖਾਤਿਆਂ ਨਾਲ ਜੁੜੀਆਂ ਵਿੱਤੀ ਜ਼ਿੰਮੇਵਾਰੀਆਂ ਲਈ ਆਪਣੀ ਨਿੱਜੀ ਰਕਮ ਵਿੱਚੋਂ ਲਗਭਗ 25 ਲੱਖ ਰੁਪਏ ਜਮ੍ਹਾਂ ਕਰਵਾਏ ਸਨ। ਇਸ ਰਕਮ ਦੇ ਸਰੋਤ, ਵਰਤੋਂ ਅਤੇ ਲਾਭਪਾਤਰੀਆਂ ਦੀ ਜਾਂਚ ਕਰਵਾਉਣ ਦੀ ਮੰਗ ਕੀਤੀ ਗਈ ਹੈ।

ਮਾਮਲੇ ਵਿੱਚ ਇੱਕ ਟਾਈਪ ਕੀਤੇ ਸੁਸਾਈਡ ਨੋਟ ਵਿੱਚ ਕਥਿਤ ਤੌਰ 'ਤੇ ਸੱਤ ਵਿਅਕਤੀਆਂ ਦਾ ਜ਼ਿਕਰ ਹੋਣ ਦੀ ਗੱਲ ਵੀ ਸਾਹਮਣੇ ਆਈ ਹੈ। ਯੂਨੀਅਨ ਨੇ ਨੋਟ ਦੀ ਫੋਰੈਂਸਿਕ ਜਾਂਚ, ਕਰਜ਼ਾ ਮਨਜ਼ੂਰੀਆਂ, ਬੈਂਕ ਰਿਕਾਰਡਾਂ, ਆਡਿਟ ਰਿਪੋਰਟਾਂ ਅਤੇ ਸਬੰਧਤ ਸੰਚਾਰ ਦੀ ਪੜਤਾਲ ਕਰਨ ਦੀ ਅਪੀਲ ਕੀਤੀ ਹੈ। ਯੂਨੀਅਨ ਨੇ ਸੀਨੀਅਰ ਪੁਲਿਸ ਅਧਿਕਾਰੀ ਦੀ ਨਿਗਰਾਨੀ ਹੇਠ ਸੁਤੰਤਰ ਜਾਂਚ ਟੀਮ ਬਣਾਉਣ ਅਤੇ ਸੰਭਾਵਿਤ ਵਿੱਤੀ ਧੋਖਾਧੜੀ, ਦਬਾਅ, ਧਮਕੀਆਂ ਜਾਂ ਅਪਰਾਧਿਕ ਸਾਜ਼ਿਸ਼ ਦੇ ਪਹਿਲੂਆਂ ਦੀ ਜਾਂਚ ਕਰਨ ਦੀ ਮੰਗ ਕੀਤੀ ਹੈ। ਯੂਨੀਅਨ ਨੇ ਸਪੱਸ਼ਟ ਕੀਤਾ ਕਿ ਸਬੂਤਾਂ ਦੀ ਜਾਂਚ ਤੋਂ ਪਹਿਲਾਂ ਕਿਸੇ ਨੂੰ ਦੋਸ਼ੀ ਨਹੀਂ ਮੰਨਿਆ ਜਾਣਾ ਚਾਹੀਦਾ। ਇਨ੍ਹਾਂ ਦੋਸ਼ਾਂ ਦੀ ਸੁਤੰਤਰ ਪੁਸ਼ਟੀ ਹੋਣੀ ਅਜੇ ਬਾਕੀ ਹੈ।

## ਟਾਈਗਰ ਸ਼ਰੌਫ ਮਾਮਲਾ ; ਮੁੰਬਈ ਪੁਲੀਸ ਨੇ ਕੋਟਾ ਤੋਂ ਦਬੋਚੇ ਤਿੰਨ ਸ਼ੱਕੀ; ਬਿਸ਼ਨੋਈ ਗੈਂਗ ਨਾਲ ਜੁੜੇ ਤਾਰ

**ਮੁੰਬਈ/ਜੈਪੁਰ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬੌਲੀਵੁੱਡ ਅਦਾਕਾਰ ਟਾਈਗਰ ਸ਼ਰੌਫ ਦੀ ਕਾਰ ਉੱਤੇ ਹੋਈ ਗੋਲੀਬਾਰੀ ਦੇ ਮਾਮਲੇ ਵਿੱਚ ਪੁਲੀਸ ਨੇ ਵੱਡੀ ਕਾਰਵਾਈ ਕਰਦਿਆਂ ਸੋਮਵਾਰ ਨੂੰ ਰਾਜਸਥਾਨ ਦੇ ਕੋਟਾ ਸ਼ਹਿਰ ਵਿੱਚੋਂ ਪੁਣੇ-ਜੈਪੁਰ ਸੁਪਰਫਾਸਟ ਐਕਸਪ੍ਰੈੱਸ ਵਿੱਚੋਂ ਤਿੰਨ ਸ਼ੱਕੀਆਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ, ਜਿਨ੍ਹਾਂ ਵਿੱਚ ਇੱਕ ਨਾਬਾਲਗ ਵੀ ਸ਼ਾਮਲ ਹੈ।



ਕੋਟਾ ਦੀ ਪੁਲੀਸ ਕਮਿਸ਼ਨਰ (ਐੱਸ.ਪੀ.) ਤੇਜਸਵਨੀ ਗੌਤਮ ਨੇ ਪ੍ਰੈੱਸ ਕਾਨਫਰੰਸ ਵਿੱਚ ਦੱਸਿਆ ਕਿ ਫੜੇ ਗਏ ਮੁਲਜ਼ਮਾਂ ਵਿੱਚੋਂ ਇੱਕ ਜਣਾ ਅਨਿਲ ਪੰਡਿਤ ਦੇ ਸੰਪਰਕ ਵਿੱਚ ਸੀ, ਜੋ ਕਿ ਲਾਰੈਂਸ ਬਿਸ਼ਨੋਈ ਗੈਂਗ ਦਾ ਕਥਿਤ ਸਾਥੀ ਹੈ। ਜ਼ਿਕਰਯੋਗ ਹੈ ਕਿ ਇਸੇ ਗੈਂਗ ਨੇ ਐਤਵਾਰ ਨੂੰ ਹੋਏ ਹਮਲੇ ਦੀ ਜ਼ਿੰਮੇਵਾਰੀ ਲਈ ਸੀ। ਕੋਟਾ ਪੁਲੀਸ ਨੇ ਰੇਲਵੇ ਸਟੇਸ਼ਨ 'ਤੇ 15 ਮਿੰਟ ਦੇ ਛੋਟੇ ਜਿਹੇ ਅਪਰੇਸ਼ਨ ਦੌਰਾਨ ਤਿੰਨਾਂ ਨੂੰ ਕਾਬੂ ਕੀਤਾ। ਪੁਲੀਸ ਮੁਤਾਬਕ ਇਹ ਸਾਰੇ ਭੱਜ ਕੇ ਨੇਪਾਲ ਜਾਣ ਦੀ ਫਿਰਾਕ ਵਿੱਚ ਸਨ।

ਮੁਲਜ਼ਮਾਂ ਦੀ ਪਛਾਣ ਬਿਹਾਰ ਦੇ ਬੇਗੂਸਰਾਏ ਦੇ ਰਹਿਣ ਵਾਲੇ ਰਿਤਿਕ ਉਰਫ਼ ਰੋਸ਼ਨ ਅਤੇ ਹਰਿਆਣਾ ਦੇ ਸੋਨੀਪਤ ਦੇ ਰਿਹਾਨ ਵਜੋਂ ਹੋਈ ਹੈ। ਮੁੱਢਲੀ ਪੁੱਛਗਿੱਛ ਵਿੱਚ ਸਾਹਮਣੇ ਆਇਆ ਕਿ ਇਹ ਲੋਕ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਟਰੇਨ ਵਿੱਚ ਸਵਾਰ ਹੋਏ ਸਨ ਅਤੇ ਜੈਪੁਰ ਤੋਂ ਬੱਸ ਰਾਹੀਂ ਦਿੱਲੀ ਜਾ ਕੇ ਸਰਹੱਦ ਪਾਰ ਕਰਨਾ ਚਾਹੁੰਦੇ ਸਨ। ਹਾਲਾਂਕਿ, ਇਨ੍ਹਾਂ ਕੋਲੋਂ ਕੋਈ ਹਥਿਆਰ ਬਰਾਮਦ ਨਹੀਂ ਹੋਇਆ।

## ਨੌਜਵਾਨ ਖਿਡਾਰੀ ਅੰਤਰਰਾਸ਼ਟਰੀ ਪੱਧਰ 'ਤੇ ਸੂਬੇ ਦਾ ਨਾਮ ਰੌਸ਼ਨ ਕਰ ਰਹੇ ਹਨ: ਡਾ. ਹਿਮਾਂਸ਼ੂ ਅਗਰਵਾਲ

**ਪਟਿਆਲਾ, 19 ਅਕਤੂਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਖੇਡਾਂ ਅਤੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਸਦਕਾ ਸੂਬੇ ਦੇ ਨੌਜਵਾਨ ਖਿਡਾਰੀ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾ ਰਹੇ ਹਨ। ਇਸੇ ਲੜੀ ਤਹਿਤ ਜੂਨੀਅਰ ਵਿਸ਼ਵ ਬੈਡਮਿੰਟਨ ਚੈਂਪੀਅਨਸ਼ਿਪ ਵਿੱਚ ਕਾਂਸੀ ਦਾ ਤਗ਼ਮਾ ਜਿੱਤ ਕੇ ਦੇਸ਼ ਅਤੇ ਪਟਿਆਲਾ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਨ ਵਾਲੇ ਹੋਣਹਾਰ ਖਿਡਾਰੀ ਜਗਸ਼ੇਰ ਸਿੰਘ ਨੂੰ ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਜਗਸ਼ੇਰ ਸਿੰਘ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੰਦਿਆਂ ਕਿਹਾ ਕਿ ਅੰਤਰਰਾਸ਼ਟਰੀ ਪੱਧਰ 'ਤੇ ਤਗਮਾ ਜਿੱਤਣਾ ਬਹੁਤ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਜਗਸ਼ੇਰ ਸਿੰਘ ਦੀ ਇਹ ਪ੍ਰਾਪਤੀ ਉਸ ਦੀ ਸਖ਼ਤ ਮਿਹਨਤ, ਲਗਨ ਅਤੇ ਖੇਡ ਪ੍ਰਤੀ ਸਮਰਪਣ ਦਾ ਨਤੀਜਾ ਹੈ। ਅਜਿਹੀਆਂ ਪ੍ਰਾਪਤੀਆਂ ਨਾਲ ਖਿਡਾਰੀ ਦੇ ਮਾਪਿਆਂ ਅਤੇ ਕੋਚ ਦਾ ਮਾਣ ਵਧਣ ਦੇ ਨਾਲ-ਨਾਲ ਹੋਰਨਾਂ ਨੌਜਵਾਨਾਂ ਨੂੰ ਵੀ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਨਾ ਮਿਲਦੀ ਹੈ।



ਡਾ. ਹਿਮਾਂਸ਼ੂ ਅਗਰਵਾਲ ਨੇ ਜਗਸ਼ੇਰ ਸਿੰਘ ਨੂੰ ਭਵਿੱਖ ਵਿੱਚ ਵੀ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਆਪਣੀਆਂ ਖੇਡ ਗਤੀਵਿਧੀਆਂ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਆਸ ਪ੍ਰਗਟਾਈ ਕਿ ਜਗਸ਼ੇਰ ਸਿੰਘ ਆਉਣ ਵਾਲੇ ਸਮੇਂ ਵਿੱਚ ਵੀ ਆਪਣੀਆਂ ਸ਼ਾਨਦਾਰ ਖੇਡ ਪ੍ਰਾਪਤੀਆਂ ਨਾਲ ਦੇਸ਼ ਅਤੇ ਸੂਬੇ ਦਾ ਨਾਮ ਹੋਰ ਰੌਸ਼ਨ ਕਰੇਗਾ।

ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਅਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਉਤਸ਼ਾਹਿਤ ਕਰਨਾ ਬਹੁਤ ਜ਼ਰੂਰੀ ਹੈ। ਜਗਸ਼ੇਰ ਸਿੰਘ ਵਰਗੇ ਹੋਣਹਾਰ ਖਿਡਾਰੀ ਹੋਰਨਾਂ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਹਨ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਜ਼ਿਲ੍ਹੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਹਾਈ ਹੋਣਗੀਆਂ।

ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ ਨੇ ਦਸਿਆ ਕਿ ਜਗਸ਼ੇਰ ਸਿੰਘ ਨੂੰ ਇਸ ਤੋਂ ਪਹਿਲਾਂ ਵੀ ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਵੱਲੋਂ ਉਸ ਦੀਆਂ ਖੇਡ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਜਾ ਚੁੱਕਾ ਹੈ। ਅੰਤਰਰਾਸ਼ਟਰੀ ਪੱਧਰ 'ਤੇ ਕਾਂਸੀ ਦਾ ਤਗ਼ਮਾ ਜਿੱਤ ਕੇ ਉਸ ਨੇ ਇੱਕ ਵਾਰ ਫਿਰ ਆਪਣੀ ਪ੍ਰਤਿਭਾ ਅਤੇ ਮਿਹਨਤ ਦਾ ਸਬੂਤ ਦਿੱਤਾ ਹੈ।

## ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 1ਲੱਖ 53 ਹਜਾਰ 866 ਮੀਟਰਕ ਟਨ ਝੌਨੇ ਦੀ ਕੀਤੀ ਗਈ ਖਰੀਦ:ਡਿਪਟੀ ਕਮਿਸ਼ਨਰ

**ਫ਼ਤਹਿਗੜ੍ਹ ਸਾਹਿਬ, 19 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਝੋਨੇ ਦੀ ਖਰੀਦ ਲਈ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ 01 ਲੱਖ 59 ਹਜ਼ਾਰ 648 ਮੀਟਰਕ ਟਨ ਝੌਨੇ ਦੀ ਆਮਦ ਹੋਈ ਹੈ ਜਿਸ ਵਿੱਚੋਂ ਵੱਖ-ਵੱਖ ਸਰਕਾਰੀ ਖਰੀਦ ਏਜੰਸੀਆਂ ਵੱਲੋਂ 01 ਲੱਖ 53 ਹਜਾਰ 866 ਮੀਟਰਕ ਟਨ ਝੌਨੇ ਦੀ ਖਰੀਦ ਕੀਤੀ ਗਈ ਹੈ। ਖਰੀਦੇ ਗਏ ਝੌਨੇ ਦੀ 24 ਘੰਟੇ ਅੰਦਰ ਅਦਾਇਗੀ ਕਰਨ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਆਦੇਸ਼ਾਂ ਅਨੁਸਾਰ ਹੁਣ ਤੱਕ ਜ਼ਿਲ੍ਹੇ ਦੇ ਕਿਸਾਨਾਂ ਦੇ ਖਾਤਿਆਂ ਵਿੱਚ 344.62 ਕਰੋੜ ਰੁਪਏ ਜਮ੍ਹਾਂ ਕਰਵਾਏ ਗਏ ਹਨ



ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਨੇ ਦਿੱਤੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਖਰੀਦੇ ਗਏ ਝੌਨੇ ਵਿੱਚੋਂ ਪਨਗ੍ਰੇਨ ਵੱਲੋਂ 71828 ਮੀਟਰਕ ਟਨ, ਮਾਰਕਫੈੱਡ ਵੱਲੋਂ 29330 ਮੀਟਰਕ ਟਨ, ਪਨਸਪ ਵੱਲੋਂ 33254 ਮੀਟਰਕ ਟਨ, ਵੇਅਰ ਹਾਊਸ ਵੱਲੋਂ 16036 ਮੀਟਰਕ ਟਨ,ਐਫ.ਸੀ.ਆਈ ਵੱਲੋਂ 3004 ਮੀਟਰਕ ਟਨ ਅਤੇ ਵਪਾਰੀਆਂ ਵੱਲੋਂ 413 ਮੀਟਰਕ ਟਨ ਝੌਨੇ ਦੀ ਖਰੀਦ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਝੌਨਾ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਫਸਲ ਵੇਚਣ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਇਹ ਅਪੀਲ ਵੀ ਕੀਤੀ ਕਿ ਵਾਤਾਵਰਣ ਪ੍ਰਦੂਸ਼ਣ ਨੂੰ ਠੱਲ ਪਾਉਣ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਲਈ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ ਤਾਂ ਜੋ ਵਾਤਾਵਰਣ ਪ੍ਰਦੂਸ਼ਣ ਦਾ ਖਾਤਮਾ ਕੀਤਾ ਜਾ ਸਕੇ।








ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।




## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਬੇਬੇ ਨਾਨਕੀ ਗਰਲਜ਼ ਹੋਸਟਲ ਵਿਖੇ ਵਿਦਿਆਰਥਣਾਂ ਨੂੰ ਦਿੱਤੀ ਜਾਵੇਗੀ ਗੱਤਕੇ ਦੀ ਵਿਸ਼ੇਸ਼ ਸਿਖਲਾਈ

**ਫ਼ਤਹਿਗੜ੍ਹ ਸਾਹਿਬ, 19 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਬੇਬੇ ਨਾਨਕੀ ਗਰਲਜ਼ ਹੋਸਟਲ ਵਿਖੇ ਰਹਿ ਰਹੀਆਂ ਵਿਦਿਆਰਥਣਾਂ ਲਈ ਗੱਤਕੇ ਦੀ ਵਿਸ਼ੇਸ਼ ਸਿਖਲਾਈ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਪਹਿਲਕਦਮੀ ਦਾ ਉਦੇਸ਼ ਵਿਦਿਆਰਥਣਾਂ ਨੂੰ ਸਿੱਖ ਮਾਰਸ਼ਲ ਆਰਟ ਗੱਤਕੇ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਸਵੈ-ਰੱਖਿਆ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ। ਇਸ ਮੌਕੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਵਪੱਖੀ ਵਿਕਾਸ ਲਈ ਦੁਨਿਆਵੀ ਸਿੱਖਿਆ ਦੇ ਨਾਲ-ਨਾਲ ਗੁਰਬਾਣੀ ਕੀਰਤਨ ਅਤੇ ਗੁਰਬਾਣੀ ਸੰਥਿਆ ਨਾਲ ਜੁੜਨਾ ਵੀ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਲੜਕੀਆਂ ਲਈ ਸਵੈ-ਰੱਖਿਆ ਦੇ ਗੁਰ ਸਿੱਖਣੇ ਬੇਹੱਦ ਜ਼ਰੂਰੀ ਹਨ। ਗੱਤਕਾ ਸਿੱਖ ਮਾਰਸ਼ਲ ਆਰਟ ਹੋਣ ਦੇ ਨਾਲ-ਨਾਲ ਸਰੀਰਕ ਤੰਦਰੁਸਤੀ, ਸਵੈ-ਅਨੁਸ਼ਾਸਨ ਅਤੇ ਆਤਮ-ਵਿਸ਼ਵਾਸ ਵਧਾਉਣ ਦਾ ਉੱਤਮ ਸਾਧਨ ਹੈ। ਉਨ੍ਹਾਂ ਵਿਦਿਆਰਥਣਾਂ ਨੂੰ ਸਿਖਲਾਈ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ, ਖ਼ੁਦ ਅੱਗੇ ਆ ਕੇ ਇਸ ਕਲਾ ਨੂੰ ਸਿੱਖਣ, ਆਪਣੀ ਸੁਰੱਖਿਆ ਪ੍ਰਤੀ ਜਾਗਰੂਕ ਰਹਿਣ ਅਤੇ ਸਿੱਖ ਵਿਰਾਸਤ ਨਾਲ ਜੁੜਨ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਸਰੀਰਕ ਸਿੱਖਿਆ ਅਤੇ ਖੇਡ ਤਕਨਾਲੋਜੀ ਵਿਭਾਗ ਦੇ ਮੁਖੀ ਡਾ. ਵਰਿੰਦਰ ਸਿੰਘ ਭੁੱਲਰ, ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਹਰਦੇਵ ਸਿੰਘ, ਯੂਨੀਵਰਸਿਟੀ ਦੇ ਗੱਤਕਾ ਕੋਚ ਸ. ਤਲਵਿੰਦਰ ਸਿੰਘ, ਸਰੀਰਕ ਸਿੱਖਿਆ ਅਤੇ ਖੇਡ ਤਕਨਾਲੋਜੀ ਵਿਭਾਗ ਦੇ ਸਹਾਇਕ ਪ੍ਰੋਫੈਸਰ ਡਾ. ਬਹਾਦੁਰ ਸਿੰਘ, ਧਰਮ ਅਧਿਐਨ ਵਿਭਾਗ ਦੀ ਸਹਾਇਕ ਪ੍ਰੋਫੈਸਰ ਡਾ. ਹਰਨੀਤ ਕੌਰ ਅਤੇ ਬੇਬੇ ਨਾਨਕੀ ਗਰਲਜ਼ ਹੋਸਟਲ ਦੀਆਂ ਵਾਰਡਨ ਸਰਬਜੀਤ ਕੌਰ ਅਤੇ ਨਰਿੰਦਰ ਕੌਰ ਵੀ ਮੌਜੂਦ ਸਨ। ਯੂਨੀਵਰਸਿਟੀ ਦੀ ਇਹ ਪਹਿਲਕਦਮੀ ਵਿਦਿਆਰਥਣਾਂ ਨੂੰ ਸਿੱਖ ਵਿਰਾਸਤ ਨਾਲ ਜੋੜਨ, ਸਰੀਰਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨੂੰ ਸਵੈ-ਰੱਖਿਆ ਲਈ ਸਮਰੱਥ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਔਰਤਾਂ ਲਈ ਨੈਤਿਕਤਾ, ਕਦਰਾਂ-ਕੀਮਤਾਂ ਅਤੇ ਆਚਰਣ ਵਿਸ਼ੇ ’ਤੇ ਵਿਸ਼ੇਸ਼ ਭਾਸ਼ਣ ਦਾ ਆਯੋਜਨ

**ਫ਼ਤਹਿਗੜ੍ਹ ਸਾਹਿਬ, 19 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ ਦੇ ਇਤਿਹਾਸ ਵਿਭਾਗ ਵੱਲੋਂ ਬਸਤੀਵਾਦੀ ਪੰਜਾਬ ਵਿੱਚ ਪੰਜਾਬੀ ਪ੍ਰਿੰਟ ਮੀਡੀਆ ਵਿੱਚ ਔਰਤਾਂ ਦੀ ਪੇਸ਼ਕਾਰੀ ਦੇ ਸੰਦਰਭ ਵਿੱਚ ਨੈਤਿਕਤਾ, ਕਦਰਾਂ-ਕੀਮਤਾਂ ਅਤੇ ਆਚਰਣ ਵਿਸ਼ੇ ’ਤੇ ਵਿਸ਼ੇਸ਼ ਭਾਸ਼ਣ ਦਾ ਆਯੋਜਨ ਕੀਤਾ ਗਿਆ। ਇਸ ਭਾਸ਼ਣ ਦਾ ਉਦੇਸ਼ ਬਸਤੀਵਾਦੀ ਕਾਲ ਦੌਰਾਨ ਪੰਜਾਬੀ ਪ੍ਰਿੰਟ ਮੀਡੀਆ ਵਿੱਚ ਔਰਤਾਂ ਦੀ ਪੇਸ਼ਕਾਰੀ ਅਤੇ ਉਨ੍ਹਾਂ ਨਾਲ ਸੰਬੰਧਿਤ ਨੈਤਿਕ ਆਦਰਸ਼ਾਂ, ਸਮਾਜਿਕ ਕਦਰਾਂ-ਕੀਮਤਾਂ ਅਤੇ ਆਚਰਣ ਦੇ ਮਾਪਦੰਡਾਂ ਬਾਰੇ ਅਕਾਦਮਿਕ ਦ੍ਰਿਸ਼ਟੀਕੋਣ ਪੇਸ਼ ਕਰਨਾ ਸੀ। ਇਹ ਪ੍ਰੋਗਰਾਮ ਪ੍ਰੋ. (ਡਾ.) ਪਰਿਤ ਪਾਲ ਸਿੰਘ, ਵਾਈਸ ਚਾਂਸਲਰ ਦੀ ਸਰਪ੍ਰਸਤੀ ਅਤੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਅਤੇ ਮੁਖੀ, ਇਤਿਹਾਸ ਵਿਭਾਗ ਦੀ ਰਹਿਨੁਮਾਈ ਹੇਠ ਆਯੋਜਿਤ ਕੀਤਾ ਗਿਆ।

ਇਸ ਵਿਸ਼ੇਸ਼ ਭਾਸ਼ਣ ਦੇ ਮੁੱਖ ਵਕਤਾ ਡਾ. ਪਰਨੀਤ ਕੌਰ ਢਿੱਲੋਂ, ਐਸੋਸੀਏਟ ਪ੍ਰੋਫੈਸਰ, ਇਤਿਹਾਸ ਅਤੇ ਪੰਜਾਬ ਇਤਿਹਾਸ ਅਧਿਐਨ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਸਨ। ਆਪਣੇ ਭਾਸ਼ਣ ਦੌਰਾਨ ਉਨ੍ਹਾਂ ਨੇ ਬਸਤੀਵਾਦੀ ਦੌਰ ਦੇ ਪੰਜਾਬੀ ਪ੍ਰਿੰਟ ਮੀਡੀਆ ਵਿੱਚ ਪ੍ਰਕਾਸ਼ਿਤ ਰਸਾਲਿਆਂ ਅਤੇ ਟ੍ਰੈਕਟਾਂ ਰਾਹੀਂ ਔਰਤਾਂ ਦੀ ਨੈਤਿਕਤਾ, ਘਰੇਲੂ ਭੂਮਿਕਾਵਾਂ ਅਤੇ ਵਿਹਾਰ ਸੰਬੰਧੀ ਉਮੀਦਾਂ ਨੂੰ ਕਿਵੇਂ ਪੇਸ਼ ਕੀਤਾ ਗਿਆ, ਇਸ ਬਾਰੇ ਮਹੱਤਵਪੂਰਨ ਇਤਿਹਾਸਕ ਦ੍ਰਿਸ਼ਟੀਕੋਣ ਪੇਸ਼ ਕੀਤੇ। ਉਨ੍ਹਾਂ ਨੇ ਬਸਤੀਵਾਦੀ ਪੰਜਾਬ ਦੀਆਂ ਸਮਾਜਿਕ-ਧਾਰਮਿਕ ਸੁਧਾਰ ਲਹਿਰਾਂ ਬਾਰੇ ਵਿਸਥਾਰ ਨਾਲ ਚਰਚਾ ਕਰਦਿਆਂ ਦੱਸਿਆ ਕਿ ਪ੍ਰਿੰਟ ਮੀਡੀਆ ਨੇ ਲਿੰਗਕ ਮਾਪਦੰਡਾਂ, ਔਰਤਾਂ ਦੀ ਸਿੱਖਿਆ ਅਤੇ ਨੈਤਿਕ ਆਚਰਣ ਨਾਲ ਸੰਬੰਧਿਤ ਧਾਰਨਾਵਾਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਚੁਣੌਤੀ ਦੇਣ ਅਤੇ ਨਵੇਂ ਸਿਰੇ ਤੋਂ ਪਰਿਭਾਸ਼ਿਤ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਨੇ ਪੁਰਾਲੇਖਾਂ ਵਿੱਚ ਸੁਰੱਖਿਅਤ ਪ੍ਰਿੰਟ ਸਮੱਗਰੀ ਨੂੰ ਔਰਤਾਂ ਦੇ ਇਤਿਹਾਸ ਦੇ ਪੁਨਰ-ਨਿਰਮਾਣ ਅਤੇ ਆਧੁਨਿਕ ਪੰਜਾਬ ਦੇ ਸਮਾਜਿਕ ਤੇ ਸੱਭਿਆਚਾਰਕ ਪਰਿਵਰਤਨਾਂ ਨੂੰ ਸਮਝਣ ਲਈ ਮਹੱਤਵਪੂਰਨ ਮੁੱਢਲੇ ਸਰੋਤ ਵਜੋਂ ਉਜਾਗਰ ਕੀਤਾ।

ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਅਜਿਹੀਆਂ ਅਕਾਦਮਿਕ ਗਤੀਵਿਧੀਆਂ ਦੀ ਮਹੱਤਤਾ ’ਤੇ ਜ਼ੋਰ ਦਿੰਦਿਆਂ ਕਿਹਾ ਕਿ ਇਤਿਹਾਸਕ ਸਰੋਤਾਂ ਵਿੱਚ ਔਰਤਾਂ ਦੀ ਪੇਸ਼ਕਾਰੀ ਦਾ ਅਧਿਐਨ ਬਸਤੀਵਾਦੀ ਪੰਜਾਬ ਦੇ ਸਮਾਜਿਕ ਅਤੇ ਸੱਭਿਆਚਾਰਕ ਪੱਖਾਂ ਨੂੰ ਸਮਝਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਵਿਦਿਆਰਥੀਆਂ ਵਿੱਚ ਇਤਿਹਾਸਕ ਚੇਤਨਾ, ਵਿਸ਼ਲੇਸ਼ਣਾਤਮਕ ਦ੍ਰਿਸ਼ਟੀ ਅਤੇ ਆਲੋਚਨਾਤਮਕ ਸੋਚ ਵਿਕਸਿਤ ਕਰਨ ਲਈ ਅਜਿਹੇ ਅਕਾਦਮਿਕ ਉਪਰਾਲਿਆਂ ਦੀ ਅਹਿਮੀਅਤ ਨੂੰ ਉਜਾਗਰ ਕੀਤਾ। ਇਸ ਵਿਸ਼ੇਸ਼ ਭਾਸ਼ਣ ਦਾ ਸੰਚਾਲਨ ਡਾ. ਜਸਪ੍ਰੀਤ ਕੌਰ, ਇੰਚਾਰਜ, ਇਤਿਹਾਸ ਵਿਭਾਗ ਵੱਲੋਂ ਕੀਤਾ ਗਿਆ, ਜਦਕਿ ਡਾ. ਅਮਨਦੀਪ ਕੌਰ, ਸਹਾਇਕ ਪ੍ਰੋਫੈਸਰ, ਇਤਿਹਾਸ ਵਿਭਾਗ ਨੇ ਕੋਆਰਡੀਨੇਟਰ ਵਜੋਂ ਭੂਮਿਕਾ ਨਿਭਾਈ। ਇਸ ਮੌਕੇ ਇਤਿਹਾਸ ਵਿਭਾਗ ਦੇ ਸਮੂਹ ਅਧਿਆਪਕ ਅਤੇ ਪੋਸਟ ਗ੍ਰੈਜੂਏਟ ਵਿਦਿਆਰਥੀ ਹਾਜ਼ਰ ਸਨ। ਇਹ ਵਿਸ਼ੇਸ਼ ਭਾਸ਼ਣ ਵਿਦਿਆਰਥੀਆਂ ਲਈ ਜਾਣਕਾਰੀ ਭਰਪੂਰ ਅਤੇ ਪ੍ਰੇਰਨਾਦਾਇਕ ਸਾਬਤ ਹੋਇਆ।

ਅੰਤ ਵਿੱਚ ਧੰਨਵਾਦ ਦੇ ਮਤੇ ਨਾਲ ਪ੍ਰੋਗਰਾਮ ਦੀ ਸਮਾਪਤੀ ਹੋਈ। ਇਹ ਅਕਾਦਮਿਕ ਉਪਰਾਲਾ ਪੰਜਾਬ ਦੇ ਸਮਾਜਿਕ ਅਤੇ ਸੱਭਿਆਚਾਰਕ ਇਤਿਹਾਸ ਦੇ ਅਧਿਐਨ ਅਤੇ ਇਤਿਹਾਸਕ ਖੋਜ ਨੂੰ ਉਤਸ਼ਾਹਿਤ ਕਰਨ ਪ੍ਰਤੀ ਵਿਭਾਗ ਦੀ ਵਚਨਬੱਧਤਾ ਦਾ ਪ੍ਰਤੀਕ ਬਣਿਆ।

## ਨਸ਼ਾ ਮੁਕਤ ਯੁਵਾ ਵਿਸ਼ੇ ’ਤੇ ਬਲਾਕ ਪੱਧਰੀ ਯੁਵਾ ਸੰਸਦ ਕਰਵਾਇਆ ਗਿਆ



**ਬਠਿੰਡਾ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਈ ਯੁਵਾ ਭਾਰਤ ਬਠਿੰਡਾ, ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਵੱਲੋਂ ਬਲਾਕ ਪੱਧਰੀ ਨੇਬਰਹੁੱਡ ਯੂਥ ਪਾਰਲੀਮੈਂਟ 2026-27 ਤਹਿਤ ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ ਵਿਸ਼ੇ ’ਤੇ ਜਾਗਰੂਕਤਾ ਪ੍ਰੋਗਰਾਮ ਐੱਸ.ਐੱਸ.ਡੀ. ਗਰਲਜ਼ ਕਾਲਜ ਵਿਖੇ ਕੀਤਾ ਗਿਆ।

ਮੇਰਾ ਯੁਵਾ ਭਾਰਤ, ਬਠਿੰਡਾ ਦੀ ਜ਼ਿਲ੍ਹਾ ਯੁਵਾ ਅਧਿਕਾਰੀ ਸ਼੍ਰੀਮਤੀ ਮਿਸ਼ਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸਹਾਇਕ ਪ੍ਰੋਫੈਸਰ ਸ਼੍ਰੀਮਤੀ ਗੁਰਮਿੰਦਰ ਜੀਤ ਕੌਰ ਦੇ ਸਵਾਗਤੀ ਭਾਸ਼ਣ ਨਾਲ ਹੋਈ। ਉਨ੍ਹਾਂ ਨੌਜਵਾਨਾਂ ਨੂੰ ਮਾਈ ਭਾਰਤ ਪੋਰਟਲ ਦੇ ਉਦੇਸ਼ਾਂ, ਵਿਸ਼ੇਸ਼ਤਾਵਾਂ ਅਤੇ ਨੌਜਵਾਨਾਂ ਲਈ ਉਪਲਬਧ ਵੱਖ-ਵੱਖ ਮੌਕਿਆਂ ਬਾਰੇ ਵੀ ਜਾਣੂ ਕਰਵਾਇਆ। ਇਸ ਉਪਰੰਤ ਸਹਾਇਕ ਪ੍ਰੋਫੈਸਰ ਡਾ. ਕੁਲਵਿੰਦਰ ਸਿੰਘ ਨੇ ਨਸ਼ਿਆਂ ਦੀ ਦੁਰਵਰਤੋਂ ਨੂੰ ਸਮਝਣਾ: ਭਾਰਤ ਦੇ ਨੌਜਵਾਨਾਂ ਸਾਹਮਣੇ ਚੁਣੌਤੀਆਂ ਵਿਸ਼ੇ ’ਤੇ ਆਪਣੇ ਵਿਚਾਰ ਸਾਂਝੇ ਕੀਤੇ। ਐੱਸ.ਐੱਸ.ਡੀ. ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਰਸ਼ਮੀ ਤਿਵਾੜੀ ਨੇ ÷ਜਾਗਰੂਕਤਾ ਤੋਂ ਕਾਰਵਾਈ ਤੱਕ: ਨਸ਼ਾ ਮੁਕਤ ਨੌਜਵਾਨਾਂ ਲਈ ਸਾਧਨ÷ ਸੈਸ਼ਨ ਦਾ ਸੰਚਾਲਨ ਕੀਤਾ। ਇਸ ਸੈਸ਼ਨ ਦੌਰਾਨ ਸਮੂਹ ਚਰਚਾ, ਪ੍ਰਸ਼ਨੋਤਰੀ, ਭੂਮਿਕਾ ਨਿਭਾਉਣ ਅਤੇ ਹੋਰ ਸੰਵਾਦਾਤਮਕ ਗਤੀਵਿਧੀਆਂ ਰਾਹੀਂ ਨੌਜਵਾਨਾਂ ਨੂੰ ਨਸ਼ਾ ਮੁਕਤੀ ਪ੍ਰਤੀ ਜਾਗਰੂਕ ਕੀਤਾ ਗਿਆ।

ਸੈਸ਼ਨ ਪਰਿਵਰਤਨ ਦੀਆਂ ਕਹਾਣੀਆਂ: ਨਸ਼ਾ ਮੁਕਤ ਭਾਰਤ ਵੱਲ ਦਾ ਸਫ਼ਰ ਦੌਰਾਨ ਵਿਭਾਗ ਮੁਖੀ ਡਾ. ਸਿਮਰਜੀਤ ਕੌਰ ਨੇ ਛੋਟੀਆਂ ਅਤੇ ਦਸਤਾਵੇਜ਼ੀ ਫ਼ਿਲਮਾਂ ਰਾਹੀਂ ਨਸ਼ਾ ਮੁਕਤੀ ਦਾ ਸੰਦੇਸ਼ ਦਿੱਤਾ।

## ਨਰੂਆਣਾ ਵਿਖੇ ਵੋਟਰ ਜਾਗਰੂਕਤਾ ਅਭਿਆਨ ਤਹਿਤ ਪ੍ਰੋਗਰਾਮ ਅਯੋਜਿਤ



**ਬਠਿੰਡਾ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਵੀਪ ਗਤੀਵਿਧੀਆਂ ਤਹਿਤ ਸਹਾਇਕ ਸਵੀਪ ਨੋਡਲ ਅਫ਼ਸਰ ਸ਼੍ਰੀ ਸੁਭਾਸ਼ ਚੰਦ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਸਵੀਪ ਟੀਮ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨਰੂਆਣਾ ਵਿਖੇ ਵੋਟਰ ਜਾਗਰੂਕਤਾ ਅਭਿਆਨ ਤਹਿਤ ਪ੍ਰੋਗਰਾਮ ਅਯੋਜਿਤ ਕੀਤਾ ਗਿਆ।

ਪ੍ਰੋਗਰਾਮ ਦੌਰਾਨ ਸੁਭਾਸ਼ ਚੰਦ ਨੇ ਦੱਸਿਆ ਕਿ ਕਿਵੇਂ ਇੱਕ-ਇੱਕ ਵੋਟ ਕੀਮਤੀ ਹੈ। ਉਹਨਾਂ ਕਿਹਾ ਕਿ ਵੋਟਰ ਦੀ ਇੱਕ ਵੋਟ ਦੇਸ਼ ਦਾ ਭਵਿੱਖ ਤੈਅ ਕਰਦੀ ਹੈ। ਉਹਨਾਂ ਨੇ ਦੱਸਿਆ ਕਿ ਕਿਸ ਤਰ੍ਹਾਂ ਉਹ 6 ਨੰਬਰ ਫਾਰਮ ਆਫਲਾਈਨ ਜਾਂ ਆਨਲਾਈਨ ਭਰ ਕੇ ਨਵੀਂ ਵੋਟ ਬਣਵਾ ਸਕਦੇ ਹਨ। ਨਵੇਂ ਵੋਟ ਬਣਵਾਉਣ ਲਈ ਜ਼ਰੂਰੀ ਦਸਤਾਵੇਜ਼ਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਦੱਸਿਆ ਗਿਆ ਕਿ ਫਾਰਮ ਨੰਬਰ 8 ਦੀ ਵਰਤੋਂ ਕਰਕੇ ਵੋਟਰ ਆਪਣੇ ਵੋਟ ਦੇ ਵੇਰਵਿਆਂ ਵਿੱਚ ਸੋਧ ਕਰ ਸਕਦੇ ਹਨ ਅਤੇ ਵੋਟ ਇੱਕ ਜਗ੍ਹਾ ਤੋਂ ਦੂਸਰੀ ਜਗ੍ਹਾ ਵੋਟ ਤਬਦੀਲ ਵੀ ਕਰ ਸਕਦੇ ਹਨ।

ਇਹ ਸਾਰੇ ਕੰਮ ਆਨਲਾਈਨ ਆਫਲਾਈਨ ਦੋਵੇਂ ਤਰੀਕੇ ਨਾਲ ਹੋ ਸਕਦੇ ਹਨ।

ਇਸ ਮੌਕੇ ਸਵੀਪ ਟੀਮ ਮੈਂਬਰ ਨੀਰੂ ਚਾਵਲਾ ਅਤੇ ਜਗਦੀਪ ਸਿੰਘ ਦੀ ਅਗਵਾਈ ਵਿੱਚ ਪੋਸਟਰ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ।

ਪੋਸਟਰ ਅਤੇ ਭਾਸ਼ਣ ਮੁਕਾਬਲੇ ਵਿੱਚ 14 ਵਿਦਿਆਰਥੀਆਂ ਨੇ ਭਾਗ ਲਿਆ ਅਤੇ ਮੁਕਾਬਲੇ ਦੇ ਜੇਤੂ ਵਿਦਿਆਰਥੀਆਂ ਅਤੇ ਚੰਗੀ ਕਾਰਗੁਜਾਰੀ ਦਿਖਾਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਦੀਪਕ ਸਿੰਗਲਾ ਤੋਂ ਇਲਾਵਾ ਸਕੂਲ ਪ੍ਰਿੰਸੀਪਲ, ਸਕੂਲ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

## ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦਾ 650ਵਾਂ ਪ੍ਰਕਾਸ਼ ਪੁਰਬ ਸੰਬੰਧੀ ਦਿਖਾਈ ਜਾਵੇਗੀ ਦਸਤਾਵੇਜ਼ੀ ਫਿਲਮ



**ਫ਼ਤਹਿਗੜ੍ਹ ਸਾਹਿਬ, 19 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਉਪਰਾਲੇ ਤਹਿਤ ਬੱਸੀ ਪਠਾਣਾਂ ਬਲਾਕ ਦੇ ਪਿੰਡ ਮਨੈਲੀ, ਸਮਸ਼ਪੁਰ,ਰਾਏਪੁਰ ਰਾਈਆਂ ਖਮਾਣੋਂ ਬਲਾਕ ਦੇ ਕਿਸ਼ਨਪੁਰਾ, ਬਜੀਦਪੁਰ, ਆਲਮਪੁਰ ਅਤੇ ਖੇੜਾ ਲਾਕ ਦੇ ਪਿੰਡ ਹਿੰਦੂਪੁਰ, ਬਡਾਲੀ ਆਲਾ ਸਿੰਘ, ਇਸਰਹੇਲ ਵਿਖੇ ਐਲ.ਈ.ਡੀ. ਸਕਰੀਨ ਰਾਹੀਂ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਫਿਲਮ ਦਿਖਾਈ ਗਈ। ਇਸ ਦਾ ਉਦੇਸ਼ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੀ ਵਿਚਾਰਧਾਰਾ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣਾ ਹੈ। ਡਿਪਟੀ ਕਮਿਸ਼ਨਰ ਡਾ ਸੋਨਾ ਥਿੰਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਿਤੀ 20 ਅਕਤੂਬਰ ਨੂੰ ਬਲਾਕ ਖਮਾਣੋਂ ਦੇ ਪਿੰਡ ਅਮਰਗੜ੍ਹ,ਮਨਸੂਰਪੁਰ,ਲਖਨਪੁਰ, ਬਲਾਕ ਬੱਸੀ ਪਠਾਣਾਂ ਦੇ ਪਿੰਡ ਨਾਰ ਸਿੰਘ ਪੁਰਾ, ਜੈ ਸਿੰਘ ਵਾਲਾ, ਕਰੀਮਪੁਰਾ ਅਤੇ ਬਲਾਕ ਖੇੜਾ ਦੇ ਪਿੰਡ ਭੂਆ ਖੇੜੀ, ਮਹਿਤਾਬਗੜ੍ਹ, ਭਗੜਾਣਾ ਵਿਖੇ ਵਿਸ਼ੇਸ਼ ਡਾਕੂਮੈਂਟਰੀ ਦਿਖਾਈ ਜਾਵੇਗੀ ਇਹ ਸ਼ੋਅ ਕ੍ਰਮਵਾਰ 05,06 ਅਤੇ 07 ਵਜੇ ਸ਼ੁਰੂ ਹੋਣਗੇ।

## ਅਮਿਤ ਸ਼ਾਹ ਦੀ ਫੇਰੀ ਦਾ ਵਿਰੋਧ, ਮੇਰਾ ਅਪਮਾਨ ਹੋਵੇਗਾ: ਪਰਵਿੰਦਰ ਝੋਟਾ ਦੇ ਪਿਤਾ ਭੀਮ ਸਿੰਘ

**ਮਾਨਸਾ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਸ਼ਾ ਵਿਰੋਧੀ ਕਾਰਕੁਨ ਮਰਹੂਮ ਪਰਵਿੰਦਰ ਸਿੰਘ ਝੋਟਾ ਦੇ ਪਿਤਾ ਅਤੇ ਸਾਬਕਾ ਫ਼ੌਜੀ ਭੀਮ ਸਿੰਘ ਨੇ ਸੋਮਵਾਰ ਨੂੰ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਮੰਗਲਵਾਰ ਨੂੰ ਹੋਣ ਵਾਲੇ ਦੌਰੇ ਦੌਰਾਨ ਜੇਕਰ ਕੋਈ ਵਿਰੋਧ ਪ੍ਰਦਰਸ਼ਨ ਕੀਤਾ ਗਿਆ, ਤਾਂ ਉਹ ਇਸ ਨੂੰ ਆਪਣਾ ਨਿੱਜੀ ਅਪਮਾਨ ਸਮਝਣਗੇ। ਉਨ੍ਹਾਂ ਨੂੰ ਪੂਰਾ ਭਰੋਸਾ ਹੈ ਕਿ ਸ਼ਾਹ ਉਨ੍ਹਾਂ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣਗੇ।

72 ਸਾਲਾ ਭੀਮ ਸਿੰਘ ਨੇ ਆਖਿਆ, ਮੈਂ ਸਰਹੱਦਾਂ ’ਤੇ ਦੇਸ਼ ਦੀ ਸੇਵਾ ਕੀਤੀ ਹੈ। ਮੈਂ ਸਾਬਕਾ ਫ਼ੌਜੀ ਹਾਂ। ‘ਆਪ’ (ਆਮ ਆਦਮੀ ਪਾਰਟੀ) ਨੂੰ ਛੱਡ ਕੇ ਬਾਕੀ ਸਾਰੇ ਆਗੂਆਂ ਦਾ ਸਵਾਗਤ ਹੈ, ਬਸ਼ਰਤੇ ਉਹ ਅਹੁਦਿਆਂ ਤੋਂ ਅਸਤੀਫ਼ਾ ਦੇ ਕੇ ਆਉਣ। ਜੇਕਰ ਕੋਈ ਅਮਿਤ ਸ਼ਾਹ ਦਾ ਵਿਰੋਧ ਕਰਦਾ ਹੈ, ਤਾਂ ਇਹ ਮੇਰੀ ਅਤੇ ਝੋਟਾ ਦੀ ਮ੍ਰਿਤਕ ਦੇਹ ਦੀ ਤੌਹੀਨ ਹੋਵੇਗੀ। ਪੰਜਾਬ ਭਾਜਪਾ ਪ੍ਰਧਾਨ ਕੇਵਲ ਢਿੱਲੋਂ ਵੀ ਸਾਨੂੰ ਮਿਲੇ ਸਨ ਅਤੇ ਉਨ੍ਹਾਂ ਨੂੰ ਕੋਈ ਵਿਰੋਧ ਨਹੀਂ ਝੱਲਣਾ ਪਿਆ ਸੀ।

ਉਨ੍ਹਾਂ ਉਮੀਦ ਜਤਾਈ ਕਿ ਅਮਿਤ ਸ਼ਾਹ ਦੀ ਦਖ਼ਲਅੰਦਾਜ਼ੀ ਨਾਲ ਉਨ੍ਹਾਂ ਨੂੰ ਜਲਦੀ ਇਨਸਾਫ਼ ਮਿਲੇਗਾ। ਉਨ੍ਹਾਂ ਨਾਲ ਹੀ ਸੀ.ਬੀ.ਆਈ. ਜਾਂਚ ਦੀ ਮੰਗ ਦੁਹਰਾਉਂਦਿਆਂ ਦੋਸ਼ ਲਾਇਆ ਕਿ ਜੇਕਰ ਅਜਿਹਾ ਨਾ ਹੋਇਆ ਤਾਂ ਪੁਲੀਸ ਸਬੂਤ ਨਸ਼ਟ ਕਰ ਦੇਵੇਗੀ। ਭੀਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਪਰਿਵਾਰਕ ਮੈਂਬਰਾਂ ਨਾਲ ਸਲਾਹ ਕਰਕੇ ਫ਼ੈਸਲਾ ਕੀਤਾ ਹੈ ਕਿ ਹੁਣ ਪਰਵਿੰਦਰ ਦੀ ਪਤਨੀ ਮਨਪ੍ਰੀਤ ਕੌਰ ਐਕਸ਼ਨ ਕਮੇਟੀ ਦੀਆਂ ਮੀਟਿੰਗਾਂ ਵਿੱਚ ਸ਼ਾਮਲ ਹੋਵੇਗੀ।

## ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਵਿਸ਼ੇਸ਼ ਮੈਰਾਥਨ: 25 ਅਕਤੂਬਰ ਨੂੰ : ਕਾਲਕਾ, ਕਾਹਲੋਂ



**ਨਵੀਂ ਦਿੱਲੀ, 19 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਦੀ ਸੰਪੂਰਨਤਾ ਨੂੰ ਸਮਰਪਿਤ ਵੱਡੇ ਪੱਧਰ ’ਤੇ ਧਾਰਮਿਕ ਸਮਾਗਮ ਕਰਵਾਏ ਜਾਣਗੇ ।

ਉਨ੍ਹਾਂ ਦੱਸਿਆ ਕਿ ਇਸੇ ਲੜੀ ਤਹਿਤ 25 ਅਕਤੂਬਰ ਨੂੰ ਸਵੇਰੇ 6:30 ਵਜੇ ਇੰਡੀਆ ਗੇਟ ਤੋਂ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਜੀ ਤੱਕ ਇੱਕ ਵਿਸ਼ੇਸ਼ ਮੈਰਾਥਨ ਕਰਵਾਈ ਜਾਵੇਗੀ। ਇਸ ਮੈਰਾਥਨ ਦਾ ਉਦੇਸ਼ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਮਹਾਨ ਸ਼ਹਾਦਤ, ਧਰਮ ਦੀ ਰਾਖੀ ਅਤੇ ਮਨੁੱਖਤਾ ਦੀ ਸੇਵਾ ਦਾ ਅਮਰ ਸੰਦੇਸ਼ ਲੋਕਾਂ ਤੱਕ ਪਹੁੰਚਾਉਣਾ ਹੈ।

ਦੋਵੇਂ ਆਗੂਆਂ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਧਰਮ, ਇਨਸਾਫ਼ ਅਤੇ ਇਨਸਾਨੀਅਤ ਦੀ ਰਾਖੀ ਲਈ ਆਪਣਾ ਸਰਵਉੱਚ ਬਲੀਦਾਨ ਦਿੱਤਾ; ਇਸ ਲਈ ਇਹ ਮੈਰਾਥਨ ਸਿਰਫ਼ ਇੱਕ ਖੇਡ ਸਮਾਗਮ ਨਹੀਂ, ਸਗੋਂ ਸ਼ਰਧਾ, ਏਕਤਾ ਅਤੇ ਸੇਵਾ ਭਾਵਨਾ ਨਾਲ ਭਰਪੂਰ ਸ਼ਰਧਾਂਜਲੀ ਵੀ ਹੈ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੋਵੇਂ ਆਗੂਆਂ ਵੱਲੋਂ ਸਮੂਹ ਸੰਗਤ, ਗੁਰਸਿੱਖ ਭਾਈਚਾਰੇ, ਨੌਜਵਾਨਾਂ ਅਤੇ ਸਮਾਜਿਕ ਸੰਸਥਾਵਾਂਇਨਸਾਫ਼ ਅਤੇ ਇਨਸਾਨੀਅਤ ਦੀ ਰਾਖੀ ਲਈ ਆਪਣਾ ਸਰਵਉੱਚ ਬਲੀਦਾਨ ਦਿੱਤਾ; ਨੂੰ ਅਪੀਲ ਕੀਤੀ ਗਈ ਹੈ ਕਿ ਉਹ ਇਸ ਵਿਸ਼ੇਸ਼ ਮੈਰਾਥਨ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਹਿੱਸਾ ਲੈਣ ਅਤੇ ਹੋਰਨਾਂ ਨੂੰ ਵੀ ਇਸ ਬਾਰੇ ਜਾਣਕਾਰੀ ਦੇਣ।

## ਪੰਜਾਬ ਵਿੱਚ ‘ਆਪ’ ਸਰਕਾਰ ਨੂੰ ਸੱਤਾ ਤੋਂ ਬਾਹਰ ਕਰਨ ਲਈ ਹਮਲਾਵਰ ਚੋਣ ਮੁਹਿੰਮ ਚਲਾਏਗੀ ਕਾਂਗਰਸ : ਰਾਜਾ ਵੜਿੰਗ



**ਲੁਧਿਆਣਾ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸਾਬਕਾ ਵਿਧਾਇਕ ਕੁਲਦੀਪ ਵੈਦ ਦੇ ਨਿਵਾਸ ਸਥਾਨ ’ਤੇ ਪਾਰਟੀ ਦੇ ਸੀਨੀਅਰ ਆਗੂਆਂ ਨਾਲ ਮੀਟਿੰਗ ਕਰਕੇ ਆਗਾਮੀ ਵਿਧਾਨ ਸਭਾ ਚੋਣਾਂ ਦੀ ਰਣਨੀਤੀ ’ਤੇ ਵਿਚਾਰ-ਵਟਾਂਦਰਾ ਕੀਤਾ।

ਵੜਿੰਗ ਨੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੂੰ ਹਮਲਾਵਰ ਚੋਣ ਮੁਹਿੰਮ ਚਲਾਉਣ ਅਤੇ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਮੋਰਚੇ ’ਤੇ ਨਾਕਾਮ ਰਹੀ ਹੈ ਅਤੇ ਸੂਬੇ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਵਿਗੜਨ ਦੇ ਨਾਲ-ਨਾਲ ਨਸ਼ਿਆਂ ਦੀ ਸਮੱਸਿਆ ਵੀ ਗੰਭੀਰ ਹੋਈ ਹੈ।

ਉਨ੍ਹਾਂ ਕਿਹਾ ਕਿ ਕਾਂਗਰਸ ਦਾ ਮੁੱਖ ਉਦੇਸ਼ ‘ਆਪ’ ਸਰਕਾਰ ਦੀਆਂ ਨਾਕਾਮੀਆਂ ਨੂੰ ਲੋਕਾਂ ਸਾਹਮਣੇ ਉਜਾਗਰ ਕਰਨਾ ਅਤੇ ਪੰਜਾਬ ਦੇ ਮੁੱਦਿਆਂ ਨੂੰ ਜ਼ੋਰਦਾਰ ਢੰਗ ਨਾਲ ਉਠਾਉਣਾ ਹੈ।

ਮੀਟਿੰਗ ਵਿੱਚ ਕਿਸਾਨਾਂ, ਸਨਅਤਕਾਰਾਂ ਅਤੇ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਵੀ ਚਰਚਾ ਕੀਤੀ ਗਈ।

ਮੀਟਿੰਗ ਵਿੱਚ ਸਾਬਕਾ ਮੰਤਰੀ ਰਾਕੇਸ਼ ਪਾਂਡੇ, ਸਾਬਕਾ ਵਿਧਾਇਕ ਕੁਲਦੀਪ ਵੈਦ, ਸੁਰਿੰਦਰ ਡਾਵਰ, ਸੰਜੇ ਤਲਵਾੜ, ਪਵਨ ਦੀਵਾਨ, ਕੈਪਟਨ ਸੰਦੀਪ ਸੰਧੂ, ਸਿਮਰਜੀਤ ਸਿੰਘ ਬੈਂਸ, ਬਲਵਿੰਦਰ ਬੈਂਸ ਅਤੇ ਹੋਰ ਸੀਨੀਅਰ ਕਾਂਗਰਸੀ ਆਗੂ ਮੌਜੂਦ ਸਨ। ਵੜਿੰਗ ਨੇ ਕਿਹਾ ਕਿ ਕਾਂਗਰਸ ਆਗਾਮੀ ਚੋਣਾਂ ਵਿੱਚ ‘ਆਪ’ ਸਰਕਾਰ ਦਾ ਮੁਕਾਬਲਾ ਵੜਿੰਗ ਨੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੂੰ ਹਮਲਾਵਰ ਚੋਣ ਮੁਹਿੰਮ ਚਲਾਉਣ ਅਤੇ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਕਰਨ ਦਾ ਸੱਦਾ ਦਿੱਤਾ।

ਉਨ੍ਹਾਂ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਮੋਰਚੇ ’ਤੇ ਨਾਕਾਮ ਰਹੀ ਹੈ ਅਤੇ ਸੂਬੇ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਵਿਗੜਨ ਦੇ ਨਾਲ-ਨਾਲ ਨਸ਼ਿਆਂ ਦੀ ਸਮੱਸਿਆ ਵੀ ਗੰਭੀਰ ਹੋਈ ਹੈਵੜਿੰਗ ਨੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੂੰ ਹਮਲਾਵਰ ਚੋਣ ਮੁਹਿੰਮ ਚਲਾਉਣ ਅਤੇ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ।

## ਸ਼ੋਕ ਸਮਾਚਾਰ : ਸ. ਰਣਜੀਤ ਸਿੰਘ ਜੀ ਦਾ ਸੰਸਕਾਰ 21 ਅਕਤੂਬਰ ਨੂੰ

**ਚੰਡੀਗੜ੍ਹ, 19 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**

ਅੰਤਿਮ ਅਰਦਾਸ ਅਤੇ ਰਸਮ ਪਗੜੀ 25 ਅਕਤੂਬਰ, 2026 ਨੂੰ ਗੁਰੂਦਵਾਰਾ ਸਾਹਿਬ ਸੈਕਟਰ- 34 ਚੰਡੀਗੜ੍ਹ ਵਿਖੇ ਹੋਏਗਾ

ਅਦਾਰਾ ਸ਼ਹੀਦ—ਏ—ਆਜ਼ਮ ਅਰਦਾਸ ਕਰਦਾ ਹੈ ਕਿ ਵਾਹਿਗੁਰੂ ਜੀ ਵਿਛੜੀ ਆਤਮਾ ਨੂੰ ਆਪਣੇ ਚਰਨ ਕਮਲਾਂ ਵਿਚ ਅਸਥਾਨ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਉੱਦਮ ਬਖਸ਼ਣ ਜੀ।





SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)

98881-88887, 93577-77786

Shaheed-e-Azam
PRINTING PRESS




★ Business Cards
★ Flyers & Broucher
★ Poster
★ Books & Note Books
★ Diaries
★ Carry Bags

Opp. Gurudwara Dukhniwaran Sahib Srihind Road, Patiala

# ਸੁਰਜੀਤ ਸਿੰਘ ਰੱਖੜਾ ਦੀ ਅਗਵਾਈ 'ਚ ਸਮਾਣਾ ਦੇ ਕਾਂਗਰਸੀ ਆਗੂ 'ਆਪ' 'ਚ ਹੋਏ ਸ਼ਾਮਲ



**ਸਮਾਣਾ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਦੇ ਹਲਕਾ ਇੰਚਾਰਜ ਸੁਰਜੀਤ ਸਿੰਘ ਰੱਖੜਾ ਦੀ ਅਗਵਾਈ 'ਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ, ਜਦੋਂ ਸਮਾਣਾ ਤੋਂ ਕਾਂਗਰਸੀ ਆਗੂ ਮਨੋਜ ਉਪਾਧਿਆਏ, ਰਾਮ ਬਾਬੂ ਅਤੇ ਬ੍ਰਿਜ ਨਾਥ ਨੇ ਕਾਂਗਰਸ ਨੂੰ ਛੱਡ ਕੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਨਗਰ ਕੌਂਸਲ ਸਮਾਣਾ ਦੇ ਮੁੱਖ ਦਫ਼ਤਰ ਵਿਖੇ ਸ. ਰੱਖੜਾ ਨੇ ਕਾਂਗਰਸੀ ਆਗੂ ਮਨੋਜ ਉਪਾਧਿਆਏ, ਰਾਮ ਬਾਬੂ ਅਤੇ ਬ੍ਰਿਜ ਨਾਥ ਦਾ ਪਾਰਟੀ ਪਰਿਵਾਰ ਵਿੱਚ ਸਿਰੋਪਾਓ ਭੇਟ ਕਰ ਕੇ ਸਵਾਗਤ ਕੀਤਾ। ਰੱਖੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਅਤੇ ਲੋਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਪਾਰਟੀਆਂ ਨਾਲ ਸੰਬੰਧਿਤ ਆਗੂ ਤੇ ਵਰਕਰ ਲਗਾਤਾਰ 'ਆਪ' ਨਾਲ ਜੁੜ ਰਹੇ ਹਨ।

ਉਨ੍ਹਾਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਹੇਠ ਮਾਨ ਸਰਕਾਰ ਵੱਲੋਂ ਆਪਣੇ ਕਾਰਜਕਾਲ ਦੌਰਾਨ ਲੋਕ ਹਿੱਤ ਵਿੱਚ ਕੀਤੇ ਜਾ ਰਹੇ ਕੰਮਾਂ ਸਦਕਾ ਸੂਬੇ ਭਰ 'ਚ ਲੋਕਾਂ ਦਾ ਭਰੋਸਾ ਆਮ ਆਦਮੀ ਪਾਰਟੀ ਪ੍ਰਤੀ ਹੋਰ ਮਜ਼ਬੂਤ ਹੋਇਆ ਹੈ ਅਤੇ ਸਮਾਣਾ ਵਿੱਚ 'ਆਪ' ਦਾ ਵੱਧ ਰਿਹਾ ਕਾਫ਼ਲਾ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਅਤੇ ਲੋਕ ਸੇਵਾ ਨੂੰ ਸਮਰਪਿਤ ਰਾਜਨੀਤੀ ਪ੍ਰਤੀ ਲੋਕਾਂ ਦੇ ਭਰੋਸੇ ਦਾ ਪ੍ਰਤੀਕ ਹੈ।

ਉਨ੍ਹਾਂ ਕਿਹਾ ਕਿ ਪਾਰਟੀ ਨਾਲ ਜੁੜਨ ਵਾਲੇ ਹਰੇਕ ਆਗੂ ਅਤੇ ਵਰਕਰ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਸਾਰਿਆਂ ਨੂੰ ਨਾਲ ਲੈ ਕੇ ਸਮਾਣਾ ਦੇ ਵਿਕਾਸ ਤੇ ਲੋਕ ਭਲਾਈ ਲਈ ਕੰਮ ਕੀਤਾ ਜਾਵੇਗਾ।
ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਕ੍ਰਪਰ ਚੰਦ ਬਾਂਸਲ, ਸਾਬਕਾ ਚੇਅਰਮੈਨ ਅਸ਼ੋਕ ਮੋਦਗਿੱਲ, ਸਾਬਕਾ ਚੇਅਰਮੈਨ ਹਰਿੰਦਰ ਸਿੰਘ ਕੁਲਬੁਰਛਾਂ, ਸੀਨੀਅਰ ਵਾਈਸ ਪ੍ਰਧਾਨ ਪਾਰਸ ਸ਼ਰਮਾ, ਕੌਂਸਲਰ ਮਨਜਿੰਦਰ ਸਿੰਘ ਰਾਣਾ ਸੇਖੋਂ, ਕੌਂਸਲਰ ਸੋਨੀ ਕਿੰਗ, ਕੌਂਸਲਰ ਸੁਖਜੀਤ ਸਿੰਘ ਚੀਮਾ, ਗੁਰਦੀਪ ਸ਼ਰਮਾ ਅਤੇ ਹੋਰ ਪਾਰਟੀ ਵਰਕਰ ਮੌਜੂਦ ਸਨ।

# ਭਾਜਪਾ ਕਿਸਾਨ ਮੋਰਚਾ ਦੇ ਜਿਲਾ ਸ਼ਹਿਰੀ ਪ੍ਰਧਾਨ ਰਮਨਦੀਪ ਸਿੰਘ ਭੀਲੋਵਾਲ ਨੂੰ ਭਾਜਪਾ ਵਰਕਰਾਂ ਤੇ ਆਗੂਆਂ ਵੱਲੋਂ ਕੀਤਾ ਗਿਆ ਸਨਮਾਨਤ



**ਪਟਿਆਲਾ, 19 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਜਪਾ ਚ ਲੰਮੇ ਸਮੇ ਸਾਨਦਾਰ ਸੇਵਾਵਾ ਨਿਭਾ ਰਹੇ ਰਮਨਦੀਪ ਸਿੰਘ ਭੀਲੋਵਾਲ ਦੇ ਪਾਰਟੀ ਪ੍ਰਤੀ ਕਾਰਜਾ ਨੂੰ ਦੇਖਦੇ ਹੋਏ ਪਿਛਲੇ ਮਹੀਨੇ ਭਾਜਪਾ ਕਿਸਾਨ ਮੋਰਚਾ ਦੇ ਸੂਬਾ ਕਾਰਜਕਾਰਨੀ ਮੈਂਬਰ ਨਿਯੁਕਤ ਕੀਤਾ ਸੀ ਜਿਸ ਉਪਰੰਤ ਹੁਣ ਭਾਜਪਾ ਕਿਸਾਨ ਮੋਰਚਾ ਦੇ ਸੂਬਾ ਪ੍ਰਧਾਨ ਨੇ ਰਮਨਦੀਪ ਭੀਲੋਵਾਲ ਨੂੰ ਕਿਸਾਨ ਮੋਰਚਾ ਦੇ ਜ਼ਿਲਾ ਸਹਿਰੀ ਪ੍ਰਧਾਨ ਦੀ ਵਾਗਡੋਰ ਸੰਭਾਲ ਦਿੱਤੀ ਹੈ ਤਾਂ ਜੋ ਕਿਸਾਨਾਂ ਦੀਆਂ ਮੰਗਾਂ ਨੂੰ ਪਾਰਟੀ ਹਾਈ ਕਮਾਂਡ ਤੱਕ ਪਹੁੰਚਾ ਕੇ ਹੱਲ ਕਰਵਾਇਆ ਜਾ ਸਕਿਆ ਪਾਰਟੀ ਦੀ ਚੜ੍ਹਦੀਕਲਾ ਅਰਦਾਸ ਕਰਨ ਉਪਰੰਤ ਰਮਨਦੀਪ ਸਿੰਘ ਭੀਲੋਵਾਲ ਗੁਰਦੁਆਰਾ ਸ੍ਰੀ ਰੋਹਟਾ ਸਾਹਿਬ ਵਿਖੇ ਨਤਮਸਤਕ ਹੋਏ ਜਿੱਥੇ ਉਹਨਾਂ ਦਾ ਭਾਜਪਾ ਵਰਕਰਾਂ ਤੇ ਆਗੂਆਂ ਨੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਇਸ ਮੌਕੇ ਮਨੈਜਰ ਅਮਰੀਕ ਸਿੰਘ, ਸੁਖਚੈਨ ਸਿੰਘ ਇਛੇਵਾਲ ਸਾਬਕਾ ਜਿਲਾ ਪ੍ਰਧਾਨ ਕਿਸਾਨ ਮੋਰਚਾ, ਸਨੀ ਸਿੱਧੂ, ਹਰਿੰਦਰ ਸਿੰਘ ਲਚਕਾਣੀ ਸਾਬਕਾ ਵਾਈਸ ਪ੍ਰਧਾਨ ਬਾਰ ਐਸੋਸੀਏਸ਼ਨ ਪਟਿਆਲਾ, ਗੋਰਵ ਸਰਮਾ ਨਾਭਾ, ਵਿਕਰਮਦੀਪ ਸਿੰਘ ਭੀਲੋਵਾਲ, ਜੱਸਾ ਦੁਲੱਦੀ, ਨਿਰਭੈ ਸਿੰਘ ਰੈਸਲ, ਤਜਿੰਦਰ ਸਿੰਘ ਲਚਕਾਣੀ ਸਾਬਕਾ ਜਿਲਾ ਵਾਈਸ ਪ੍ਰਧਾਨ ਬਾਰ ਐਸੋਸੀਏਸ਼ਨ ਪਟਿਆਲਾ, ਕੁਲਵਿੰਦਰ ਸਿੰਘ ਮਟੋਰੜਾ, ਹਰਿੰਦਰ ਸਿੰਘ ਅਲੋਹਰਾਂ, ਪ੍ਰਦੀਪ ਸਿੰਘ ਖੁਰਦ, ਦੀਪਾ ਘਮਰੋਦਾ, ਕੁੱਕੂ ਘਮਰੋਦਾ, ਬਾਵਾ ਜੀ ਆਦਿ ਹਾਜਰ ਸਨ।

# ਜਿਲ੍ਹਾ ਪਟਿਆਲਾ ਵਿਖੇ ਜਨਗਣਨਾ-2027 ਦੇ ਦੂਜੇ ਪੜਾਅ (ਆਬਾਦੀ ਗਣਨਾ) ਦਾ ਲਿਆ ਗਿਆ ਜਾਇਜ਼ਾ



**ਪਟਿਆਲਾ, 19 ਅਕਤੂਬਰ**
**-ਛਤਰਪਾਲ ਸਿੰਘ--**

ਸ੍ਰੀਮਤੀ ਰੇਨੂ ਭਗਤ (ਅਸਿਸਟੈਂਟ ਡਾਇਰੈਕਟਰ, ਸੈਂਸਜ ਓਪਰੇਸ਼ਨ ਪੰਜਾਬ) ਵੱਲੋਂ ਜ਼ਿਲ੍ਹਾ ਪਟਿਆਲਾ ਵਿਖੇ ਜਨਗਣਨਾ-2027 ਦੇ ਦੂਜੇ ਪੜਾਅ (ਆਬਾਦੀ ਗਣਨਾ) ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਅਤੇ ਸੁਚਾਰੂ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਦਫਤਰ ਉਪ ਅਰਥ ਅਤੇ ਅੰਕੜਾ ਸਲਾਹਕਾਰ, ਸੈਂਸਜ ਸੈੱਲ, ਪਟਿਆਲਾ ਵਿਖੇ ਮੀਟਿੰਗ ਕੀਤੀ ਅਤੇ Census-B@BG Phase-II (PE) CMMS Portal ਸਬੰਧੀ ਟ੍ਰੇਨਿੰਗ ਦਿੱਤੀ ਗਈ। ਮੀਟਿੰਗ ਵਿੱਚ ਉਪ ਅਰਥ ਅਤੇ ਅੰਕੜਾ ਸਲਾਹਕਾਰ-ਕਮ-ਵਧੀਕ ਜਿਲ੍ਹਾ ਸੈਂਸਜ ਅਫਸਰ ਸ੍ਰੀਮਤੀ ਜਸਵਿੰਦਰ ਕੌਰ ਅਤੇ 15 ਚਾਰਜ ਦਫਤਰਾਂ (6 ਤਹਿਸੀਲ, 5 ਨਗਰ ਕੌਂਸਲ ਅਤੇ 4 ਨਗਰ ਪੰਚਾਇਤਾਂ) ਦੇ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਭਾਗ ਲਿਆ ਗਿਆ।

ਇਸ ਦੌਰਾਨ ਅਸੀਸਟੈਂਟ ਡਾਇਰੈਕਟਰ, ਸੈਂਸਜ ਓਪਰੇਸ਼ਨ ਪੰਜਾਬ ਵੱਲੋਂ ਜਨਗਣਨਾ ਦੇ ਦੂਜੇ ਪੜਾਅ ਦੇ ਮਹੱਤਵਪੂਰਨ ਕੰਮਾਂ ਜਿਵੇਂ ਕਿ 8*2 ਰਿਵਿਊ, 52 ਕਾਰਵਿੰਗ ਅਤੇ ਹੋਰ ਸਹਾਇਕ ਗਤੀਵਿਧੀਆਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਕੋਆਰਡੀਨੇਟਰ, ਚਾਰਜ ਕਲਰਕਾਂ ਅਤੇ ਤਕਨੀਕੀ ਸਹਾਇਕਾਂ (Technical Assistants) ਨੂੰ ਟ੍ਰੇਨਿੰਗ ਦਿੱਤੀ ਗਈ।

ਉਨ੍ਹਾ ਵੱਲੋਂ ਦੱਸਿਆ ਗਿਆ ਕਿ ਇਸ ਵਾਰ ਜਨਗਣਨਾ ਵਿੱਚ 'ਸੈਲਫ ਇਨੁਮੀਰੇਸ਼ਨ' (ਸਵੈ-ਗਣਨਾ) ਦੀ ਇੱਕ ਨਵੀਂ ਪਹਿਲ ਕੀਤੀ ਗਈ ਹੈ। ਇਸ ਤਹਿਤ ਕੋਈ ਵੀ ਨਾਗਰਿਕ 16 ਨਵੰਬਰ 2026 ਤੋਂ 30 ਨਵੰਬਰ 2026 ਤੱਕ ਆਨਲਾਈਨ ਮਾਧਿਅਮ ਰਾਹੀਂ ਆਪਣੇ ਪਰਿਵਾਰ ਦੀ ਗਿਣਤੀ ਖੁਦ ਕਰ ਸਕਦਾ ਹੈ। ਇਸ ਤੋਂ ਬਾਅਦ, ਜਨਗਣਨਾ ਦਾ ਦੂਜਾ ਮੁੱਖ ਫੇਸ 01 ਦਸੰਬਰ 2026 ਤੋਂ 04 ਜਨਵਰੀ 2027 ਤੱਕ ਚੱਲੇਗਾ, ਜਿਸ ਵਿੱਚ ਸਰਕਾਰੀ ਗਿਣਤੀਕਾਰ (ਇਨੁਮੀਰੇਟਰ) ਲੋਕਾਂ ਦੇ ਘਰ-ਘਰ ਜਾ ਕੇ ਆਬਾਦੀ ਦੀ ਗਣਨਾ ਦਾ ਕੰਮ ਮੁਕੰਮਲ ਕਰਨਗੇ।

ਮਾਨਯੋਗ ਡਿਪਟੀ ਕਮਿਸ਼ਨਰ ਜੀ ਅਤੇ ਮਾਨਯੋਗ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਪਟਿਆਲਾ ਜੀ ਵੱਲੋਂ ਜਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਭਾਰਤ ਸਰਕਾਰ ਵੱਲੋਂ ਕਰਵਾਏ ਜਾ ਰਹੇ ਜਨਗਣਨਾ-2027 ਦੇ ਇਸ ਮਹੱਤਵਪੂਰਨ ਕੰਮ ਵਿਚ ਪੂਰਨ ਸਹਿਯੋਗ ਕਰਨ ਦੀ ਕੀਤੀ ਅਪੀਲ।

# ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਲਈ ਅਹਿਮ: ਵਿਧਾਇਕ ਅਜੀਤਪਾਲ ਸਿੰਘ ਕੋਹਲੀ



**ਪਟਿਆਲਾ, 19 ਅਕਤੂਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ 2026 ਸੀਜ਼ਨ-4 ਤਹਿਤ ਅੱਜ ਪਟਿਆਲਾ ਦੇ ਪੋਲੋ ਗਰਾਊਂਡ ਵਿਖੇ ਸਲਾਟ-2 ਦੇ ਰਾਜ ਪੱਧਰੀ ਖੇਡ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਜਿਮਨਾਸਟਿਕ ਅਤੇ ਖੋਹ-ਖੋਹ ਦੇ ਖੇਡ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਖਿਡਾਰੀਆਂ ਨੇ ਪੂਰੇ ਜੋਸ਼, ਉਤਸ਼ਾਹ ਅਤੇ ਖੇਡ ਭਾਵਨਾ ਨਾਲ ਭਾਗ ਲਿਆ।

ਇਸ ਮੌਕੇ ਵਿਧਾਇਕ ਪਟਿਆਲਾ ਸ਼ਹਿਰੀ ਸ੍ਰੀ ਅਜੀਤ ਪਾਲ ਸਿੰਘ ਕੋਹਲੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਮਹੱਤਵਪੂਰਨ ਹਨ। ਓਹਨਾ ਕਿਹਾ ਕਿ ਖੇਡਾਂ ਜਿੱਥੇ ਨੌਜਵਾਨਾਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਮਜ਼ਬੂਤ ਬਣਾਉਂਦੀਆਂ ਹਨ, ਉੱਥੇ ਹੀ ਉਨ੍ਹਾਂ ਵਿੱਚ ਅਨੁਸ਼ਾਸਨ, ਮਿਹਨਤ, ਟੀਮ ਭਾਵਨਾ ਅਤੇ ਅਗਵਾਈ ਵਰਗੇ ਗੁਣ ਵੀ ਪੈਦਾ ਕਰਦੀਆਂ ਹਨ।

ਵਿਧਾਇਕ ਕੋਹਲੀ ਨੇ ਖਿਡਾਰੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਪੂਰੀ ਮਿਹਨਤ ਅਤੇ ਲਗਨ ਨਾਲ ਖੇਡਾਂ ਵਿੱਚ ਭਾਗ ਲੈਣ ਅਤੇ ਆਪਣੇ ਮਾਪਿਆਂ, ਕੋਚਾਂ ਅਤੇ ਸੂਬੇ ਦਾ ਨਾਮ ਰੌਸ਼ਨ ਕਰਨ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦਾ ਸੱਦਾ ਵੀ ਦਿੱਤਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਖਿਡਾਰੀਆਂ ਨੂੰ ਬਿਹਤਰ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਲਈ ਕੀਤੇ ਜਾ ਰਹੇ ਯਤਨ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। 'ਖੇਡਾਂ ਵਤਨ ਪੰਜਾਬ ਦੀਆਂ' ਵਰਗੇ ਉਪਰਾਲਿਆਂ ਨਾਲ ਪਿੰਡਾਂ ਅਤੇ ਸ਼ਹਿਰਾਂ ਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਅਤੇ ਉੱਚ ਪੱਧਰ 'ਤੇ ਪਹੁੰਚਣ ਦੇ ਬਿਹਤਰ ਮੌਕੇ ਮਿਲ ਰਹੇ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਸ੍ਰੀ ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਖੋਹ-ਖੋਹ ਦੇ ਪਹਿਲੇ ਦਿਨ ਦੇ ਮੁਕਾਬਲਿਆਂ ਵਿੱਚ ਵੱਖ-ਵੱਖ ਉਮਰ ਵਰਗਾਂ ਦੇ ਲਗਭਗ 1200 ਖਿਡਾਰੀਆਂ ਅਤੇ ਖਿਡਾਰਨਾਂ ਨੇ ਭਾਗ ਲਿਆ।

ਉਨ੍ਹਾਂ ਦੱਸਿਆ ਕਿ ਅੰਡਰ-14 ਲੜਕੀਆਂ ਦੇ ਵਰਗ ਵਿੱਚ ਮਾਨਸਾ ਦੀ ਟੀਮ ਨੇ ਅੰਮ੍ਰਿਤਸਰ ਦੀ ਟੀਮ ਨੂੰ 6 ਅੰਕਾਂ ਨਾਲ ਹਰਾਇਆ, ਜਦਕਿ ਫਰੀਦਕੋਟ ਦੀ ਟੀਮ ਨੇ ਗੁਰਦਾਸਪੁਰ ਦੀ ਟੀਮ ਨੂੰ 15 ਅੰਕਾਂ ਨਾਲ ਮਾਤ ਦਿੱਤੀ। ਅੰਡਰ-17 ਲੜਕੀਆਂ ਦੇ ਵਰਗ ਵਿੱਚ ਗੁਰਦਾਸਪੁਰ ਦੀ ਟੀਮ ਨੇ ਕਪੂਰਥਲਾ ਦੀ ਟੀਮ ਨੂੰ 4 ਅੰਕਾਂ ਨਾਲ ਹਰਾਇਆ। ਇਸੇ ਤਰ੍ਹਾਂ ਅੰਡਰ-17 ਲੜਕਿਆਂ ਦੇ ਵਰਗ ਵਿੱਚ ਰੂਪਨਗਰ ਦੀ ਖੋਹ-ਖੋਹ ਟੀਮ ਨੇ ਮਾਲੇਰਕੋਟਲਾ ਦੀ ਟੀਮ ਨੂੰ 5 ਅੰਕਾਂ ਨਾਲ ਹਰਾ ਕੇ ਜਿੱਤ ਦਰਜ ਕੀਤੀ।

ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਖਿਡਾਰੀਆਂ ਦੀ ਵੱਡੀ ਸ਼ਮੂਲੀਅਤ ਪੰਜਾਬ ਦੇ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਵਧ ਰਹੇ ਉਤਸ਼ਾਹ ਨੂੰ ਦਰਸਾਉਂਦੀ ਹੈ। ਅਜਿਹੇ ਮੁਕਾਬਲੇ ਖਿਡਾਰੀਆਂ ਨੂੰ ਆਪਣੀ ਖੇਡ ਪ੍ਰਤਿਭਾ ਨਿਖਾਰਨ ਦੇ ਨਾਲ-ਨਾਲ ਭਵਿੱਖ ਵਿੱਚ ਉੱਚ ਪੱਧਰੀ ਮੁਕਾਬਲਿਆਂ ਲਈ ਤਿਆਰ ਕਰਨ ਵਿੱਚ ਵੀ ਸਹਾਈ ਸਿੱਧ ਹੁੰਦੇ ਹਨ।

# ਸਰਕਾਰ ਦੀ ਸ਼ਹਿ ਤੇ ਸਾਜਿਸ਼ ਤਹਿਤ ਕੀਤਾ ਗਿਆ ਪਰਵਿੰਦਰ ਸਿੰਘ ਝੋਟਾ ਦਾ ਕਤਲ : ਡਾਕਟਰ ਗਾਂਧੀ



**ਪਟਿਆਲਾ, 19 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਿਛਲੇ ਲੰਬੇ ਸਮੇਂ ਤੋਂ ਮੈਂਬਰ ਪਾਰਲੀਮੈਂਟ ਡਾਕਟਰ ਧਰਮਵੀਰ ਗਾਂਧੀ ਦੇ ਨਿਕਟਵਰਤੀ ਜਿਲਾ ਕਾਂਗਰਸ ਕਮੇਟੀ ਜਿਲਾ ਦਿਹਾਤੀ ਦੇ ਮੀਤ ਪ੍ਰਧਾਨ ਕੁਲਵੰਤ ਸਿੰਘ ਨਾਰੀਕੇ ਸੁਭਾਵੀ ਉਮੀਦਵਾਰ ਵਿਧਾਨ ਸਭਾ ਹਲਕਾ ਨਾਭਾ ਵੱਲੋਂ - ਪਿੰਡਾਂ ਵਿੱਚ ਕਾਂਗਰਸ ਵਰਕਰ ਮਿਲਣੀ ਸਮਾਗਮ ਆਯੋਜਿਤ ਕੀਤੇ ਜਾ ਰਹੇ ਹਨ ਤਾਂ ਜੋ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਕਾਂਗਰਸ ਪਾਰਟੀ ਨੂੰ ਮਜਬੂਤੀ ਮਿਲ ਸਕੇ ਸਮਾਗਮ ਮੌਕੇ ਡਾਕਟਰ ਧਰਮਵੀਰ ਗਾਂਧੀ ਮੈਂਬਰ ਪਾਰਲੀਮੈਂਟ ਪਟਿਆਲਾ ਵੱਲੋਂ ਜਨ ਸਭਾ ਵਿੱਚ ਪਹੁੰਚੇ ਸਮੁੱਚੇ ਕਾਂਗਰਸੀਆਂ ਦੇ ਨਾਲ ਪਾਰਟੀ ਦੀ ਮਜਬੂਤੀ ਲਈ ਵਿਚਾਰ ਵਟਾਂਦਰਾ ਕੀਤਾ ਗਿਆ ਜਿੱਥੇ ਉਹਨਾਂ ਵਰਕਰਾਂ ਦੇ ਵਿਚਾਰ ਪੁੱਛਦੇ ਹੋਏ ਸੂਬੇ ਅੰਦਰ ਕਾਂਗਰਸ ਦੀ ਸਰਕਾਰ ਬਣਾਉਣ ਲਈ ਮਜਬੂਤ ਉਪਰਾਲਿਆਂ ਸਬੰਧੀ ਜਾਣਕਾਰੀ ਹਾਸਿਲ ਵੀ ਕੀਤੀ ਸਮਾਗਮ ਨਾਭਾ ਹਲਕੇ ਦੇ ਸ਼ਹਿਰ ਕਸਬੇ ਅਤੇ ਪਿੰਡਾਂ ਵਿੱਚ ਵੀ ਕੁਲਵੰਤ ਸਿੰਘ ਨਾਰੀਕੇ ਦੀ ਅਗਵਾਈ ਹੇਠ ਕੀਤੇ ਜਾ ਰਹੇ ਹਨ ਜਿੱਥੇ ਵੱਖ ਵੱਖ ਸਮਾਗਮਾਂ ਵਿੱਚ ਡਾਕਟਰ ਧਰਮਵੀਰ ਗਾਂਧੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਨਸ਼ਿਆ ਖਿਲਾਫ ਆਵਾਜ਼ ਨੂੰ ਬੁਲੰਦ ਕਰਨ ਵਾਲੇ ਨਿਧੜਕ ਸਮਾਜ ਸੇਵੀ ਪਰਵਿੰਦਰ ਸਿੰਘ ਝੋਟਾ ਦਾ ਸਰਕਾਰ ਦੀ ਸ਼ਹਿ ਤੇ ਸਾਜਿਸ਼ ਤਹਿਤ ਕਤਲ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਹੈ ਅਜਿਹੇ ਸਮਾਜ ਸੇਵੀ ਦਾ ਕਤਲ ਹੋਣਾ ਬੇਹੱਦ ਮੰਦਭਾਗਾ ਹੈ ਜਿਸ ਨੂੰ ਪੂਰੀ ਦੁਨੀਆ ਦੇਖ ਰਹੀ ਹੈ ਕਿ ਪੰਜਾਬ ਅੰਦਰ ਦਿਨ ਦਿਹਾੜੇ ਅਜਿਹੀਆਂ ਕਤਲੋਗਾਰਤਾਂ ਹੋਣ ਨਾਲ ਸੂਬੇ ਦੇ ਲੋਕਾਂ ਵਿੱਚ ਸਹਿਮ ਦਾ ਮਾਹੌਲ ਪੈਦਾ ਹੁੰਦਾ ਜਾ ਰਿਹਾ ਹੈ ਉਹਨਾਂ ਕਿਹਾ ਕਿ ਇੰਝ ਲੱਗ ਰਿਹਾ ਹੈ ਕਿ ਜਿਵੇਂ ਅਣਜਾਣ ਮੁੱਖ ਮੰਤਰੀ ਪੰਜਾਬ ਅੰਦਰ ਸਰਕਾਰ ਚਲਾ ਰਹੇ ਹੋਵੇ ਜਿਨਾਂ ਦੇ ਪੰਜ ਸਾਲ ਪੂਰੇ ਹੋਣ ਵਾਲੇ ਹਨ ਤਾਂ ਜੇਕਰ ਪਿੱਛੇ ਵੱਲ ਝਾਤੀ ਮਾਰੀ ਜਾਵੇ ਤਾਂ ਕਾਨੂੰਨ ਨਾਂ ਦੀ ਕੋਈ ਚੀਜ਼ ਨਜ਼ਰ ਨਹੀਂ ਆਉਂਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਕਾਰਜ ਕਾਲ ਦੌਰਾਨ ਹੀ ਕਈ ਨਾਮੀ ਨੌਜਵਾਨਾਂ ਦੇ ਕਤਲ ਪੰਜਾਬ ਅੰਦਰ ਹੋ ਚੁੱਕੇ ਹਨ ਪਰ ਸਰਕਾਰ ਆਪਣੀ ਨੀਂਦ ਤੋਂ ਨਹੀਂ ਜਾਗੀ ਅੱਜ ਪੰਜਾਬ ਅੰਦਰ ਨਸ਼ਿਆਂ ਨੇ ਨੌਜਵਾਨ ਪੀੜੀ ਨੂੰ ਖਤਮ ਕਰਕੇ ਰੱਖ ਦਿੱਤਾ ਹੈ ਧੰਨ ਨੇ ਉਹ ਮਾਵਾਂ ਜਿਨਾਂ ਨੇ ਆਪਣੇ ਪੁੱਤ ਨਸ਼ੇ ਕਾਰਨ ਗਵਾ ਲਏ ਪਰ ਨਸ਼ੇ ਦਾ ਖਾਤਮਾ ਨਹੀਂ ਹੋ ਰਿਹਾ ਉਹਨਾਂ ਕਿਹਾ ਕਿ ਸੂਬੇ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਆਉਣ ਤੇ ਚਿੱਟੇ ਵਰਗੇ ਨਸ਼ੇ ਦਾ ਜੜੋ ਖਾਤਮਾ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

# ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਅਹਿਮ ਭੂਮਿਕਾ ਨਿਭਾਉਂਦੀਆਂ ਹਨ: ਵਿਧਾਇਕ ਗੁਰਲਾਲ ਸਿੰਘ ਘਨੌਰ



**ਪਟਿਆਲਾ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ 2026' ਸੀਜ਼ਨ-4 ਤਹਿਤ ਅੱਜ ਸਲਾਟ-2 ਦੇ ਰਾਜ ਪੱਧਰੀ ਖੇਡ ਮੁਕਾਬਲੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਖਿਡਾਰੀਆਂ ਨੇ ਪੂਰੇ ਜੋਸ਼, ਉਤਸ਼ਾਹ ਅਤੇ ਖੇਡ ਭਾਵਨਾ ਨਾਲ ਭਾਗ ਲਿਆ।

ਇਸ ਮੌਕੇ ਹਲਕਾ ਘਨੌਰ ਦੇ ਵਿਧਾਇਕ ਸ੍ਰੀ ਗੁਰਲਾਲ ਸਿੰਘ ਘਨੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਖੇਡਾਂ ਨਾਲ ਜਿੱਥੇ ਨੌਜਵਾਨਾਂ ਵਿੱਚ ਅਨੁਸ਼ਾਸਨ, ਮਿਹਨਤ, ਸਹਿਣਸ਼ੀਲਤਾ ਅਤੇ ਟੀਮ ਭਾਵਨਾ ਵਰਗੇ ਗੁਣ ਪੈਦਾ ਹੁੰਦੇ ਹਨ, ਉੱਥੇ ਹੀ ਉਹ ਸਰੀਰਕ ਅਤੇ ਮਾਨਸਿਕ ਤੌਰ 'ਤੇ ਵੀ ਮਜ਼ਬੂਤ ਬਣਦੇ ਹਨ। ਵਿਧਾਇਕ ਗੁਰਲਾਲ ਸਿੰਘ ਘਨੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਖਿਡਾਰੀਆਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ। 'ਖੇਡਾਂ ਵਤਨ ਪੰਜਾਬ ਦੀਆਂ' ਵਰਗੇ ਪ੍ਰੋਗਰਾਮ ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਦਿਖਾਉਣ ਲਈ ਢੁੱਕਵਾਂ ਮੰਚ ਪ੍ਰਦਾਨ ਕਰਦੇ ਹਨ ਅਤੇ ਪਿੰਡਾਂ ਤੇ ਸ਼ਹਿਰਾਂ ਦੇ ਖਿਡਾਰੀਆਂ ਨੂੰ ਸੂਬਾ ਅਤੇ ਕੌਮੀ ਪੱਧਰ 'ਤੇ ਆਪਣੀ ਪਛਾਣ ਬਣਾਉਣ ਲਈ ਪ੍ਰੇਰਿਤ ਕਰਦੇ ਹਨ।

ਉਨ੍ਹਾਂ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਪੂਰੀ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਖੇਡਾਂ ਵਿੱਚ ਹਿੱਸਾ ਲੈਣ ਅਤੇ ਆਪਣੇ ਮਾਪਿਆਂ, ਕੋਚਾਂ ਅਤੇ ਪੰਜਾਬ ਦਾ ਨਾਮ ਰੌਸ਼ਨ ਕਰਨ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਖੇਡਾਂ ਨਾਲ ਜੁੜਨ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦਾ ਸੱਦਾ ਵੀ ਦਿੱਤਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਸ੍ਰੀ ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਰਾਜ ਪੱਧਰੀ ਮੁਕਾਬਲਿਆਂ ਦੌਰਾਨ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਉਨ੍ਹਾਂ ਦੱਸਿਆ ਕਿ ਕਬੱਡੀ ਸਰਕਲ ਸਟਾਈਲ ਅੰਡਰ-17 ਲੜਕਿਆਂ ਦੇ ਮੁਕਾਬਲਿਆਂ ਵਿੱਚ ਤਰਨਤਾਰਨ ਦੀ ਟੀਮ ਨੇ ਮੋਹਾਲੀ ਨੂੰ 34-9 ਦੇ ਵੱਡੇ ਫ਼ਰਕ ਨਾਲ ਹਰਾਇਆ। ਜਲੰਧਰ ਦੀ ਟੀਮ ਨੇ ਫ਼ਰੀਦਕੋਟ ਨੂੰ 32-30 ਨਾਲ ਮਾਤ ਦਿੱਤੀ, ਜਦਕਿ ਸੰਗਰੂਰ ਦੀ ਟੀਮ ਨੇ ਪਠਾਨਕੋਟ ਨੂੰ 40-15 ਦੇ ਸਕੋਰ ਨਾਲ ਹਰਾਇਆ।

# ਸੀਬੀਐਸਈ ਨੈਸ਼ਨਲ ਅਥਲੈਟਿਕਸ ਮੀਟ 'ਚ ਪਟਿਆਲੇ ਦੇ ਏਕਮਜੋਤ ਸਿੰਘ ਨੇ ਡਿਸਕਸ ਥਰੋ ਚ ਜਿੱਤਿਆ ਗੋਲਡ



**ਪਟਿਆਲਾ, 19 ਅਕਤੂਬਰ**
**-ਛਤਰਪਾਲ ਸਿੰਘ-**

ਸੁਸ਼ੀਲਾ ਦੇਵੀ ਪਬਲਿਕ ਸਕੂਲ ਦੇ ਪ੍ਰਿੰਸੀਪਲ ਰੇਖਾ ਗੁਪਤਾ ਦੀ ਯੋਗ ਅਗਵਾਈ ਹੇਠ ਤੇ ਆਰਗਨਾਈਜਿੰਗ ਸੈਕਟਰੀ ਸਤਵਿੰਦਰ ਸਿੰਘ ਤਾਇਕਵਾਡੋਂ ਕੋਚ ਦੇ ਤਾਲਮੇਲ ਨਾਲ ਸੀਬੀਐਸਈ ਨੈਸ਼ਨਲ ਅਥਲੈਟਿਕਸ ਮੀਟ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕਰਵਾਈ ਜਾ ਰਹੀ ਹੈ।ਅੱਜ ਦੇ ਹੋਏ ਅੰਡਰ-17 ਲੜਕਿਆਂ ਦੇ ਡਿਸਕਸ ਥਰੋ ਦੇ ਮੁਕਾਬਲਿਆਂ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਪਟਿਆਲਾ ਦੇ ਏਕਮਜੋਤ ਸਿੰਘ ਨੇ (50.42ਮੀਟਰ) ਨਾਲ ਗੋਲਡ ਮੈਡਲ ਜਿੱਤਿਆ।ਏਕਮਜੋਤ ਸਿੰਘ ਨੇ ਪਟਿਆਲੇ ਅਤੇ ਪੰਜਾਬ ਦਾ ਨਾਮ ਕੌਮੀ ਪੱਧਰ ਤੇ ਚਮਕਾਇਆ,ਅਭੀਨਵ ਕੁਮਾਰ ਨੇ ਸਿਲਵਰ(49.06 ਮੀਟਰ),ਹੀਤੇਨ ਨੇ ਬਰਾਉਨਜ਼ (48.25 ਮੀਟਰ) ਜਿੱਤਿਆ ਅੰਡਰ-19 ਲੜਕਿਆਂ ਦੇ ਸ਼ਾਟਪੁੱਟ ਮੁਕਾਬਲਿਆਂ ਵਿੱਚ ਮੀਤ ਸਿੰਘ ਨੇ ਗੋਲਡ, ਪ ?ਧੀਉੱਤ ਨੇ ਸਿਲਵਰ, ਸਿਧਾਰਥ ਨੇ ਬਰਾਉਨਜ਼,ਅੰਡਰ-14 ਦੇ ਵਿੱਚ ਨਿਤੀਜ ਨੇ ਗੋਲਡ,ਵਿਸ਼ਨੂ ਦਇਆ ਯਾਦਵ ਨੇ ਸਿਲਵਰ,ਆਸ਼ੂ ਨੇ ਬਰਾਉਨਜ਼,ਅੰਡਰ-17 ਦੇ ਵਿੱਚ ਯੁਵਰਾਜ ਨੇ ਗੋਲਡ,ਦਿਵਜੋਤ ਸਿੰਘ ਨੇ ਸਿਲਵਰ,ਹਰਸ਼ ਨੇ ਬਰਾਉਨਜ਼,ਅੰਡਰ-17 ਲੜਕੀਆਂ ਦੇ ਸ਼ਾਟਪੁੱਟ ਦੇ ਮੁਕਾਬਲਿਆਂ ਵਿੱਚ ਉਰਵਸ਼ੀ ਯਾਦਵ ਨੇ ਗੋਲਡ,ਮੈਦਾਨੀ ਨੇ ਸਿਲਵਰ,ਜੈਸਮੀਨ ਕੌਰ ਨੇ ਬਰਾਉਨਜ਼ ਮੈਡਲ ਜਿੱਤਿਆ।ਟੂਰਨਾਮੈਂਟ ਦੇ ਅਬਜਰਵਰ ਸੰਜੇ ਚੌਹਾਨ,ਸੁਨੀਤਾ ਰਾਏ,ਟੈਕਨੀਕਲ ਕਮੇਟੀ- ਸਰਬਜੀਤ ਸਿੰਘ, ਫੁਲੇਲ ਸਿੰਘ,ਸੁਖਚਰਨ ਸਿੰਘ, ਬਲਵਿੰਦਰ ਸਿੰਘ,ਹਰਭਜਨ ਸਿੰਘ,ਰੁਪਿੰਦਰ ਸਿੰਘ,ਗੁਰਦੀਪ ਸਿੰਘ ਧਾਲੀਵਾਲ, ਫਿਜੀਓਥੈਰੇਪੀ ਦੀ ਟੀਮ ਵਿੱਚ ਦੀਸ਼ਾਂਤ ਕੰਬੋਜ, ਬਲਜੋਤ ਕੌਰ ਤੇ ਸ਼ੇ ?ਆ ਡਿਊਟੀ ਨਿਭਾ ਰਹੇ ਹਨ।ਇਸ ਮੌਕੇ ਸਕੂਲ ਟਰੱਸਟੀ ਕੁਨਾਲ ਅਗਰਵਾਲ,ਹਰੀਸ਼ ਸਿੰਘ ਰਾਵਤ,ਡਾ ਆਸਾ ਸਿੰਘ, ਪਰਮਜੀਤ ਸਿੰਘ ਸੋਹੀ, ਨਵਦੀਪ ਕੌਰ,ਗੁਰਨਾਮ ਕੌਰ, ਅੰਮ੍ਰਿਤਪਾਲ ਕੌਰ,ਬਲਵਿੰਦਰ ਕੌਰ,ਭੁਪਿੰਦਰ ਕੌਰ ਸੰਧੂ, ਸਤਵਿੰਦਰ ਸਿੰਘ,ਨਿਰਭੈ ਸਿੰਘ ਟੌਹੜਾ, ਬਿਕਰਮ ਠਾਕੁਰ, ਦੀਪਇੰਦਰ ਸਿੰਘ,ਮਨਪ੍ਰੀਤ ਸਿੰਘ,ਸ਼ੁਭਮ ਕੁਮਾਰ,ਗੁਰਜੀਤ ਸਿੰਘ, ਸੁਰਿੰਦਰਪਾਲ ਸਿੰਘ ਐਸਪੀ,ਨਿਖਿਲ ਸ਼ਰਮਾ ਅਤੇ ਪ੍ਰੈੱਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

# ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਨਰਾਤਿਆਂ ਦੇ ਪਾਵਨ ਮੌਕੇ ਪਹਿਲੀ ਵਾਰ ਕਰਵਾਈ ਇਤਿਹਾਸਕ ਮਾਤਾ ਦੀ ਚੌਂਕੀ ਨੇ ਸ਼ਰਧਾਲੂਆਂ ਨੂੰ ਮਾਤਾ ਦੇ ਰੰਗ 'ਚ ਰੰਗਿਆ



**ਪਟਿਆਲਾ, 19 ਅਕਤੂਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਟਿਆਲਾ ਦੇ ਪ੍ਰਾਚੀਨ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਨਰਾਤਿਆਂ ਦੇ ਪਾਵਨ ਮੌਕੇ 'ਤੇ ਇਸ ਵਾਰ ਪਹਿਲੀ ਵਾਰ ਇਤਿਹਾਸਕ ਅੱਠ ਦਿਨਾਂ ਦੀ ਕਰਵਾਈ ਜਾ ਰਹੀ ਮਾਤਾ ਦੀ ਚੌਂਕੀ ਨੇ ਸ਼ਰਧਾਲੂਆਂ ਨੂੰ ਮਾਤਾ ਦੇ ਰੰਗ 'ਚ ਰੰਗਿਆ ਹੈ। ਇਸ ਚੌਂਕੀ ਦੀ ਸੇਵਾ ਮੰਦਰ ਐਡਵਾਈਜਰੀ ਮੈਨੇਜਮੈਂਟ ਕਮੇਟੀ ਨੇ ਇਹ ਅਹਿਮ ਸੇਵਾ ਪੀਆਰਟੀਸੀ ਦੇ ਚੇਅਰਮੈਨ ਹਰਪਾਲ ਜੁਨੇਜਾ ਨੂੰ ਸੌਂਪੀ ਹੈ, ਜਿਸ ਨੂੰ ਉਹ ਪੂਰੀ ਸ਼ਰਧਾ ਅਤੇ ਸਮਰਪਣ ਭਾਵਨਾ ਨਾਲ ਨਿਭਾ ਰਹੇ ਹਨ।

ਮਾਤਾ ਦੀ ਚੌਂਕੀ ਦੌਰਾਨ ਬਹਾਵਲਪੁਰ ਮਹਾਂਸੰਘ ਦੇ ਪ੍ਰਧਾਨ ਸ੍ਰੀ ਰਾਮਚੰਦ ਰਾਮਾ ਨੇ ਜੋਤੀ ਪ੍ਰਚੰਡ ਕਰਕੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਬਹਾਵਲਪੁਰ ਮਹਾਂਸੰਘ ਦੇ ਸਮੂਹ ਅਹੁਦੇਦਾਰਾਂ ਨੇ ਵੀ ਸ਼ਮੂਲੀਅਤ ਕੀਤੀ। ਅੱਠ ਦਿਨਾਂ ਦੀ ਇਸ ਪਾਵਨ ਚੌਂਕੀ ਦੌਰਾਨ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਆਗੂ ਹਰ ਰੋਜ਼ ਪਹੁੰਚ ਕੇ ਜੋਤੀ ਪ੍ਰਚੰਡ ਕਰ ਰਹੇ ਹਨ ਅਤੇ ਮਾਤਾ ਰਾਣੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕਰ ਰਹੇ ਹਨ।

ਹਰਪਾਲ ਜੁਨੇਜਾ ਨੇ ਕਿਹਾ ਕਿ ਪ੍ਰਾਚੀਨ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਹੋ ਰਿਹਾ ਨਵੀਨੀਕਰਨ ਅਤੇ ਸੁੰਦਰੀਕਰਨ ਸ਼ਰਧਾਲੂਆਂ ਲਈ ਖਿੱਚ ਦਾ ਕੇਂਦਰ ਬਣਿਆ ਹੋਇਆ ਹੈ। ਮੰਦਰ ਦੇ ਵਿਕਾਸ ਕਾਰਜਾਂ 'ਤੇ ਵੱਡੇ ਪੱਧਰ 'ਤੇ ਖਰਚ ਕੀਤਾ ਜਾ ਰਿਹਾ ਹੈ ਅਤੇ ਨਵੀਂ ਦਿੱਖ ਨਾਲ ਮੰਦਰ ਦੀ ਸ਼ਾਨ ਹੋਰ ਵਧ ਰਹੀ ਹੈ। ਨਰਾਤਿਆਂ ਦੌਰਾਨ ਪਹਿਲੀ ਵਾਰ ਅੱਠ ਦਿਨਾਂ ਦੀ ਚੌਂਕੀ ਲੱਗਣ ਕਾਰਨ ਸਨਾਤਨ ਧਰਮ ਨਾਲ ਜੁੜੇ ਸ਼ਰਧਾਲੂਆਂ ਵਿੱਚ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।

ਹਰਪਾਲ ਜੁਨੇਜਾ ਨੇ ਦੱਸਿਆ ਕਿ ਇਸ ਵਾਰ ਸ਼ਹਿਰ ਦੇ ਨਾਲ-ਨਾਲ ਆਸ-ਪਾਸ ਦੇ ਪਿੰਡਾਂ ਤੋਂ ਵੀ ਵੱਡੀ ਗਿਣਤੀ ਵਿੱਚ ਸੰਗਤ ਮਾਤਾ ਰਾਣੀ ਦੇ ਦਰਸ਼ਨਾਂ ਲਈ ਪਹੁੰਚ ਰਹੀ ਹੈ। ਹਰ ਰੋਜ਼ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂ ਪ੍ਰਾਚੀਨ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਮੱਥਾ ਟੇਕ ਕੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕਰ ਰਹੇ ਹਨ।

ਇਸ ਦੌਰਾਨ ਨਵੇਂ ਲੰਗਰ ਭਵਨ ਵਿੱਚ ਸੰਗਤ ਲਈ ਸੁਚੱਜੇ ਪ੍ਰਬੰਧ ਵੀ ਸ਼ਰਧਾਲੂਆਂ ਨੂੰ ਸੁਵਿਧਾ ਪ੍ਰਦਾਨ ਕਰ ਰਹੇ ਹਨ। ਮੰਦਰ ਵਿਖੇ ਨਵੇਂ ਬਣੇ ਲੰਗਰ ਭਵਨ ਵਿੱਚ ਵੀ ਸੰਗਤ ਦੀ ਸਹੂਲਤ ਲਈ ਬਹੁਤ ਵਧੀਆ ਪ੍ਰਬੰਧ ਕੀਤੇ ਗਏ ਹਨ। ਇੱਥੇ ਇੱਕ ਸਮੇਂ ਵਿੱਚ ਲਗਭਗ 1,000 ਤੋਂ 1,500 ਸ਼ਰਧਾਲੂ ਬੈਠ ਕੇ ਲੰਗਰ ਛਕ ਸਕਦੇ ਹਨ। ਹਰ ਰੋਜ਼ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਲੰਗਰ ਦਾ ਪ੍ਰਸ਼ਾਦਾ ਛਕ ਰਹੀ ਹੈ। ਸ਼ਰਧਾਲੂ ਜਿੱਥੇ ਮਾਤਾ ਰਾਣੀ ਦੇ ਦਰਸ਼ਨ ਕਰਕੇ ਨਿਹਾਲ ਹੋ ਰਹੇ ਹਨ, ਉੱਥੇ ਹੀ ਮੰਦਰ ਦੇ ਨਵੀਨੀਕਰਨ ਅਤੇ ਲੰਗਰ ਭਵਨ ਵਿੱਚ ਕੀਤੇ ਗਏ ਪ੍ਰਬੰਧਾਂ ਦੀ ਵੀ ਭਰਪੂਰ ਸ਼ਲਾਘਾ ਕਰ ਰਹੇ ਹਨ।

ਹਰਪਾਲ ਜੁਨੇਜਾ ਨੇ ਕਿਹਾ ਕਿ ਮਾਤਾ ਰਾਣੀ ਦੀ ਕਿਰਪਾ ਸਦਕਾ ਇਸ ਪਾਵਨ ਸਮਾਗਮ ਵਿੱਚ ਸੰਗਤਾਂ ਦਾ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਧਾਰਮਿਕ ਸੰਸਥਾਵਾਂ ਦੇ ਆਗੂਆਂ ਅਤੇ ਸੇਵਾਦਾਰਾਂ ਵੱਲੋਂ ਮਿਲ ਰਹੇ ਸਹਿਯੋਗ ਨਾਲ ਇਹ ਸੇਵਾ ਹੋਰ ਵੀ ਸੁਚੱਜੇ ਢੰਗ ਨਾਲ ਨਿਭਾਈ ਜਾ ਰਹੀ ਹੈ।
ਉਨ੍ਹਾਂ ਮਾਤਾ ਰਾਣੀ ਦੇ ਚਰਨਾਂ ਵਿੱਚ ਅਰਦਾਸ ਕੀਤੀ ਕਿ ਮਾਤਾ ਰਾਣੀ ਸਾਰਿਆਂ ਦੀਆਂ ਝੋਲੀਆਂ ਖੁਸ਼ੀਆਂ ਨਾਲ ਭਰੇ, ਹਰ ਪਰਿਵਾਰ ਵਿੱਚ ਸੁੱਖ-ਸ਼ਾਂਤੀ, ਤੰਦਰੁਸਤੀ ਅਤੇ ਖੁਸ਼ਹਾਲੀ ਬਖ਼ਸ਼ੇ ਅਤੇ ਸਮੁੱਚੀ ਲੋਕਾਈ 'ਤੇ ਆਪਣਾ ਮਿਹਰ ਭਰਿਆ ਹੱਥ ਬਣਾਈ ਰੱਖੇ।

# ਪੰਜਾਬ ਦੀਆਂ ਸਾਫ਼ ਹਵਾ ਪਹਿਲਕਦਮੀਆਂ ਰਾਸ਼ਟਰੀ ਸਰਵੋਤਮ ਅਭਿਆਸਾਂ ਦੀ ਸੂਚੀ ਵਿੱਚ ਸ਼ਾਮਲ

## ਮਿਸ਼ਨ ਕਲੀਨ ਪਟਿਆਲਾ, ਰਵਾਇਤੀ ਸ਼ਮਸ਼ਾਨਘਾਟ ਵਿੱਚ ਏਅਰ ਪਾਲਿਊਸ਼ਨ ਕੰਟਰੋਲ ਡਿਵਾਈਸ, ਮੰਡੀ ਗੋਬਿੰਦਗੜ੍ਹ ਵਿੱਚ ਗੈਸ ਆਧਾਰਿਤ ਸ਼ਮਸ਼ਾਨਘਾਟ ਅਤੇ ਬਾਇਓ-ਮੀਥੇਨੇਸ਼ਨ ਪਲਾਂਟ ਦੇਸ਼ ਦੀਆਂ ਸਾਫ਼ ਹਵਾ ਸਬੰਧੀ ਸਰਵੋਤਮ ਪਹਿਲਕਦਮੀਆਂ ਵਿੱਚ ਸ਼ਾਮਲ

**ਪਟਿਆਲਾ, 19 ਅਕਤੂਬਰ**
**-ਜੀ. ਐਸ. ਤੁੰਗ-**

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਈ ਕੀਤੀਆਂ ਆਪਣੀਆਂ ਨਵੀਨਤਮ ਪਹਿਲਕਦਮੀਆਂ ਰਾਹੀਂ ਰਾਸ਼ਟਰੀ ਪੱਧਰ 'ਤੇ ਮਾਨਤਾ ਹਾਸਲ ਕੀਤੀ ਹੈ। ਮਿਸ਼ਨ ਕਲੀਨ ਪਟਿਆਲਾ ਅਤੇ ਪਟਿਆਲਾ ਦੇ ਇੱਕ ਸ਼ਮਸ਼ਾਨਘਾਟ ਵਿੱਚ ਏਅਰ ਪਾਲਿਊਸ਼ਨ ਕੰਟਰੋਲ ਡਿਵਾਈਸ (ਏਪੀਸੀਡੀ) ਦੀ ਸਥਾਪਨਾ ਨੂੰ ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਰਾਸ਼ਟਰੀ ਸਾਫ਼ ਹਵਾ ਪ੍ਰੋਗਰਾਮ (ਐਨਕੈਪ), 2026 ਤਹਿਤ ਜਾਰੀ ਕੀਤੇ ਗਏ 'ਬੈਸਟ ਪ੍ਰੈਕਟਿਸਿਜ਼' ਸੰਕਲਨ ਵਿੱਚ ਸ਼ਾਮਲ ਕੀਤਾ ਗਿਆ ਹੈ। ਇਸ ਤੋਂ ਇਲਾਵਾ ਮੰਡੀ ਗੋਬਿੰਦਗੜ੍ਹ ਦਾ ਗੈਸ ਆਧਾਰਿਤ ਸ਼ਮਸ਼ਾਨਘਾਟ ਅਤੇ ਗੋਬਿੰਦਗੜ੍ਹ ਦਾ ਬਾਇਓ-ਮੀਥੇਨੇਸ਼ਨ ਪਲਾਂਟ ਵੀ ਪੰਜਾਬ ਦੀਆਂ ਸਰਵੋਤਮ ਪਹਿਲਕਦਮੀਆਂ ਵਿੱਚ ਸ਼ਾਮਲ ਹਨ।

ਇਹ ਮਾਨਤਾ ਹਵਾ ਪ੍ਰਦੂਸ਼ਣ ਦੇ ਵੱਖ-ਵੱਖ ਸਰੋਤਾਂ ਨਾਲ ਨਜਿੱਠਣ ਲਈ ਪੰਜਾਬ ਵੱਲੋਂ ਕੀਤੇ ਜਾ ਰਹੇ ਯਤਨਾਂ ਨੂੰ ਉਜਾਗਰ ਕਰਦੀ ਹੈ। ਇਨ੍ਹਾਂ ਵਿੱਚ ਲੋਕਾਂ ਦੀ ਭਾਗੀਦਾਰੀ, ਤਕਨਾਲੋਜੀ ਆਧਾਰਿਤ ਹੱਲ ਅਤੇ ਟਿਕਾਊ ਕੂੜਾ ਪ੍ਰਬੰਧਨ ਸ਼ਾਮਲ ਹਨ। ਇਹ ਪਹਿਲਕਦਮੀਆਂ ਦਰਸਾਉਂਦੀਆਂ ਹਨ ਕਿ ਸਥਾਨਕ ਪੱਧਰ 'ਤੇ ਕੀਤੀ ਕਾਰਵਾਈ, ਸੰਸਥਾਗਤ ਸਹਿਯੋਗ ਅਤੇ ਵਿਹਾਰਕ ਹੱਲ ਦੇਸ਼ ਵਿੱਚ ਸਾਫ਼ ਹਵਾ ਦੇ ਵੱਡੇ ਟੀਚੇ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ।

**ਮਿਸ਼ਨ ਕਲੀਨ ਪਟਿਆਲਾ: ਸਾਫ਼-ਸੁਥਰੇ ਮਾਹੌਲ ਨੂੰ ਲੋਕ ਲਹਿਰ ਬਣਾਉਣਾ**

ਪੀਪੀਸੀਬੀ ਦੁਆਰਾ ਜ਼ਿਲ੍ਹਾ ਪ੍ਰਸ਼ਾਸਨ ਅਤੇ ਨਗਰ ਨਿਗਮ, ਪਟਿਆਲਾ ਦੇ ਸਹਿਯੋਗ ਨਾਲ ਸ਼ੁਰੂ ਕੀਤਾ ਗਿਆ, ਅਤੇ ਸੈਂਟਰ ਫਾਰ ਦ ਸਟੱਡੀ ਆਫ਼ ਸਾਇੰਸ, ਟੈਕਨਾਲੋਜੀ ਐਂਡ ਪਾਲਿਸੀ (ਸੀਐਸਟੀਈਪੀ) ਦੇ ਸਹਿਯੋਗ ਨਾਲ ਸੰਕਲਪਿਤ, ਮਿਸ਼ਨ ਕਲੀਨ ਪਟਿਆਲਾ ਨੇ ਵਿਦਿਅਕ ਸੰਸਥਾਵਾਂ, ਸਰਕਾਰੀ ਵਿਭਾਗਾਂ, ਸੰਗਠਨਾਂ ਅਤੇ ਨਾਗਰਿਕਾਂ ਨੂੰ ਸ਼ਹਿਰੀ ਸਫਾਈ ਨੂੰ ਬਿਹਤਰ ਬਣਾਉਣ ਅਤੇ ਵਾਤਾਵਰਣ ਸੁਰੱਖਿਆ ਵਿੱਚ ਭਾਈਚਾਰਕ ਭਾਗੀਦਾਰੀ ਨੂੰ ਮਜ਼ਬੂਤ ਕਰਨ ਲਈ ਲਾਮਬੰਦ ਕੀਤਾ ਹੈ।

ਨਿਯਮਤ ਸੜਕ ਸਫ਼ਾਈ ਮੁਹਿੰਮਾਂ ਰਾਹੀਂ ਇਹ ਪਹਿਲਕਦਮੀ ਇਕੱਠੇ ਹੋਏ ਕੂੜੇ ਨੂੰ ਹਟਾਉਣ, ਖੁੱਲ੍ਹੇ ਵਿੱਚ ਕੂੜਾ ਸਾੜਨ ਨੂੰ ਰੋਕਣ ਅਤੇ ਜ਼ਿੰਮੇਵਾਰ ਕੂੜਾ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ 'ਤੇ ਧਿਆਨ ਕੇਂਦਰਿਤ ਕਰਦੀ ਹੈ। ਵਿਦਿਆਰਥੀਆਂ, ਸਰਕਾਰੀ ਏਜੰਸੀਆਂ ਅਤੇ ਸਥਾਨਕ ਭਾਈਚਾਰਿਆਂ ਨੂੰ ਨਾਲ ਜੋੜ ਕੇ ਇਹ ਮੁਹਿੰਮ ਸਫ਼ਾਈ ਨੂੰ ਕਿਸੇ ਇੱਕ ਮੌਕੇ ਤੱਕ ਸੀਮਿਤ ਰੱਖਣ ਦੀ ਬਜਾਏ ਇੱਕ ਲਗਾਤਾਰ ਨਾਗਰਿਕ ਆਦਤ ਬਣਾਉਣ ਦਾ ਯਤਨ ਕਰਦੀ ਹੈ।

ਇਹ ਪਹਿਲਕਦਮੀ ਠੋਸ ਕੂੜਾ ਪ੍ਰਬੰਧਨ ਅਤੇ ਹਵਾ ਦੀ ਗੁਣਵੱਤਾ ਵਿਚਕਾਰ ਸਬੰਧ ਨੂੰ ਵੀ ਮਜ਼ਬੂਤ ਕਰਦੀ ਹੈ। ਕੂੜੇ ਦੇ ਇਕੱਠ ਅਤੇ ਖੁੱਲ੍ਹੇ ਵਿੱਚ ਕੂੜਾ ਸਾੜਨ ਤੋਂ ਰੋਕਣ ਨਾਲ ਪਾਰਟੀਕੁਲੇਟ ਮੈਟਰ ਅਤੇ ਹੋਰ ਹਾਨੀਕਾਰਕ ਪ੍ਰਦੂਸ਼ਕਾਂ ਦੇ ਨਿਕਾਸ ਨੂੰ ਘਟਾਉਣ ਵਿੱਚ ਮਦਦ ਮਿਲ ਸਕਦੀ ਹੈ।

**ਸਾਫ਼-ਸੁਥਰੇ ਰਵਾਇਤੀ ਅੰਤਿਮ ਸੰਸਕਾਰ ਲਈ ਤਕਨਾਲੋਜੀ**

ਪਟਿਆਲਾ ਦੇ ਇੱਕ ਰਵਾਇਤੀ ਲੱਕੜ ਆਧਾਰਿਤ ਸ਼ਮਸ਼ਾਨਘਾਟ ਵਿੱਚ ਏਅਰ ਪਾਲਿਊਸ਼ਨ ਕੰਟਰੋਲ ਡਿਵਾਈਸ ਦੀ ਸਥਾਪਨਾ ਧਾਰਮਿਕ ਅਤੇ ਸੱਭਿਆਚਾਰਕ ਰਵਾਇਤਾਂ ਦਾ ਸਨਮਾਨ ਕਰਦੇ ਹੋਏ ਹਵਾ ਵਿੱਚ ਪੈਦਾ ਹੋਣ ਵਾਲੇ ਪਾਰਟੀਕੁਲੇਟ ਪ੍ਰਦੂਸ਼ਣ ਨੂੰ ਘਟਾਉਣ ਦੀ ਕੋਸ਼ਿਸ਼ ਹੈ। ਐਨਕੈਪ ਤਹਿਤ ਪਾਇਲਟ ਪ੍ਰੋਜੈਕਟ ਵਜੋਂ ਲਾਗੂ ਕੀਤੀ ਗਈ ਇਹ ਪਹਿਲਕਦਮੀ ਰਵਾਇਤੀ ਅੰਤਿਮ ਸੰਸਕਾਰ ਦੌਰਾਨ ਪੈਦਾ ਹੋਣ ਵਾਲੇ ਪਾਰਟੀਕੁਲੇਟ ਪ੍ਰਦੂਸ਼ਣ ਨੂੰ ਘਟਾਉਣ ਲਈ ਤਿਆਰ ਕੀਤੀ ਗਈ ਹੈ। ਇਹ ਪਹਿਲਕਦਮੀ ਦਰਸਾਉਂਦੀ ਹੈ ਕਿ ਤਕਨਾਲੋਜੀ ਆਧਾਰਿਤ ਹੱਲ ਮੌਜੂਦਾ ਰਵਾਇਤਾਂ ਦੇ ਨਾਲ ਤਾਲਮੇਲ ਬਣਾ ਕੇ ਸਾਫ਼ ਹਵਾ ਲਈ ਯੋਗਦਾਨ ਪਾ ਸਕਦੇ ਹਨ, ਬਿਨਾਂ ਭਾਈਚਾਰੇ ਦੀਆਂ ਧਾਰਮਿਕ ਅਤੇ ਸੱਭਿਆਚਾਰਕ ਭਾਵਨਾਵਾਂ ਨੂੰ ਨਜ਼ਰਅੰਦਾਜ਼ ਕੀਤੇ।



ਗੋਬਿੰਦਗੜ੍ਹ ਵਿੱਚ ਸਾਫ਼-ਸੁਥਰਾ ਅੰਤਿਮ ਸੰਸਕਾਰ ਅਤੇ ਜੈਵਿਕ ਕੂੜਾ ਪ੍ਰਬੰਧਨ ; ਮੰਡੀ ਗੋਬਿੰਦਗੜ੍ਹ ਵਿੱਚ ਗੈਸ ਆਧਾਰਿਤ ਸ਼ਮਸ਼ਾਨਘਾਟਾਂ ਨੂੰ ਸ਼ਾਮਲ ਕੀਤਾ ਜਾਣਾ ਰਵਾਇਤੀ ਲੱਕੜ ਆਧਾਰਿਤ ਅੰਤਿਮ ਸੰਸਕਾਰ 'ਤੇ ਨਿਰਭਰਤਾ ਘਟਾਉਣ ਅਤੇ ਇਸ ਨਾਲ ਜੁੜੇ ਪ੍ਰਦੂਸ਼ਣ ਨੂੰ ਘਟਾਉਣ ਵੱਲ ਇੱਕ ਵਿਕਲਪਿਕ ਪਹੁੰਚ ਨੂੰ ਦਰਸਾਉਂਦਾ ਹੈ। ਗੋਬਿੰਦਗੜ੍ਹ ਦਾ ਬਾਇਓ-ਮੀਥੇਨੇਸ਼ਨ ਪਲਾਂਟ ਟਿਕਾਊ ਸ਼ਹਿਰੀ ਵਾਤਾਵਰਣ ਪ੍ਰਬੰਧਨ ਦੀ ਇੱਕ ਉਦਾਹਰਨ ਹੈ। ਇਹ ਜੈਵਿਕ ਕੂੜੇ ਦੀ ਪ੍ਰੋਸੈਸਿੰਗ ਕਰਕੇ ਬਾਇਓਗੈਸ ਪੈਦਾ ਕਰਨ ਵਿੱਚ ਮਦਦ ਕਰਦਾ ਹੈ। ਇਸ ਨਾਲ ਢੁਕਵੇਂ ਕੂੜੇ ਨੂੰ ਰਵਾਇਤੀ ਨਿਪਟਾਰੇ ਦੇ ਤਰੀਕਿਆਂ ਤੋਂ ਹਟਾ ਕੇ ਸਰੋਤਾਂ ਦੀ ਮੁੜ ਵਰਤੋਂ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ। ਪ੍ਰਭਾਵਸ਼ਾਲੀ ਕੂੜਾ ਵੱਖਰੀਕਰਨ ਅਤੇ ਪਲਾਂਟ ਦੇ ਸੁਚਾਰੂ ਸੰਚਾਲਨ ਨਾਲ ਅਜਿਹੀਆਂ ਸਹੂਲਤਾਂ ਬਿਹਤਰ ਕੂੜਾ ਪ੍ਰਬੰਧਨ ਅਤੇ ਵਾਤਾਵਰਣ 'ਤੇ ਘੱਟ ਪ੍ਰਭਾਵ ਪਾਉਣ ਵਿੱਚ ਯੋਗਦਾਨ ਪਾ ਸਕਦੀਆਂ ਹਨ। ਇਹ ਸਾਰੀਆਂ ਪਹਿਲਕਦਮੀਆਂ ਮਿਲ ਕੇ ਦਰਸਾਉਂਦੀਆਂ ਹਨ ਕਿ ਹਵਾ ਪ੍ਰਦੂਸ਼ਣ ਨਾਲ ਨਜਿੱਠਣ ਲਈ ਕਈ ਪੱਧਰਾਂ 'ਤੇ ਕੰਮ ਕਰਨ ਦੀ ਲੋੜ ਹੈ - ਜਿਸ ਵਿੱਚ ਸਾਫ਼ ਤਕਨਾਲੋਜੀ, ਕੂੜਾ ਪ੍ਰਬੰਧਨ, ਲੋਕਾਂ ਦੀ ਭਾਗੀਦਾਰੀ ਅਤੇ ਪ੍ਰਦੂਸ਼ਣ ਨੂੰ ਸਰੋਤ 'ਤੇ ਹੀ ਰੋਕਣ ਵਰਗੇ ਕਦਮ ਸ਼ਾਮਲ ਹਨ। ਇਹ ਪਹਿਲਕਦਮੀਆਂ ਤਕਨਾਲੋਜੀਕਲ ਹੱਲਾਂ ਨੂੰ ਮੌਜੂਦਾ ਰਵਾਇਤਾਂ ਦੇ ਨਾਲ ਜੋੜ ਕੇ ਸਾਫ਼ ਹਵਾ ਲਈ ਕੰਮ ਕਰਨ ਦਾ ਮਾਡਲ ਪੇਸ਼ ਕਰਦੀਆਂ ਹਨ। ਪ੍ਰਦਰਸ਼ਨ ਦੇ ਮੁਲਾਂਕਣ ਅਤੇ ਸਥਾਨਕ ਲੋੜਾਂ ਦੇ ਆਧਾਰ 'ਤੇ ਇਨ੍ਹਾਂ ਨੂੰ ਹੋਰ ਸ਼ਹਿਰਾਂ ਵਿੱਚ ਵੀ ਅਪਣਾਇਆ ਜਾ ਸਕਦਾ ਹੈ। ਸਾਫ਼ ਹਵਾ ਦੇ ਰਾਸ਼ਟਰੀ ਮਿਸ਼ਨ ਵਿੱਚ ਪੰਜਾਬ ਦਾ ਯੋਗਦਾਨ

ਸੀਪੀਸੀਬੀ ਦੇ ਐਨਕੈਪ 'ਬੈਸਟ ਪ੍ਰੈਕਟਿਸਿਜ਼' ਸੰਕਲਨ ਵਿੱਚ ਇਨ੍ਹਾਂ ਪਹਿਲਕਦਮੀਆਂ ਦੀ ਸ਼ਮੂਲੀਅਤ ਸਥਾਨਕ ਲੋੜਾਂ ਮੁਤਾਬਕ ਹੱਲ ਵਿਕਸਿਤ ਕਰਨ ਦੀ ਮਹੱਤਤਾ ਨੂੰ ਉਜਾਗਰ ਕਰਦੀ ਹੈ। ਇਹ ਪਹਿਲਕਦਮੀਆਂ ਦੇਸ਼ ਦੇ ਹੋਰ ਹਿੱਸਿਆਂ ਵਿੱਚ ਵਾਤਾਵਰਣ ਸੁਰੱਖਿਆ ਲਈ ਵੀ ਮਾਰਗਦਰਸ਼ਨ ਪ੍ਰਦਾਨ ਕਰ ਸਕਦੀਆਂ ਹਨ।

ਇਹ ਮਾਨਤਾ ਤਕਨਾਲੋਜੀ ਆਧਾਰਿਤ ਦਖ਼ਲਅੰਦਾਜ਼ੀ ਨੂੰ ਲੋਕਾਂ ਦੀ ਭਾਗੀਦਾਰੀ ਅਤੇ ਲਗਾਤਾਰ ਕਾਰਵਾਈ ਨਾਲ ਜੋੜਨ ਦੀ ਮਹੱਤਤਾ ਨੂੰ ਵੀ ਦਰਸਾਉਂਦੀ ਹੈ।

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ, ਪੰਜਾਬ ਦੀਆਂ ਸਾਫ਼ ਹਵਾ ਸਬੰਧੀ ਪਹਿਲਕਦਮੀਆਂ ਨੂੰ ਰਾਸ਼ਟਰੀ ਪੱਧਰ 'ਤੇ ਮਿਲੀ ਮਾਨਤਾ ਸਾਡੇ ਇਸ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਦੀ ਹੈ ਕਿ ਟਿਕਾਊ ਵਾਤਾਵਰਣਕ ਬਦਲਾਅ ਵਿਗਿਆਨਕ ਹੱਲਾਂ ਅਤੇ ਲੋਕਾਂ ਦੀ ਭਾਗੀਦਾਰੀ ਨੂੰ ਇਕੱਠੇ ਲਿਆਉਣ ਨਾਲ ਹੀ ਸੰਭਵ ਹੈ। ਮਿਸ਼ਨ ਕਲੀਨ ਪਟਿਆਲਾ ਰਾਹੀਂ ਸਫ਼ਾਈ ਨੂੰ ਸਾਂਝੀ ਨਾਗਰਿਕ ਜ਼ਿੰਮੇਵਾਰੀ ਬਣਾਉਣ ਤੋਂ ਲੈ ਕੇ ਰਵਾਇਤੀ ਸ਼ਮਸ਼ਾਨਘਾਟਾਂ ਵਿੱਚ ਪ੍ਰਦੂਸ਼ਣ ਕੰਟਰੋਲ ਤਕਨਾਲੋਜੀ ਦੀ ਵਰਤੋਂ ਤੱਕ, ਸਾਡਾ ਧਿਆਨ ਪ੍ਰਦੂਸ਼ਣ ਨੂੰ ਇਸਦੇ ਸਰੋਤ 'ਤੇ ਹੀ ਰੋਕਣ ਅਤੇ ਅਜਿਹੇ ਮਾਡਲ ਤਿਆਰ ਕਰਨ 'ਤੇ ਹੈ, ਜਿਨ੍ਹਾਂ ਨੂੰ ਪੂਰੇ ਪੰਜਾਬ ਵਿੱਚ ਲਾਗੂ ਕੀਤਾ ਜਾ ਸਕੇ। ਚੇਅਰਪਰਸਨ ਨੇ ਦੱਸਿਆ ਕਿ ਸਾਡਾ ਟੀਚਾ 'ਰੰਗਲਾ ਪੰਜਾਬ' ਦੇ ਸੁਪਨੇ ਨੂੰ ਸਾਕਾਰ ਕਰਨਾ ਹੈ - ਇੱਕ ਅਜਿਹਾ ਪੰਜਾਬ ਜਿਸ ਦੀ ਪਛਾਣ ਸਾਫ਼ ਹਵਾ, ਸਿਹਤਮੰਦ ਭਾਈਚਾਰਿਆਂ ਅਤੇ ਟਿਕਾਊ ਵਿਕਾਸ ਨਾਲ ਹੋਵੇ। ਅਸੀਂ ਨਵੀਨਤਾ, ਸਹਿਯੋਗ ਅਤੇ ਵਾਤਾਵਰਣ ਪ੍ਰਤੀ ਆਪਣੀਆਂ ਵਚਨਬੱਧਤਾਵਾਂ ਨੂੰ ਲੋਕਾਂ ਦੀ ਜ਼ਿੰਦਗੀ ਵਿੱਚ ਅਸਲ ਸੁਧਾਰਾਂ ਵਿੱਚ ਬਦਲਣ ਲਈ ਲਗਾਤਾਰ ਕੰਮ ਕਰਦੇ ਰਹਾਂਗੇ।

# ਪੰਜਾਬ ਵਿੱਚ ਗ਼ੈਰ-ਕਾਨੂੰਨੀ ਮਾਈਨਿੰਗ ਵਿਰੁੱਧ ਚਾਰ ਵੱਖ-ਵੱਖ ਥਾਈਂ ਛਾਪੇ, ਭਾਰੀ ਗਿਣਤੀ ਵਿੱਚ ਮਸ਼ੀਨਰੀ ਤੇ ਵਾਹਨ ਜ਼ਬਤ

➢ ਪਠਾਨਕੋਟ ਵਿੱਚ ਮੁਅੱਤਲ ਸਟੋਨ ਕਰੱਸ਼ਰ ਚਲਦਾ ਮਿਲਿਆ; ਖਣਿਜ ਸਮੱਗਰੀ ਵੇਚਣ ਦਾ ਮਾਮਲਾ ਆਇਆ ਸਾਹਮਣੇ
➢ ਕਪੂਰਥਲਾ ਵਿੱਚ ਛਾਪੇ ਦੌਰਾਨ ਛੇ ਟਿੱਪਰ, ਇੱਕ ਪੋਕਲੇਨ ਮਸ਼ੀਨ ਅਤੇ ਟਰੈਕਟਰ ਜ਼ਬਤ, ਇੱਕ ਵਿਅਕਤੀ ਗ੍ਰਿਫ਼ਤਾਰ
➢ ਸਰਕਾਰ ਗ਼ੈਰ-ਕਾਨੂੰਨੀ ਮਾਈਨਿੰਗ ਦੇ ਖ਼ਾਤਮੇ ਲਈ ਅਤੇ ਸਰਕਾਰੀ ਖ਼ਜ਼ਾਨੇ ਦੀ ਰਾਖੀ ਲਈ ਵਚਨਬੱਧ: ਬਰਿੰਦਰ ਕੁਮਾਰ ਗੋਇਲ

**ਚੰਡੀਗੜ੍ਹ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਦੇ ਖਣਨ ਅਤੇ ਭੂ-ਵਿਗਿਆਨ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਗ਼ੈਰ-ਕਾਨੂੰਨੀ ਮਾਈਨਿੰਗ ਵਿਰੁੱਧ ਕਾਰਵਾਈ ਹੋਰ ਤੇਜ਼ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪਠਾਨਕੋਟ, ਕਪੂਰਥਲਾ ਅਤੇ ਸ੍ਰੀ ਅਨੰਦਪੁਰ ਸਾਹਿਬ ਵਿੱਚ ਚਾਰ ਵੱਖ-ਵੱਖ ਥਾਵਾਂ 'ਤੇ ਮਾਰੇ ਗਏ ਛਾਪਿਆਂ ਦੌਰਾਨ ਗ਼ੈਰ-ਕਾਨੂੰਨੀ ਮਾਈਨਿੰਗ ਵਿੱਚ ਵਰਤੀ ਜਾਂਦੀ ਭਾਰੀ ਗਿਣਤੀ ਮਸ਼ੀਨਰੀ ਅਤੇ ਵਾਹਨ ਜ਼ਬਤ ਕੀਤੇ ਗਏ ਹਨ। ਇਨ੍ਹਾਂ ਕਾਰਵਾਈਆਂ ਦੌਰਾਨ ਇੱਕ ਸਟੋਨ ਕਰੱਸ਼ਰ ਮਾਲਕ ਵਿਰੁੱਧ ਕੇਸ ਦਰਜ ਕੀਤਾ ਗਿਆ ਹੈ ਅਤੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਪਠਾਨਕੋਟ ਜ਼ਿਲ੍ਹੇ ਦੇ ਪਿੰਡ ਜੱਸਵਾਂ ਵਿਖੇ ਦੇਰ ਰਾਤ ਕੀਤੀ ਗਈ ਕਾਰਵਾਈ ਦੌਰਾਨ ਵਿਭਾਗ ਨੇ ਇੱਕ ਪੋਕਲੇਨ ਮਸ਼ੀਨ ਅਤੇ ਲਗਭਗ 400 ਕਿਊਬਿਕ ਫੁੱਟ ਬਜਰੀ ਨਾਲ ਭਰਿਆ ਬਿਨਾਂ ਨੰਬਰੀ ਟਿੱਪਰ ਜ਼ਬਤ ਕੀਤਾ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਮਾਈਨਿੰਗ ਵਿਭਾਗ ਦੀਆਂ ਵੱਖ-ਵੱਖ ਟੀਮਾਂ ਵੱਲੋਂ ਪਿੰਡ ਜੱਸਵਾਂ ਦੇ ਕਰੱਸ਼ਰ ਜ਼ੋਨ ਵਿੱਚ ਜਾਂਚ ਦੌਰਾਨ ਤ੍ਰੇਹਨ ਸਟੋਨ ਕਰੱਸ਼ਰ ਵਿਖੇ ਇੱਕ ਪੀਲੇ ਰੰਗ ਦੀ ਪੋਕਲੇਨ ਮਸ਼ੀਨ (ਮਾਡਲ ਆਰ215ਐਲ, ਸੀ.ਆਰ ਨੰਬਰ ਐਨ635ਡੀ01027) ਅਤੇ ਬਿਨਾਂ ਨੰਬਰੀ ਟਿੱਪਰ (ਚੈਸੀ ਨੰਬਰ ਐਮ.ਏ.ਟੀ. 569054 ਟੀ.ਏ.ਡੀ 12679) ਮਿਲਿਆ, ਜਿਸ ਵਿੱਚ ਲਗਭਗ 400 ਕਿਊਬਿਕ ਫੁੱਟ ਬਜਰੀ ਲੱਦੀ ਹੋਈ ਸੀ।

ਪੁਲਿਸ ਵੱਲੋਂ ਪੋਕਲੇਨ ਮਸ਼ੀਨ ਅਤੇ ਬਜਰੀ ਨਾਲ ਭਰੇ ਟਿੱਪਰ ਨੂੰ ਕਬਜ਼ੇ ਵਿੱਚ ਲੈ ਲਿਆ ਗਿਆ। ਇਸ ਮਾਮਲੇ ਵਿੱਚ ਥਾਣਾ ਤਾਰਾਗੜ੍ਹ ਵਿਖੇ ਮਾਈਨਜ਼ ਐਂਡ ਮਿਨਰਲਜ਼ ਐਕਟ, 1957 ਦੀ ਧਾਰਾ 21(1) ਅਤੇ ਭਾਰਤੀ ਨਿਆਂ ਸੰਹਿਤਾ ਦੀਆਂ ਧਾਰਾਵਾਂ 303(2) ਅਤੇ 318(4) ਤਹਿਤ ਕੇਸ ਦਰਜ ਕੀਤਾ ਗਿਆ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਕਾਰਜਕਾਰੀ ਇੰਜੀਨੀਅਰ, ਡਰੇਨੇਜ-ਕਮ-ਮਾਈਨਿੰਗ ਐਂਡ ਜਿਓਲੌਜੀ ਵੱਲੋਂ ਪੱਤਰ ਨੰਬਰ 5243 ਮਿਤੀ 22 ਮਈ, 2026 ਰਾਹੀਂ ਤ੍ਰੇਹਨ ਸਟੋਨ ਕਰੱਸ਼ਰ ਨੂੰ ਪਹਿਲਾਂ ਹੀ ਮੁਅੱਤਲ ਕੀਤਾ ਜਾ ਚੁੱਕਾ ਸੀ। ਇਸ ਦੇ ਬਾਵਜੂਦ ਜੈਨਰੇਟਰ ਦੀ ਮਦਦ ਨਾਲ ਕਰੱਸ਼ਰ ਚਲਾ ਕੇ ਖਣਿਜ ਸਮੱਗਰੀ ਵੇਚੀ ਜਾ ਰਹੀ ਸੀ। ਕਰੱਸ਼ਰ ਮਾਲਕ ਵੱਲੋਂ ਲੋਕਾਂ ਨੂੰ ਇਹ ਕਹਿ ਕੇ ਗੁੰਮਰਾਹ ਕੀਤਾ ਜਾ ਰਿਹਾ ਸੀ ਕਿ ਕਰੱਸ਼ਰ ਸਰਕਾਰੀ ਮਨਜ਼ੂਰੀ ਨਾਲ ਚੱਲ ਰਿਹਾ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਵਿਭਾਗ ਦੇ ਰਿਕਾਰਡ ਅਨੁਸਾਰ ਇਹ ਸਟੋਨ ਕਰੱਸ਼ਰ ਨਵਜੋਤ ਸਿੰਘ ਪੁੱਤਰ ਖਜ਼ਾਨ ਸਿੰਘ ਵਾਸੀ ਪਿੰਡ ਮਨਵਾਲ ਬਾਗ, ਥਾਣਾ ਸ਼ਾਹਪੁਰਕੰਡੀ, ਜ਼ਿਲ੍ਹਾ ਪਠਾਨਕੋਟ ਦੇ ਨਾਮ 'ਤੇ ਰਜਿਸਟਰਡ ਹੈ। ਕਪੂਰਥਲਾ ਵਿੱਚ ਛਾਪੇ ਦੌਰਾਨ ਛੇ ਟਿੱਪਰ, ਪੋਕਲੇਨ ਮਸ਼ੀਨ ਅਤੇ ਟਰੈਕਟਰ ਜ਼ਬਤ, ਇੱਕ ਵਿਅਕਤੀ ਗ੍ਰਿਫ਼ਤਾਰ

ਕਪੂਰਥਲਾ ਜ਼ਿਲ੍ਹੇ ਵਿੱਚ ਇੱਕ ਵੱਖਰੀ ਕਾਰਵਾਈ ਦੌਰਾਨ ਮਾਈਨਿੰਗ ਵਿਭਾਗ ਦੇ ਫਲਾਇੰਗ ਸਕੁਐਡ ਨੇ ਸਥਾਨਕ ਪੁਲਿਸ ਨਾਲ ਮਿਲ ਕੇ ਪਿੰਡ ਖਿਜਰਪੁਰ ਵਿਖੇ ਛਾਪਾ ਮਾਰਿਆ ਅਤੇ ਗ਼ੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਵਿੱਚ ਸ਼ਾਮਲ ਛੇ ਟਿੱਪਰ, ਇੱਕ ਪੋਕਲੇਨ ਮਸ਼ੀਨ ਅਤੇ ਇੱਕ ਟਰੈਕਟਰ ਜ਼ਬਤ ਕੀਤਾ। ਜ਼ਬਤ ਕੀਤੇ ਗਏ ਦੋ ਟਿੱਪਰਾਂ ਵਿੱਚ ਕਰੀਬ 800-800 ਕਿਊਬਿਕ ਫੁੱਟ ਰੇਤਾ ਲੱਦਿਆ ਮਿਲਿਆ।

ਇਸ ਸਬੰਧ ਵਿੱਚ ਜਲੰਧਰ ਦੇ ਲੰਮਾ ਪਿੰਡ ਦੇ ਵਸਨੀਕ ਮਾਈਕਲ ਸਣੇ ਪੰਜ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਈਨਜ਼ ਐਂਡ ਮਿਨਰਲਜ਼ (ਡਿਵੈਲਪਮੈਂਟ ਐਂਡ ਰੈਗੂਲੇਸ਼ਨ) ਐਕਟ ਦੀ ਧਾਰਾ 21(1) ਤਹਿਤ ਥਾਣਾ ਤਲਵੰਡੀ ਚੌਧਰੀਆਂ ਵਿਖੇ ਐਫ.ਆਈ.ਆਰ. ਦਰਜ ਕੀਤੀ ਗਈ ਹੈ।

ਸ੍ਰੀ ਅਨੰਦਪੁਰ ਸਾਹਿਬ ਵਿੱਚ ਗ਼ੈਰ-ਕਾਨੂੰਨੀ ਮਾਈਨਿੰਗ ਦੇ ਦੋ ਮਾਮਲੇ ਸਾਹਮਣੇ ਆਏ, ਪੋਕਲੇਨ ਮਸ਼ੀਨ ਜ਼ਬਤ

ਇਸੇ ਤਰ੍ਹਾਂ ਸ੍ਰੀ ਅਨੰਦਪੁਰ ਸਾਹਿਬ ਜ਼ਿਲ੍ਹੇ ਦੇ ਪਿੰਡ ਸਵਾੜਾ ਵਿਖੇ ਪਿਛਲੇ ਦੋ ਦਿਨਾਂ ਦੌਰਾਨ ਗ਼ੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਛਾਪੇਮਾਰੀ ਕੀਤੀ ਗਈ। ਪਹਿਲੇ ਮਾਮਲੇ ਵਿੱਚ ਗ਼ੈਰ-ਕਾਨੂੰਨੀ ਮਾਈਨਿੰਗ ਕਰਨ ਵਾਲੇ ਜ਼ਮੀਨ ਮਾਲਕ ਵਿਰੁੱਧ 16 ਅਕਤੂਬਰ, 2026 ਨੂੰ ਐਫ.ਆਈ.ਆਰ. ਨੰਬਰ 152 ਦਰਜ ਕੀਤੀ ਗਈ ਹੈ। ਦੂਜੇ ਮਾਮਲੇ ਵਿੱਚ ਜ਼ਮੀਨ ਮਾਲਕ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਗਈ ਹੈ ਅਤੇ ਗ਼ੈਰ-ਕਾਨੂੰਨੀ ਮਾਈਨਿੰਗ ਵਿੱਚ ਵਰਤੀ ਜਾ ਰਹੀ ਟਾਟਾ ਹਿਟਾਚੀ ਏ.ਐਕਸ 110ਆਈ ਕੰਪਨੀ ਦੀ ਸੰਤਰੀ ਰੰਗ ਦੀ ਪੋਕਲੇਨ ਮਸ਼ੀਨ ਜ਼ਬਤ ਕਰਕੇ ਪੁਲਿਸ ਹਵਾਲੇ ਕੀਤੀ ਗਈ ਹੈ।

ਖਣਨ ਤੇ ਭੂ-ਵਿਗਿਆਨ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਗ਼ੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆ ਰਹੀ ਹੈ। ਉਨ੍ਹਾਂ ਕਿਹਾ ਕਿ ਮਾਈਨਿੰਗ ਵਿਭਾਗ ਗ਼ੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਦਾ ਪਤਾ ਲਗਾਉਣ ਅਤੇ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਉਣ ਲਈ ਪੁਲਿਸ ਨਾਲ ਮਿਲ ਕੇ ਨਿਰੰਤਰ ਕੰਮ ਕਰ ਰਿਹਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰੀ ਖ਼ਜ਼ਾਨੇ ਦੇ ਨੁਕਸਾਨ ਨੂੰ ਰੋਕਣ ਲਈ ਕਾਨੂੰਨ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾ ਰਹੀ ਹੈ ਅਤੇ ਮਾਈਨਿੰਗ ਗਤੀਵਿਧੀਆਂ ਨਿਰਧਾਰਤ ਨਿਯਮਾਂ ਤੇ ਕਾਨੂੰਨਾਂ ਅਨੁਸਾਰ ਚਲਾਉਣ ਲਈ ਕਾਰਵਾਈ ਕੀਤੀ ਜਾ ਰਹੀ ਹੈ।

# ਸੀਬੀਐਸਈ ਨੈਸ਼ਨਲ ਅਥਲੈਟਿਕਸ ਮੀਟ ਦਾ ਹੋਇਆ ਆਗਾਜ਼



**ਪਟਿਆਲਾ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੀਬੀਐਸਈ ਸਪੋਰਟਸ ਕਮੇਟੀ ਦਿੱਲੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹੇਠ ਤੇ ਸੁਸ਼ੀਲਾ ਦੇਵੀ ਪਬਲਿਕ ਸਕੂਲ ਦੇ ਪ੍ਰਿੰਸੀਪਲ ਰੇਖਾ ਗੁਪਤਾ ਦੀ ਯੋਗ ਅਗਵਾਈ ਹੇਠ ਤੇ ਆਰਗਨਾਈਜਿੰਗ ਸੈਕਟਰੀ ਸਤਵਿੰਦਰ ਸਿੰਘ ਤਾਇਕਵਾਡੋਂ ਕੋਚ ਦੇ ਤਾਲਮੇਲ ਨਾਲ ਸੀਬੀਐਸਈ ਨੈਸ਼ਨਲ ਅਥਲੈਟਿਕਸ ਮੀਟ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਹੋਇਆ ਆਗਾਜ਼। ਅੱਜ ਮੁੱਖ ਮਹਿਮਾਨ ਦੇ ਤੌਰ ਡਾ.ਜਗਦੀਪ ਸਿੰਘ ਵਾਈਸ ਚਾਂਸਲਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੇ ਪੁਸ਼ਪਿੰਦਰ ਸਿੰਘ ਗਿੱਲ ਵਾਈਸ ਚਾਂਸਲਰ ਮਹਾਰਾਜਾ ਭੁਪਿੰਦਰ ਸਿੰਘ ਸਪੋਰਟਸ ਯੂਨੀਵਰਸਿਟੀ ਅਤੇ ਡਾ ਰਾਜਦੀਪ ਸਿੰਘ ਨੇ ਉਚੇਚੇ ਤੌਰ ਤੇ ਵਿਖੇ ਪਹੁੰਚ ਕੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ।

ਸੀਬੀਐਸਈ ਨੈਸ਼ਨਲ ਅਥਲੈਟਿਕਸ ਮੀਟ ਵਿੱਚ 4500 ਦੇ ਕਰੀਬ ਖਿਡਾਰੀ ਹਿੱਸਾ ਲੈ ਰਹੇ ਹਨ,28 ਸਟੇਟਾਂ ਦੇ ਖਿਡਾਰੀ ਇਸ ਵਿੱਚ ਹਿੱਸਾ ਲੈ ਰਹੇ ਹਨ। ਲਿਆ।ਜਿਸ ਵਿੱਚ 850 ਖਿਡਾਰੀ ਇੰਟਰਨੈਸ਼ਨਲ ਸੀਬੀਐਸਈ ਸਕੂਲਾਂ ਦੇ ਹਨ।ਇਸ ਵਿੱਚ ਬਹਿਰੀਨ,ਦੋਹਾ, ਕਤਰ, ਡੁਬਾਈ, ਸਾਊਦੀ ਅਰਬ, ਕੁਵੈਤ,ਉਮਾਨ, ਦੇਸ਼ਾਂ ਖਿਡਾਰੀ ਭਾਗ ਲੈ ਰਹੇ ਹਨ।

ਟੂਰਨਾਮੈਂਟ ਦੇ ਅਬਜਰਵਰ ਸੰਜੇ ਚੌਹਾਨ, ਟੈਕਨੀਕਲ ਕਮੇਟੀ ਸੁਨੀਤਾ ਰਾਏ,ਸਰਬਜੀਤ ਸਿੰਘ, ਫੁਲੇਲ ਸਿੰਘ,ਸੁਖਚਰਨ ਸਿੰਘ, ਬਲਵਿੰਦਰ ਸਿੰਘ, ਹਰਭਜਨ ਸਿੰਘ,ਰੁਪਿੰਦਰ ਸਿੰਘ,ਮੈਡੀਕਲ ਟੀਮ ਵਿੱਚ ਇਸ਼ਾਂਤ ਕੰਬੋਜ, ਬਲਜੋਤ ਕੌਰ ਆਪਣੀ ਡਿਊਟੀ ਨਿਭਾ ਰਹੇ ਹਨ।ਇਸ ਮੌਕੇ ਅਮਰਪ੍ਰੀਤ ਸਿੰਘ,ਸਕੂਲ ਟਰੱਸਟੀ ਕੁਨਾਲ ਅਗਰਵਾਲ, ਅਮਨਿੰਦਰ ਸਿੰਘ ਬਾਬਾ,ਹਰੀਸ਼ ਸਿੰਘ ਰਾਵਤ, ਪਰਮਜੀਤ ਸਿੰਘ ਸੋਹੀ, ਜਗਤਾਰ ਸਿੰਘ, ਅਮਨਦੀਪ ਕੌਰ,ਹਰਪ੍ਰੀਤ ਕੌਰ, ਨਵਦੀਪ ਕੌਰ, ਗੁਰਨਾਮ ਕੌਰ ਸਤਵਿੰਦਰ ਸਿੰਘ, ਗੁਰਦੀਪ ਸਿੰਘ ਧਾਲੀਵਾਲ, ਨਿਰਭੈ ਸਿੰਘ ਟੌਹੜਾ,ਬਿਕਰਮ ਠਾਕੁਰ, ਦੀਪਇੰਦਰ ਸਿੰਘ,ਮਨਪ੍ਰੀਤ ਸਿੰਘ,ਸ਼ੁਭਮ ਕੁਮਾਰ, ਗੁਰਜੀਤ ਸਿੰਘ,ਸੁਰਿੰਦਰਪਾਲ ਸਿੰਘ ਐਸਪੀ,ਨਿਖਿਲ ਸ਼ਰਮਾ ਅਤੇ ਪ੍ਰੈੱਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

# ਅਜੈਵੀਰ ਸਿੰਘ ਲਾਲਪੁਰਾ ਦੀ ਅਗਵਾਈ ਹੇਠ ਭਾਜਪਾ ਦੀ ਜ਼ਿਲ੍ਹਾ ਕਾਰਜਕਾਰਨੀ ਦੀ ਮੀਟਿੰਗ ਆਯੋਜਿਤ, ਸੰਗਠਨ ਦੀ ਮਜ਼ਬੂਤੀ ਬਾਰੇ ਹੋਇਆ ਵਿਚਾਰ-ਵਟਾਂਦਰਾ

**ਰੂਪਨਗਰ, 19 ਅਕਤੂਬਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਜ਼ਿਲ੍ਹਾ ਰੂਪਨਗਰ ਵਿੱਚ ਭਾਰਤੀ ਜਨਤਾ ਪਾਰਟੀ ਦੀ ਜ਼ਿਲ੍ਹਾ ਕਾਰਜਕਾਰਨੀ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ।

ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਇੰਚਾਰਜ ਰਣਜੀਤ ਸਿੰਘ ਗਿੱਲ ਦਾ ਪਾਰਟੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਮੀਟਿੰਗ ਦੌਰਾਨ ਸੰਗਠਨਾਤਮਕ ਮਾਮਲਿਆਂ, ਪਾਰਟੀ ਦੀਆਂ ਗਤੀਵਿਧੀਆਂ ਅਤੇ ਆਉਣ ਵਾਲੀ ਰਣਨੀਤੀ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਇੰਚਾਰਜ ਰਣਜੀਤ ਸਿੰਘ ਗਿੱਲ ਨੇ ਕਿਹਾ ਕਿ ਕਿਸੇ ਵੀ ਸਿਆਸੀ ਪਾਰਟੀ ਦੀ ਅਸਲ ਤਾਕਤ ਉਸ ਦਾ ਮਜ਼ਬੂਤ ਸੰਗਠਨ ਅਤੇ ਸਮਰਪਿਤ ਵਰਕਰ ਹੁੰਦੇ ਹਨ। ਉਨ੍ਹਾਂ ਕਿਹਾ ਕਿ ਵਰਕਰਾਂ ਨੂੰ ਪਾਰਟੀ ਦੀਆਂ ਨੀਤੀਆਂ ਅਤੇ ਕੇਂਦਰ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਲਈ ਲਗਾਤਾਰ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਨੇ ਸੰਗਠਨ ਨੂੰ ਬੂਥ ਪੱਧਰ ਤੱਕ ਮਜ਼ਬੂਤ ਬਣਾਉਣ, ਲੋਕਾਂ ਨਾਲ ਸਿੱਧਾ ਸੰਪਰਕ ਕਾਇਮ ਰੱਖਣ ਅਤੇ ਆਪਸੀ ਤਾਲਮੇਲ ਨਾਲ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

ਇਸ ਤੋਂ ਬਾਅਦ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜ਼ਿਲ੍ਹਾ ਰੂਪਨਗਰ ਵਿੱਚ ਭਾਜਪਾ ਦੇ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੀ ਤਰੱਕੀ ਵਿੱਚ ਹਰੇਕ ਅਹੁਦੇਦਾਰ ਅਤੇ ਵਰਕਰ ਦੀ ਅਹਿਮ ਭੂਮਿਕਾ ਹੈ। ਉਨ੍ਹਾਂ ਨੇ ਵਰਕਰਾਂ ਨੂੰ ਪੂਰੀ ਲਗਨ, ਅਨੁਸ਼ਾਸਨ ਅਤੇ ਏਕਤਾ ਨਾਲ ਕੰਮ ਕਰਨ ਦਾ ਸੱਦਾ ਦਿੱਤਾ।

ਅਜੈਵੀਰ ਸਿੰਘ ਲਾਲਪੁਰਾ ਨੇ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਣਾ ਅਤੇ ਉਨ੍ਹਾਂ ਦੀ ਆਵਾਜ਼ ਨੂੰ ਉਚਿਤ ਮੰਚ ਤੱਕ ਪਹੁੰਚਾਉਣਾ ਸੰਗਠਨ ਦੀ ਅਹਿਮ ਜ਼ਿੰਮੇਵਾਰੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸਾਰੇ ਅਹੁਦੇਦਾਰਾਂ ਅਤੇ ਵਰਕਰਾਂ ਦੇ ਸਹਿਯੋਗ ਨਾਲ ਜ਼ਿਲ੍ਹੇ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ੀ ਮਿਲੇਗੀ ਅਤੇ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਬਣਾਇਆ ਜਾਵੇਗਾ।

ਇਸ ਮੌਕੇ ਵਰਿੰਦਰ ਰਾਣਾ, ਜਤਿੰਦਰ ਅਠਵਾਲ, ਪ੍ਰਵੇਸ਼ ਗੋਇਲ, ਬਲ ਕ੍ਰਿਸ਼ਨ ਕੁੱਕੂ, ਜਗਦੀਸ਼ ਚੰਦਰ ਕਜਲਾ, ਰਮਨ ਜਿੰਦਲ, ਮੋਨਿਕਾ ਸ਼ਰਮਾ, ਓਂਕਾਰ ਅਭਿਆਣਾ, ਐਡਵੋਕੇਟ ਨਿਪੁਣ ਸੋਨੀ, ਰਾਜੇਸ਼ ਚੌਧਰੀ, ਅਰਵਿੰਦ ਮਿੱਤਲ, ਜੀਵਨ ਕੁਮਾਰ ਚੌਧਰੀ, ਕ੍ਰਿਸ਼ਨ ਕੁਮਾਰ ਅੱਤਰੀ, ਰਤਨ ਸਿੰਘ ਧਨੇਰ, ਇੰਦਰਪਾਲ ਸਿੰਘ, ਜਗਮੰਦੀਪ ਸਿੰਘ ਪਰਹੀ, ਧਰਮਿੰਦਰ ਸਿੰਘ ਭਿੰਦਾ ਅਤੇ ਨਵੀਨ ਕੁਮਾਰ ਸਮੇਤ ਹੋਰ ਪਾਰਟੀ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ। ਮੀਟਿੰਗ ਦੇ ਅੰਤ ਵਿੱਚ ਜਗਦੀਸ਼ ਚੰਦਰ ਕਜਲਾ ਨੇ ਹਾਜ਼ਰ ਸਾਰੇ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕੀਤਾ ਅਤੇ ਸੰਗਠਨ ਦੀ ਮਜ਼ਬੂਤੀ ਲਈ ਸਾਰਿਆਂ ਨੂੰ ਮਿਲ ਕੇ ਕੰਮ ਕਰਨ ਦੀ ਅਪੀਲ ਕੀਤੀ।

# ਅਲੀਸ਼ੇਰ ਸੜਕ ਹਾਦਸਾ: 8 ਵਿਅਕਤੀਆਂ ਦੀ ਮੌਤ; 12 ਜ਼ਖ਼ਮੀ

**ਲਹਿਰਾਗਾਗਾ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਿਪਟੀ ਕਮਿਸ਼ਨਰ ਸ਼੍ਰੀਮਤੀ ਪੂਨਮਦੀਪ ਕੌਰ ਨੇ ਦੱਸਿਆ ਕਿ ਲਹਿਰਾਗਾਗਾ - ਜਾਖਲ ਰੋਡ 'ਤੇ ਪਿੰਡ ਅਲੀਸ਼ੇਰ ਨੇੜੇ ਵਾਪਰੇ ਸੜਕ ਹਾਦਸੇ ਵਿੱਚ 08 ਵਿਅਕਤੀਆਂ ਦੀ ਮੌਤ ਹੋ ਗਈ ਹੈ। ਇਸ ਹਾਦਸੇ ਵਿੱਚ 12 ਵਿਅਕਤੀ ਜ਼ਖ਼ਮੀ ਹੋਏ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਸਬੰਧੀ ਹਰ ਲੋੜੀਂਦੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਮੈਡੀਕਲ ਮਦਦ ਦੇ ਨਾਲ-ਨਾਲ ਪੀੜਤਾਂ ਤੇ ਉਹਨਾਂ ਦੇ ਪਰਿਵਾਰਾਂ ਦੀ ਹਰ ਸੰਭਵ ਮਦਦ ਲਈ ਜ਼ਿਲ੍ਹਾ ਪ੍ਰਸ਼ਾਸਨ ਵਚਨਬੱਧ ਹੈ।

# ਸੈਕਟਰ 10 ਟੈਨਿਸ ਸਟੇਡੀਅਮ ਵਿੱਚ ਏਆਈਟੀਏ ਚੈਂਪੀਅਨਸ਼ਿਪ ਸੀਰੀਜ਼ ਦੀ ਸ਼ੁਰੂਆਤ, 228 ਖਿਡਾਰੀਆਂ ਨੇ ਲਿਆ ਹਿੱਸਾ

**ਚੰਡੀਗੜ੍ਹ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਚੰਡੀਗੜ੍ਹ ਪ੍ਰਸ਼ਾਸਨ ਦੇ ਖੇਡ ਵਿਭਾਗ ਨੇ ਚੰਡੀਗੜ੍ਹ ਦੇ ਸੈਕਟਰ 10 ਸਥਿਤ ਟੈਨਿਸ ਸਟੇਡੀਅਮ ਵਿਖੇ ਲੜਕੇ ਅਤੇ ਲੜਕੀਆਂ (12 ਸਾਲ ਤੋਂ ਘੱਟ ਅਤੇ 16 ਸਾਲ ਤੋਂ ਘੱਟ ਉਮਰ ਵਰਗ) ਲਈ 'ਏਆਈਟੀਏ ਚੈਂਪੀਅਨਸ਼ਿਪ ਸੀਰੀਜ਼' ਦਾ ਉਦਘਾਟਨ ਕੀਤਾ।

ਇਹ ਚੈਂਪੀਅਨਸ਼ਿਪ ' 23 ਅਕਤੂਬਰ ਤੱਕ ਆਯੋਜਿਤ ਕੀਤੀ ਜਾ ਰਹੀ ਹੈ, ਜਿਸ ਵਿੱਚ 228 ਯੁਵਾ ਟੈਨਿਸ ਖਿਡਾਰੀ ਹਿੱਸਾ ਲੈ ਰਹੇ ਹਨ। ਚੈਂਪੀਅਨਸ਼ਿਪ ਦਾ ਉਦੇਸ਼ ਉੱਭਰਦੀਆਂ ਟੈਨਿਸ ਪ੍ਰਤਿਭਾਵਾਂ ਨੂੰ ਆਪਣੀ ਖੇਡ ਸਮਰੱਥਾ ਪ੍ਰਦਰਸ਼ਿਤ ਕਰਨ, ਮੁਕਾਬਲੇ ਦਾ ਅਨੁਭਵ ਪ੍ਰਾਪਤ ਕਰਨ ਅਤੇ ਆਪਣੇ ਕੌਸ਼ਲ ਨੂੰ ਨਿਖਾਰਨ ਦਾ ਅਵਸਰ ਪ੍ਰਦਾਨ ਕਰਨਾ ਹੈ।

ਉਦਘਾਟਨ ਸਮਾਰੋਹ ਵਿੱਚ ਸੁਸ਼੍ਰੀ ਪ੍ਰੇਰਣਾ ਪੁਰੀ, ਆਈਏਐੱਸ, ਖੇਡ ਸਕੱਤਰ, ਚੰਡੀਗੜ੍ਹ ਪ੍ਰਸ਼ਾਸਨ ਮੁੱਖ ਮਹਿਮਾਨ ਦੇ ਰੂਪ ਵਿੱਚ ਉਪਸਥਿਤ ਰਹੇ। ਉਨ੍ਹਾਂ ਨੇ ਪ੍ਰਤੀਭਾਗੀ ਖਿਡਾਰੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਖੇਡਾਂ ਵਿੱਚ ਉਤਕ੍ਰਿਸ਼ਟਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਅਨੁਸ਼ਾਸਨ, ਸਮਰਪਣ ਅਤੇ ਖੇਡ ਭਾਵਨਾ ਨੂੰ ਸਫ਼ਲਤਾ ਲਈ ਮਹੱਤਵਪੂਰਨ ਅਧਾਰ ਦੱਸਦੇ ਹੋਏ ਖਿਡਾਰੀਆਂ ਦਾ ਉਤਸ਼ਾਹ ਵਧਾਇਆ। ਇਸ ਅਵਸਰ 'ਤੇ ਉਨ੍ਹਾਂ ਨੇ ਪਹਿਲਾ ਸ਼ਾਟ ਖੇਡ ਕੇ ਚੈਂਪੀਅਨਸ਼ਿਪ ਦੀ ਰਸਮੀ ਤੌਰ 'ਤੇ ਸ਼ੁਰੂਆਤ ਕੀਤੀ।

ਉਦਘਾਟਨੀ ਮੈਚ ਦੇ ਦੌਰਾਨ ਉੱਚ ਅਧਿਕਾਰੀਆਂ ਅਤੇ ਪਤਵੰਤੇ ਸੱਜਣਾਂ ਨੇ ਯੁਵਾ ਖਿਡਾਰੀਆਂ ਦਾ ਉਤਸ਼ਾਹ ਵਧਾਇਆ ਅਤੇ ਅੰਡਰ-12 ਅਤੇ ਅੰਡਰ-16 ਉਮਰ ਵਰਗਾਂ ਵਿੱਚ ਟੈਨਿਸ ਨੂੰ ਹੁਲਾਰਾ ਦੇਣ ਲਈ ਖੇਡ ਵਿਭਾਗ ਦੇ ਪ੍ਰਯਾਸਾਂ ਦੀ ਸ਼ਲਾਘਾ ਕੀਤੀ।

ਇਸ ਅਵਸਰ 'ਤੇ ਡਾ. ਅਰੁਲ ਧਕਨੇ, ਡੈਨਿਕਸ, ਐਸੋਸੀਏਟ ਡਾਇਰੈਕਟਰ ਸਪੋਰਟਸ; ਡਾ. ਮਹਿੰਦਰ ਸਿੰਘ, ਜੁਆਇੰਟ ਡਾਇਰੈਕਟਰ ਸਪੋਰਟਸ; ਅਤੇ ਡਾ. ਭਗਵੰਤ ਸਿੰਘ, ਆਈਵਾਈਏ ਸਹਿਤ ਹੋਰ ਪਤਵੰਤੇ ਸੱਜਣ ਉਪਸਥਿਤ ਰਹੇ।

ਇਹ ਚੈਂਪੀਅਨਸ਼ਿਪ ਚੰਡੀਗੜ੍ਹ ਪ੍ਰਸ਼ਾਸਨ ਦੀ ਖੇਡਾਂ ਨੂੰ ਪ੍ਰੋਤਸਾਹਿਤ ਕਰਨ, ਜ਼ਮੀਨੀ ਪੱਧਰ 'ਤੇ ਖੇਡ ਪ੍ਰਤਿਭਾਵਾਂ ਨੂੰ ਨਿਖਾਰਨ ਅਤੇ ਉੱਭਰਦੇ ਯੁਵਾ ਖਿਡਾਰੀਆਂ ਨੂੰ ਪ੍ਰਤਿਸ਼ਠਿਤ ਪ੍ਰਤੀਯੋਗਿਤਾਵਾਂ ਵਿੱਚ ਹਿੱਸਾ ਲੈਣ ਦੇ ਅਵਸਰ ਉਪਲਬਧ ਕਰਵਾਉਣ ਦੀ ਪ੍ਰਤੀਬੱਧਤਾ ਨੂੰ ਦਰਸਾਉਂਦੀ ਹੈ। ਅਜਿਹੀਆਂ ਪ੍ਰਤੀਯੋਗਿਤਾਵਾਂ ਉੱਭਰਦੀਆਂ ਪ੍ਰਤਿਭਾਵਾਂ ਦੀ ਪਹਿਚਾਣ ਕਰਨ, ਖਿਡਾਰੀਆਂ ਦੇ ਪ੍ਰਦਰਸ਼ਨ ਵਿੱਚ ਸੁਧਾਰ ਲਿਆਉਣ ਅਤੇ ਨੌਜਵਾਨਾਂ ਵਿੱਚ ਖੇਡ ਸੱਭਿਆਚਾਰ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ, ਪ੍ਰਤੀਯੋਗਿਤਾ ਵਿੱਚ ਹਿੱਸਾ ਲੈ ਰਹੇ ਸਾਰੇ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਾ ਹੈ ਅਤੇ ਆਸ਼ਾ ਕਰਦਾ ਹੈ ਕਿ ਇਹ ਚੈਂਪੀਅਨਸ਼ਿਪ ਨਿਰਪੱਖ ਮੁਕਾਬਲੇ, ਤੰਦਰੁਸਤ ਖੇਡ ਭਾਵਨਾ ਅਤੇ ਅਨੁਸ਼ਾਸਨ ਦੇ ਉੱਚ ਮਿਆਰਾਂ ਨਾਲ ਸਫ਼ਲਤਾ ਪੂਰਵਕ ਸੰਪੰਨ ਹੋਵੇਗੀ।

# ਪੰਜਾਬ ਵਿੱਚ ਖਸਖਸ ਦੀ ਖੇਤੀ ਸ਼ੁਰੂ ਕਰਵਾਉਣਾ ਭਾਰਤੀ ਰਾਸ਼ਟਰਵਾਦੀ ਪਾਰਟੀ (ਬੀ.ਆਰ.ਪੀ) ਸਰਕਾਰ ਬਣਨ ਤੇ ਪਹਿਲਾ ਫ਼ੈਸਲਾ ਹੋਵੇਗਾ, ਕਿਸਾਨਾਂ ਦੀ ਖੁਸ਼ਹਾਲੀ ਤੇ ਨੌਜਵਾਨਾਂ ਦੀ ਹਿਫ਼ਾਜ਼ਤ ਜ਼ਰੂਰੀ: ਅਮਲਾਨ ਬਿਸਵਾਸ

**ਚੰਡੀਗੜ੍ਹ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਰਾਸ਼ਟਰਵਾਦੀ ਪਾਰਟੀ ਦੇ ਕੌਮੀ ਪ੍ਰਧਾਨ ਅਮਲਾਨ ਬਿਸਵਾਸ ਅਤੇ ਪਾਰਟੀ ਦੇ ਕੌਮੀ ਮੀਤ ਪ੍ਰਧਾਨ ਤੇ ਪੰਜਾਬ ਪ੍ਰਦੇਸ਼ ਇੰਚਾਰਜ ਸੁੱਖਮਿੰਦਰਪਾਲ ਸਿੰਘ ਗਰੇਵਾਲ ਭੁਖੜੀ ਕਲਾਂ ਨੇ ਪੰਜਾਬ ਵਿੱਚ ਵਧੇ ਹੋਏ ਨਸ਼ਿਆਂ ਦੇ ਕਹਿਰ, ਚਿੱਟੇ ਕਾਰਨ ਉੱਜੜ ਰਹੇ ਪਰਿਵਾਰਾਂ, ਕਿਸਾਨਾਂ ਦੀਆਂ ਮਾੜੀਆਂ ਆਰਥਿਕ ਹਾਲਤਾਂ ਅਤੇ ਸੂਬੇ ਦੇ ਨੌਜਵਾਨਾਂ ਦੇ ਭਵਿੱਖ ਨੂੰ ਲੈ ਕੇ ਡੂੰਘੀ ਚਿੰਤਾ ਜ਼ਾਹਰ ਕੀਤੀ ਹੈ।

ਅੱਜ ਇੱਥੇ ਕੀਤੀ ਗਈ ਇੱਕ ਪ੍ਰੈੱਸ ਕਾਨਫਰੰਸ ਵਿੱਚ ਦੋਵਾਂ ਆਗੂਆਂ ਨੇ ਕਿਹਾ ਕਿ ਚਿੱਟੇ ਅਤੇ ਹੋਰ ਨਸ਼ਿਆਂ ਦੀ ਮਾਰ ਨੇ ਪੰਜਾਬ ਦੇ ਅਣਗਿਣਤ ਘਰਾਂ ਨੂੰ ਡੂੰਘੇ ਦੁੱਖ ਵਿੱਚ ਧੱਕ ਦਿੱਤਾ ਹੈ। ਕਈ ਘਰਾਂ ਦੇ ਨੌਜਵਾਨ ਉਮਰੋਂ ਪਹਿਲਾਂ ਹੀ ਮੌਤ ਦੇ ਮੂੰਹ ਵਿੱਚ ਜਾ ਰਹੇ ਹਨ, ਮਾਪੇ ਆਪਣੀ ਔਲਾਦ ਗੁਆ ਰਹੇ ਹਨ ਅਤੇ ਕਈ ਦਰਦਨਾਕ ਮਾਮਲਿਆਂ ਵਿੱਚ ਛੋਟੀ ਉਮਰ ਵਿੱਚ ਹੀ ਔਰਤਾਂ ਦੇ ਸਿਰ ਤੋਂ ਪਤੀ ਦਾ ਸਾਇਆ ਉੱਠ ਜਾਂਦਾ ਹੈ। ਬੱਚੇ ਵੀ ਮਾਪਿਆਂ ਦੇ ਪਿਆਰ ਤੇ ਸਹਾਰੇ ਤੋਂ ਵਾਂਝੇ ਰਹਿ ਜਾਂਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਬਚਾਉਣਾ ਅਤੇ ਦੁੱਖ ਝੱਲ ਰਹੇ ਪਰਿਵਾਰਾਂ ਦਾ ਸਹਾਰਾ ਬਣਨਾ ਸਮਾਜ ਤੇ ਖਾਸ ਕਰ ਸਰਕਾਰ ਦੀ ਵੱਡੀ ਜ਼ਿੰਮੇਵਾਰੀ ਹੈ।



ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਨ ਲਈ ਪੰਜਾਬੀ ਨੌਜਵਾਨਾਂ ਦੀ ਟਾਸਕ ਫੋਰਸ ਤੁਰੰਤ ਬਣਾਈ ਜਾਵੇਗੀ ਅਤੇ ਸਖ਼ਤ ਕਾਰਵਾਈ ਅਮਲ ਵਿੱਚ ਲਿਆਵਾਂਗੇ। ਉਨ੍ਹਾਂ ਇਹ ਵੀ ਕਿਹਾ ਕਿ ਚਿੱਟੇ ਤੇ ਹੋਰ ਨਸ਼ਿਆਂ ਦੀ ਲਤ ਨਾਲ ਜੂਝ ਰਹੇ ਲੋਕਾਂ ਲਈ ਵਧੀਆ ਇਲਾਜ ਅਤੇ ਨਸ਼ਾ ਛੁਡਾਊ ਸਹੂਲਤਾਂ ਦਾ ਪ੍ਰਬੰਧ ਕਰਾਂਗੇ। ਪੰਜਾਬ ਦੇ ਨੌਜਵਾਨਾਂ ਨੂੰ ਤੁਰੰਤ ਰੁਜ਼ਗਾਰ ਦੇਵਾਂਗੇ ਅਤੇ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੀ ਆਮਦਨ ਵਧਾਉਣ ਲਈ ਖਸਖਸ ਦੀ ਖੇਤੀ ਦੀ ਸ਼ੁਰੂਆਤ ਕਰਵਾਉਣਗੇ।

ਦੋਵਾਂ ਆਗੂਆਂ ਨੇ ਅੱਗੇ ਕਿਹਾ ਕਿ ਪੰਜਾਬ ਵਿੱਚ ਭਾਰਤੀ ਰਾਸ਼ਟਰਵਾਦੀ ਪਾਰਟੀ ਦੀ ਸਰਕਾਰ ਬਣਾਉਣੀ ਪੰਜਾਬੀਆਂ ਦੀ ਜ਼ੁੰਮੇਵਾਰੀ ਹੈ ਤੇ ਰਾਜਸਥਾਨ, ਮੱਧ ਪ੍ਰਦੇਸ਼ ਅਤੇ ਉੱਤਰ ਪ੍ਰਦੇਸ਼ ਦੀ ਤਰਜ਼ ਤੇ ਅਫ਼ੀਮ ਤੇ ਖਸਖਸ ਦੀ ਖੇਤੀ ਸ਼ੁਰੂਆਤ ਭਾਰਤੀ ਰਾਸ਼ਟਰਵਾਦੀ ਪਾਰਟੀ ਦੀ ਸਰਕਾਰ ਕਰਵਾਏਗੀ।

ਦੋਵਾਂ ਆਗੂਆਂ ਨੇ ਕਿਹਾ ਕਿ ਭਾਰਤੀ ਰਾਸ਼ਟਰਵਾਦੀ ਪਾਰਟੀ ਕਿਸਾਨਾਂ ਦੀ ਖੁਸ਼ਹਾਲੀ, ਖੇਤ ਮਜ਼ਦੂਰਾਂ ਦੀ ਆਰਥਿਕ ਤਰੱਕੀ, ਨਸ਼ਿਆਂ ਤੋਂ ਪੀੜਤ ਪਰਿਵਾਰਾਂ ਦੀ ਮਦਦ ਅਤੇ ਪੰਜਾਬ ਦੇ ਪਿੰਡਾਂ ਦੇ ਵਿਕਾਸ ਨਾਲ ਜੁੜੇ ਮਸਲਿਆਂ 'ਤੇ ਗੰਭੀਰਤਾ ਨਾਲ ਕੰਮ ਕਰਨ ਲਈ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਇਹ ਭਾਰਤੀ ਰਾਸ਼ਟਰਵਾਦੀ ਪਾਰਟੀ ਦਾ ਮੁੱਖ ਟੀਚਾ ਹੈ ਅਤੇ ਦੁਨੀਆ ਭਰ ਵਿੱਚ ਵੱਸਦੇ ਪੰਜਾਬੀਆਂ ਨਾਲ ਪੱਕਾ ਵਾਅਦਾ ਹੈ।

# ਅਧਿਆਪਕ ਖ਼ੁਦ ਜਲ ਕੇ ਦੂਜਿਆਂ ਦੀ ਜ਼ਿੰਦਗੀ ਰੁਸ਼ਨਾਉਂਦਾ ਹੈ : ਅਮਰਿੰਦਰ ਸਿੰਘ ਸੰਧੂ

**ਜੈਤੋਂ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਅਧਿਆਪਕ ਸਿਰਫ਼ ਪਾਠ-ਪੁਸਤਕਾਂ ਦਾ ਗਿਆਨ ਦੇਣ ਵਾਲਾ ਵਿਅਕਤੀ ਨਹੀਂ, ਸਗੋਂ ਉਹ ਸ਼ਖ਼ਸੀਅਤ ਹੈ, ਜੋ ਬੱਚਿਆਂ ਦੇ ਸੁਪਨਿਆਂ ਨੂੰ ਦਿਸ਼ਾ, ਸੋਚ ਨੂੰ ਵਿਸ਼ਾਲਤਾ ਅਤੇ ਜੀਵਨ ਨੂੰ ਨੈਤਿਕਤਾ ਦਾ ਆਧਾਰ ਦਿੰਦੀ ਹੈ। ਮੋਮਬੱਤੀ ਵਾਂਗ ਖ਼ੁਦ ਜਲ ਕੇ ਦੂਜਿਆਂ ਦੇ ਜੀਵਨ ਵਿੱਚ ਚਾਨਣ ਕਰਨ ਵਾਲੇ ਅਧਿਆਪਕ ਦੀ ਭੂਮਿਕਾ ਅੱਜ ਦੇ ਬਦਲਦੇ ਸਮਾਜ ਅਤੇ ਡਿਜੀਟਲ ਯੁੱਗ ਵਿੱਚ ਹੋਰ ਵੀ ਮਹੱਤਵਪੂਰਨ ਹੋ ਗਈ ਹੈ। ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਜੈਤੋ ਦੇ ਲੈਕਚਰਾਰ ਅਮਰਿੰਦਰ ਸਿੰਘ ਸੰਧੂ ਨੇ ਮੀਡੀਆ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਸਿੱਖਿਆ ਦੇ ਮੌਜੂਦਾ ਸਰੂਪ, ਅਧਿਆਪਕਾਂ ਦੀਆਂ ਜ਼ਿੰਮੇਵਾਰੀਆਂ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਬਾਰੇ ਚਾਨਣਾ ਪਾਇਆ।

ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਅਧਿਆਪਕ ਦੀ ਭੂਮਿਕਾ ਜਮਾਤ ਵਿੱਚ ਪੜ੍ਹਾਉਣ ਤੱਕ ਸੀਮਤ ਨਹੀਂ ਰਹੀ। ਪੜ੍ਹਾਈ ਦੇ ਨਾਲ-ਨਾਲ ਆਨਲਾਈਨ ਪੋਰਟਲਾਂ, ਈਮੇਲ, ਸਰਕਾਰੀ ਵੈੱਬਸਾਈਟਾਂ ਅਤੇ ਵੱਖ-ਵੱਖ ਪ੍ਰਸ਼ਾਸਕੀ ਕੰਮਾਂ ਦੀਆਂ ਜ਼ਿੰਮੇਵਾਰੀਆਂ ਵੀ ਅਧਿਆਪਕਾਂ ਨੂੰ ਨਿਭਾਉਣੀਆਂ ਪੈਂਦੀਆਂ ਹਨ। ਅਜਿਹੇ ਮਾਹੌਲ ਵਿੱਚ ਵਿਦਿਆਰਥੀਆਂ ਨੂੰ ਗੁਣਵੱਤਾਪੂਰਨ ਸਿੱਖਿਆ ਦੇਣ ਲਈ ਸਮੇਂ ਅਤੇ ਸਰੋਤਾਂ ਦੀ ਸੁਚੱਜੀ ਵਰਤੋਂ ਜ਼ਰੂਰੀ ਹੈ।

ਲੈਕਚਰਾਰ ਅਮਰਿੰਦਰ ਸਿੰਘ ਸੰਧੂ ਨੇ ਕਿਹਾ ਕਿ ਸਿੱਖਿਆ ਦਾ ਉਦੇਸ਼ ਕੇਵਲ ਪ੍ਰੀਖਿਆਵਾਂ ਵਿੱਚ ਚੰਗੇ ਅੰਕ ਪ੍ਰਾਪਤ ਕਰਨਾ ਨਹੀਂ, ਸਗੋਂ ਬੱਚਿਆਂ ਵਿੱਚ ਨੈਤਿਕ ਕਦਰਾਂ-ਕੀਮਤਾਂ, ਅਨੁਸ਼ਾਸਨ, ਤਰਕਸ਼ੀਲ ਸੋਚ, ਸਹਿਣਸ਼ੀਲਤਾ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਵੀ ਹੈ।

ਅਧਿਆਪਕ ਵਿਦਿਆਰਥੀਆਂ ਨੂੰ ਸਹੀ ਅਤੇ ਗ਼ਲਤ ਵਿਚਕਾਰ ਫ਼ਰਕ ਸਮਝਣ ਦੇ ਯੋਗ ਬਣਾਉਂਦਾ ਹੈ ਅਤੇ ਉਨ੍ਹਾਂ ਨੂੰ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਕਰਦਾ ਹੈ।

ਉਨ੍ਹਾਂ ਅਨੁਸਾਰ, ਡਿਜੀਟਲ ਯੁੱਗ ਵਿੱਚ ਵਿਦਿਆਰਥੀਆਂ ਨੂੰ ਮੋਬਾਈਲ ਫ਼ੋਨ ਅਤੇ ਸੋਸ਼ਲ ਮੀਡੀਆ ਦੀ ਸੂਝ-ਬੂਝ ਨਾਲ ਵਰਤੋਂ ਕਰਨ ਲਈ ਜਾਗਰੂਕ ਕਰਨਾ ਸਮੇਂ ਦੀ ਲੋੜ ਹੈ। ਮਾਪਿਆਂ ਨੂੰ ਵੀ ਬੱਚਿਆਂ ਦੀ ਪੜ੍ਹਾਈ, ਮਾਨਸਿਕ ਵਿਕਾਸ ਅਤੇ ਰੋਜ਼ਾਨਾ ਦੀਆਂ ਸਰਗਰਮੀਆਂ ਵਿੱਚ ਦਿਲਚਸਪੀ ਲੈਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅਧਿਆਪਕਾਂ ਦਾ ਸਤਿਕਾਰ, ਮਾਪਿਆਂ ਦਾ ਸਹਿਯੋਗ ਅਤੇ ਵਿਦਿਆਰਥੀਆਂ ਦੀ ਮਿਹਨਤ ਸਿੱਖਿਆ ਪ੍ਰਣਾਲੀ ਦੇ ਤਿੰਨ ਅਹਿਮ ਥੰਮ੍ਹ ਹਨ। ਇਨ੍ਹਾਂ ਦੇ ਆਪਸੀ ਤਾਲਮੇਲ ਨਾਲ ਹੀ ਗਿਆਨਵਾਨ, ਸੰਵੇਦਨਸ਼ੀਲ, ਇਮਾਨਦਾਰ ਅਤੇ ਸਮਾਜ ਪ੍ਰਤੀ ਜਵਾਬਦੇਹ ਪੀੜ੍ਹੀ ਦੀ ਸਿਰਜਣਾ ਸੰਭਵ ਹੈ।

# ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣਾ ਮਾਨ ਸਰਕਾਰ ਦਾ ਮੁੱਖ ਟੀਚਾ: ਅਮਨ ਅਰੋੜਾ

➢ ਕੈਬਨਿਟ ਮੰਤਰੀ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-4 ਤਹਿਤ ਸੁਨਾਮ ਵਿਖੇ ਰਾਜ ਪੱਧਰੀ ਵੇਟਲਿਫਟਿੰਗ ਮੁਕਾਬਲਿਆਂ ਦਾ ਆਗਾਜ਼ ➢ਰਾਸ਼ਟਰਮੰਡਲ ਖੇਡਾਂ ਦੀ ਕਾਂਸੀ ਤਮਗਾ ਜੇਤੂ ਹਰਜਿੰਦਰ ਕੌਰ ਨੇ ਖਿਡਾਰੀਆਂ ਦੀ ਕੀਤੀ ਹੌਸਲਾ ਅਫ਼ਜ਼ਾਈ

**ਸੁਨਾਮ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਅਤੇ ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਊਰਜਾ ਨੂੰ ਉਸਾਰੂ ਦਿਸ਼ਾ ਦੇਣ ਲਈ ਉਨ੍ਹਾਂ ਨੂੰ ਖੇਡ ਮੈਦਾਨਾਂ ਨਾਲ ਜੋੜਨਾ ਅਤੇ ਆਪਣੀ ਪ੍ਰਤਿਭਾ ਨਿਖਾਰਨ ਦੇ ਢੁੱਕਵੇਂ ਮੌਕੇ ਪ੍ਰਦਾਨ ਕਰਨਾ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ।

ਕੈਬਨਿਟ ਮੰਤਰੀ ਅੱਜ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਡ ਵਿਭਾਗ, ਪੰਜਾਬ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-4 ਤਹਿਤ ਨਿਆਈ ਸਾਹਿਬ ਵਾਲੀ ਧਰਮਸ਼ਾਲਾ, ਸੁਨਾਮ ਵਿਖੇ ਕਰਵਾਏ ਜਾ ਰਹੇ ਰਾਜ ਪੱਧਰੀ ਵੇਟਲਿਫਟਿੰਗ ਮੁਕਾਬਲਿਆਂ ਦਾ ਆਗਾਜ਼ ਕਰਨ ਮੌਕੇ ਖਿਡਾਰੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਕੌਮਾਂਤਰੀ ਵੇਟਲਿਫਟਰ ਅਤੇ ਰਾਸ਼ਟਰਮੰਡਲ ਖੇਡਾਂ ਦੀ ਕਾਂਸੀ ਤਮਗਾ ਜੇਤੂ ਹਰਜਿੰਦਰ ਕੌਰ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।

ਅਮਨ ਅਰੋੜਾ ਨੇ ਵੱਖ-ਵੱਖ ਜ਼ਿਲ੍ਹਿਆਂ ਤੋਂ ਪਹੁੰਚੇ ਖਿਡਾਰੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਵਧੀਆ ਪ੍ਰਦਰਸ਼ਨ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਰਾਜ ਪੱਧਰੀ ਮੁਕਾਬਲਿਆਂ ਵਿੱਚ ਹਿੱਸਾ ਲੈਣਾ ਖਿਡਾਰੀਆਂ ਦੀ ਮਿਹਨਤ, ਲਗਨ ਅਤੇ ਨਿਰੰਤਰ ਅਭਿਆਸ ਦਾ ਨਤੀਜਾ ਹੈ। ਉਨ੍ਹਾਂ ਖਿਡਾਰੀਆਂ ਨੂੰ ਖੇਡ ਭਾਵਨਾ, ਅਨੁਸ਼ਾਸਨ ਅਤੇ ਆਪਸੀ ਸਤਿਕਾਰ ਨਾਲ ਮੁਕਾਬਲਿਆਂ ਵਿੱਚ ਹਿੱਸਾ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਹਰ ਮੁਕਾਬਲੇ ਤੋਂ ਮਿਲਿਆ ਤਜਰਬਾ ਭਵਿੱਖ ਦੀਆਂ ਪ੍ਰਾਪਤੀਆਂ ਲਈ ਰਾਹ ਪੱਧਰਾ ਕਰਦਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਨੇ ਪਿੰਡਾਂ ਅਤੇ ਸ਼ਹਿਰਾਂ ਦੇ ਖਿਡਾਰੀਆਂ ਨੂੰ ਆਪਣੀ ਕਾਬਲੀਅਤ ਦਿਖਾਉਣ ਲਈ ਸਾਂਝਾ ਮੰਚ ਪ੍ਰਦਾਨ ਕੀਤਾ ਹੈ। ਇਨ੍ਹਾਂ ਮੁਕਾਬਲਿਆਂ ਰਾਹੀਂ ਉੱਭਰਦੀ ਖੇਡ ਪ੍ਰਤਿਭਾ ਦੀ ਪਛਾਣ ਹੋਣ ਦੇ ਨਾਲ-ਨਾਲ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਰੁਚੀ ਵੀ ਵਧ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਖਿਡਾਰੀਆਂ ਨੂੰ ਅਜਿਹਾ ਮਾਹੌਲ ਮੁਹੱਈਆ ਕਰਵਾਉਣਾ ਹੈ, ਜਿਸ ਵਿੱਚ ਉਹ ਆਪਣੀ ਸਮਰੱਥਾ ਅਨੁਸਾਰ ਅੱਗੇ ਵਧ ਸਕਣ ਅਤੇ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਪ੍ਰਾਪਤੀਆਂ ਹਾਸਲ ਕਰ ਸਕਣ।

ਹਰਜਿੰਦਰ ਕੌਰ ਦੀਆਂ ਖੇਡ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਉਨ੍ਹਾਂ ਨੇ ਕੌਮਾਂਤਰੀ ਪੱਧਰ 'ਤੇ ਪੰਜਾਬ ਅਤੇ ਦੇਸ਼ ਦਾ ਮਾਣ ਵਧਾਇਆ ਹੈ। ਉਨ੍ਹਾਂ ਕਿਹਾ ਕਿ ਹਰਜਿੰਦਰ ਕੌਰ ਵਰਗੀਆਂ ਖਿਡਾਰਨਾਂ ਦੀਆਂ ਪ੍ਰਾਪਤੀਆਂ ਨੌਜਵਾਨ ਪੀੜ੍ਹੀ, ਖ਼ਾਸ ਕਰਕੇ ਲੜਕੀਆਂ ਲਈ ਪ੍ਰੇਰਨਾ ਦਾ ਸਰੋਤ ਹਨ। ਅਜਿਹੇ ਖਿਡਾਰੀਆਂ ਦੀ ਮੁਕਾਬਲਿਆਂ ਵਿੱਚ ਮੌਜੂਦਗੀ ਉੱਭਰਦੇ ਖਿਡਾਰੀਆਂ ਦਾ ਹੌਸਲਾ ਵਧਾਉਂਦੀ ਹੈ ਅਤੇ ਉਨ੍ਹਾਂ ਨੂੰ ਹੋਰ ਮਿਹਨਤ ਕਰਨ ਲਈ ਉਤਸ਼ਾਹਿਤ ਕਰਦੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਬਿਹਤਰ ਸਿਖਲਾਈ ਸਹੂਲਤਾਂ ਉਪਲਬਧ ਕਰਵਾਉਣ ਅਤੇ ਪ੍ਰਾਪਤੀਆਂ ਕਰਨ ਵਾਲੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਵੱਲ ਵਿਸ਼ੇਸ਼ ਧਿਆਨ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਖਿਡਾਰੀਆਂ ਨੂੰ ਆਪਣੀ ਤਿਆਰੀ ਲਈ ਲੋੜੀਂਦੀਆਂ ਸਹੂਲਤਾਂ ਮਿਲਣ ਨਾਲ ਉਹ ਓਲੰਪਿਕ, ਏਸ਼ੀਆਈ ਅਤੇ ਰਾਸ਼ਟਰਮੰਡਲ ਖੇਡਾਂ ਵਰਗੇ ਵੱਡੇ ਮੁਕਾਬਲਿਆਂ ਵਿੱਚ ਹੋਰ ਬਿਹਤਰ ਪ੍ਰਦਰਸ਼ਨ ਕਰ ਸਕਣਗੇ।

ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਸੁਨਾਮ ਵਿਖੇ ਆਧੁਨਿਕ ਹਾਕੀ ਗਰਾਊਂਡ ਦਾ ਨਿਰਮਾਣ ਕਾਰਜ ਲਗਭਗ ਮੁਕੰਮਲ ਹੋ ਚੁੱਕਾ ਹੈ ਅਤੇ ਇਸੇ ਮਹੀਨੇ ਇਹ ਗਰਾਊਂਡ ਖਿਡਾਰੀਆਂ ਨੂੰ ਸਮਰਪਿਤ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਹੂਲਤ ਨਾਲ ਇਲਾਕੇ ਦੇ ਹਾਕੀ ਖਿਡਾਰੀਆਂ ਨੂੰ ਅਭਿਆਸ ਲਈ ਬਿਹਤਰ ਮਾਹੌਲ ਮਿਲੇਗਾ ਅਤੇ ਨਵੇਂ ਖਿਡਾਰੀਆਂ ਨੂੰ ਵੀ ਇਸ ਖੇਡ ਨਾਲ ਜੁੜਨ ਲਈ ਉਤਸ਼ਾਹ ਮਿਲੇਗਾ।

ਹਾਕੀ ਕਲੱਬ ਵੱਲੋਂ ਗਰਾਊਂਡ ਵਿੱਚ ਕਮਰੇ ਦੀ ਲੋੜ ਸਬੰਧੀ ਉਠਾਈ ਮੰਗ ਬਾਰੇ ਅਮਨ ਅਰੋੜਾ ਨੇ ਭਰੋਸਾ ਦਿੱਤਾ ਕਿ ਖਿਡਾਰੀਆਂ ਦੀ ਲੋੜ ਅਨੁਸਾਰ ਕਮਰੇ ਦੀ ਉਸਾਰੀ ਵੀ ਜਲਦ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਕਰੋੜਾਂ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਜਾ ਰਹੇ ਇਸ ਖੇਡ ਪ੍ਰੋਜੈਕਟ ਵਿੱਚ ਲੋੜੀਂਦੀਆਂ ਸਹੂਲਤਾਂ ਦੀ ਘਾਟ ਨਹੀਂ ਰਹਿਣ ਦਿੱਤੀ ਜਾਵੇਗੀ।

ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਸੁਨਾਮ ਹਲਕੇ ਵਿੱਚ ਖੇਡ ਸਹੂਲਤਾਂ ਦੇ ਵਿਸਥਾਰ ਵੱਲ ਵਿਸ਼ੇਸ਼ ਤਵੱਜੋ ਦਿੱਤੀ ਜਾ ਰਹੀ ਹੈ ਤਾਂ ਜੋ ਨੌਜਵਾਨ ਆਪਣੇ ਨੇੜਲੇ ਖੇਤਰਾਂ ਵਿੱਚ ਹੀ ਅਭਿਆਸ ਕਰ ਸਕਣ। ਉਨ੍ਹਾਂ ਕਿਹਾ ਕਿ ਖੇਡਾਂ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਅਨੁਸ਼ਾਸਨ, ਆਤਮਵਿਸ਼ਵਾਸ ਅਤੇ ਮਿਹਨਤ ਦੀ ਭਾਵਨਾ ਪੈਦਾ ਕਰਦੀਆਂ ਹਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਦੂਰ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਮਾਪਿਆਂ ਅਤੇ ਕੋਚਾਂ ਨੂੰ ਵੀ ਬੱਚਿਆਂ ਦੀ ਖੇਡ ਪ੍ਰਤਿਭਾ ਪਛਾਣਨ ਅਤੇ ਉਨ੍ਹਾਂ ਨੂੰ ਲਗਾਤਾਰ ਉਤਸ਼ਾਹਿਤ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ, ਖੇਡ ਵਿਭਾਗ ਦੇ ਨੁਮਾਇੰਦੇ, ਕੋਚ, ਵੱਖ-ਵੱਖ ਜ਼ਿਲ੍ਹਿਆਂ ਤੋਂ ਪਹੁੰਚੇ ਖਿਡਾਰੀ ਅਤੇ ਖੇਡ ਪ੍ਰੇਮੀ ਹਾਜ਼ਰ ਸਨ।



## ਹਰਿਆਣਾ ਖ਼ਬਰਨਾਮਾ



# ਰਾਖੀਗੜ੍ਹੀ ਇਤਿਹਾਸਕ ਸਥਲ ਹਜ਼ਾਰਾਂ ਸਾਲ ਪੁਰਾਣੀ ਪਛਾਣ, ਆਪਾਪਣ ਅਤੇ ਸਵੈ-ਮਾਣ ਦਾ ਪ੍ਰਤੀਕ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ 19 ਅਕਤੂਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਹੈ ਕਿ ਰਾਖੀਗੜ੍ਹੀ ਦੀ ਮਿੱਟੀ ਵਿੱਚ ਸਾਡੇ ਬਜ਼ੁਰਗਾਂ ਦੀ ਮਿਹਨਤ, ਹੁਨਰ ਅਤੇ ਇੱਕ ਵਿਕਸਿਤ ਸਭਿਆਚਾਰ ਦੀਆਂ ਯਾਦਾਂ ਸੁਰੱਖਿਅਤ ਹਨ। ਇਹ ਇਤਿਹਾਸਕ ਸਥਲ ਸਾਡੀ ਹਜ਼ਾਰਾਂ ਸਾਲ ਪੁਰਾਣੀ ਪਛਾਣ, ਆਪਾਪਣ ਅਤੇ ਸਵੈ-ਮਾਣ ਦਾ ਪ੍ਰਤੀਕ ਹੈ। ਸਰਕਾਰ ਰਾਖੀਗੜ੍ਹੀ ਦੀ ਸੰਭਾਲ, ਖੋਜ, ਸੈਰ-ਸਪਾਟਾ ਅਤੇ ਲੋਕਾਂ ਦੀ ਭਾਗੀਦਾਰੀ ਵਧਾਉਣ ਲਈ ਵਚਨਬੱਧ ਹੈ।

ਮੁੱਖ ਮੰਤਰੀ ਸੋਮਵਾਰ ਨੂੰ ਹਾਂਸੀ ਜ਼ਿਲ੍ਹੇ ਦੇ ਰਾਖੀਗੜ੍ਹੀ ਵਿਖੇ 7 ਦਿਨਾ 'ਰਾਖੀਗੜ੍ਹੀ ਮਹੋਤਸਵ-2026' ਦੀ ਸ਼ੁਰੂਆਤ ਮੌਕੇ ਸੰਬੋਧਨ ਕਰ ਰਹੇ ਸਨ। ਇਸ ਸਾਲ ਮਹੋਤਸਵ ਦਾ ਥੀਮ 'ਮਿੱਟੀ ਤੋਂ ਮਹੋਤਸਵ ਤੱਕ' ਰੱਖਿਆ ਗਿਆ ਹੈ। ਇਸ ਮੌਕੇ ਵਿਰਾਸਤ ਅਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਕੁਮਾਰ ਸ਼ਰਮਾ ਵੀ ਮੌਜੂਦ ਸਨ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪ੍ਰੋਗਰਾਮ ਦੌਰਾਨ ਰਾਖੀਗੜ੍ਹੀ ਦੀ ਗ੍ਰਾਮ ਪੰਚਾਇਤ ਵੱਲੋਂ ਦਿੱਤੇ ਗਏ ਮੰਗ ਪੱਤਰ ਨੂੰ ਪੂਰਾ ਕਰਨ ਦਾ ਭਰੋਸਾ ਵੀ ਦਿੱਤਾ, ਨਾਲ ਹੀ ਉਨ੍ਹਾਂ ਗ੍ਰਾਮ ਪੰਚਾਇਤ ਨੂੰ 51 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ।

ਇਸ ਤੋਂ ਪਹਿਲਾਂ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਰਾਖੀਗੜ੍ਹੀ ਵਿੱਚ ਬਣ ਰਹੇ ਅਜਾਇਬ ਘਰ ਦਾ ਜਾਇਜ਼ਾ ਲਿਆ। ਉਨ੍ਹਾਂ ਮਹੋਤਸਵ ਵਿੱਚ ਲਗਾਈਆਂ ਗਈਆਂ ਵੱਖ-ਵੱਖ ਸਟਾਲਾਂ ਤੋਂ ਖਰੀਦਦਾਰੀ ਵੀ ਕੀਤੀ ਅਤੇ ਖੇਡ ਗਤੀਵਿਧੀਆਂ ਅਤੇ ਸਾਈਟ 'ਤੇ ਆਯੋਜਿਤ ਹੋਰ ਗਤੀਵਿਧੀਆਂ ਦਾ ਜਾਇਜ਼ਾ ਲਿਆ। ਮੁੱਖ ਮੰਤਰੀ ਨੇ ਪੁਰਾਤਤਵ ਵਿਭਾਗ ਵੱਲੋਂ ਲਗਾਏ ਗਏ ਖੁਦਾਈ ਦੇ ਡੈਮੋ ਦਾ ਵੀ ਜਾਇਜ਼ਾ ਲਿਆ, ਜਿਸ ਵਿੱਚ ਖੁਦਾਈ ਦੀ ਪ੍ਰਕਿਰਿਆ ਨੂੰ ਸਮਝਾਉਣ ਦੇ ਨਾਲ-ਨਾਲ ਉਸ ਦੌਰਾਨ ਮਿਲੇ ਅਵਸ਼ੇਸ਼ਾਂ ਨੂੰ ਪ੍ਰਦਰਸ਼ਿਤ ਕੀਤਾ ਗਿਆ ਸੀ। ਇਸ ਦੌਰਾਨ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ, ਕੈਬਨਿਟ ਮੰਤਰੀ ਡਾ. ਅਰਵਿੰਦ ਸ਼ਰਮਾ ਅਤੇ ਹਰਿਆਣਾ ਦੇ ਵਿਰਾਸਤ ਅਤੇ ਸੈਰ-ਸਪਾਟਾ ਵਿਭਾਗ ਦੇ ਕਮਿਸ਼ਨਰ ਤੇ ਸਕੱਤਰ ਡਾ. ਅਮਿਤ ਅਗਰਵਾਲ ਨੇ ਸੀਲ ਦਾ ਵੀ ਜਾਇਜ਼ਾ ਲਿਆ।

ਸ੍ਰੀ ਨਾਇਬ ਸਿੰਘ ਸੈਣੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਰਾਖੀਗੜ੍ਹੀ ਦਾ ਇਹ ਮਹੋਤਸਵ ਸਾਨੂੰ ਆਪਣੀਆਂ ਜੜ੍ਹਾਂ ਨੂੰ ਜਾਣਨ ਅਤੇ ਆਉਣ ਵਾਲੀਆਂ ਪੀੜ੍ਹੀਆਂ ਪ੍ਰਤੀ ਆਪਣੀ ਜ਼ਿੰਮੇਵਾਰੀ ਸਮਝਣ ਦਾ ਮੌਕਾ ਦੇਵੇਗਾ। 'ਮਿੱਟੀ ਤੋਂ ਮਹੋਤਸਵ ਤੱਕ' ਦੇ ਥੀਮ ਵਿੱਚ ਸਾਡੀ ਸਭਿਆਚਾਰਕ ਯਾਤਰਾ ਸਮਾਈ ਹੋਈ ਹੈ। ਇਹੀ ਮਿੱਟੀ ਕਿਸਾਨ ਦੇ ਹੱਥਾਂ ਵਿੱਚ ਅੰਨ ਬਣਦੀ ਹੈ, ਘੁਮਿਆਰ ਦੇ ਹੱਥਾਂ ਵਿੱਚ ਆਕਾਰ ਲੈਂਦੀ ਹੈ ਅਤੇ ਕਲਾਕਾਰ ਦੇ ਹੱਥਾਂ ਵਿੱਚ ਸਭਿਆਚਾਰ ਦਾ ਪ੍ਰਗਟਾਵਾ ਬਣ ਜਾਂਦੀ ਹੈ। ਉਨ੍ਹਾਂ ਕਿਹਾ ਕਿ ਕੁਰੂਕਸ਼ੇਤਰ ਨੇ ਮਾਨਵਤਾ ਨੂੰ ਕਰਮ ਦਾ ਸੁਨੇਹਾ ਦਿੱਤਾ, ਜਦੋਂ ਕਿ ਰਾਖੀਗੜ੍ਹੀ ਨੇ ਹਜ਼ਾਰਾਂ ਸਾਲ ਪਹਿਲਾਂ ਦੀ ਸਭਿਅਕ ਮਨੁੱਖੀ ਸੰਸਕ੍ਰਿਤੀ ਨੂੰ ਉਜਾਗਰ ਕੀਤਾ ਹੈ। ਇੱਥੇ ਮਨੁੱਖੀ ਜੀਵਨ, ਦਸਤਕਾਰੀ, ਖੇਤੀ ਅਤੇ ਭਾਈਚਾਰਕ ਪ੍ਰਣਾਲੀ ਦੇ ਵਿਕਾਸ ਦੀ ਮਹੱਤਵਪੂਰਨ ਕਹਾਣੀ ਧਰਤੀ ਦੀਆਂ ਪਰਤਾਂ ਵਿੱਚ ਸੁਰੱਖਿਅਤ ਹੈ। ਇੱਥੇ ਮਿਲੇ ਮਿੱਟੀ ਦੇ ਭਾਂਡੇ, ਮਣਕੇ, ਮੋਹਰਾਂ ਅਤੇ ਦਸਤਕਾਰੀ ਨਾਲ ਜੁੜੀਆਂ ਵਸਤਾਂ ਸਾਡੇ ਪੁਰਖਿਆਂ ਦੀ ਸਿਰਜਣਾਤਮਕਤਾ ਦੀ ਪਛਾਣ ਕਰਵਾਉਂਦੀਆਂ ਹਨ।

**ਨਵੀਂ ਪੀੜ੍ਹੀ ਨੂੰ ਵਿਰਾਸਤ ਨਾਲ ਜੋੜਨਾ ਜ਼ਰੂਰੀ**

ਮੁੱਖ ਮੰਤਰੀ ਨੇ ਕਿਹਾ ਕਿ ਇਤਿਹਾਸ ਦੀ ਸਾਰਥਕਤਾ ਉਸ ਤੋਂ ਮਿਲਣ ਵਾਲੀ ਸਿੱਖਿਆ ਵਿੱਚ ਵੀ ਹੈ। ਰਾਖੀਗੜ੍ਹੀ ਦੀ ਸੁਚੱਜੀ ਵੱਸੋਂ ਸਾਨੂੰ ਇਹ ਸੋਚਣ ਦਾ ਮੌਕਾ ਦਿੰਦੀ ਹੈ ਕਿ ਅਸੀਂ ਆਪਣੇ ਪਿੰਡਾਂ ਅਤੇ ਸ਼ਹਿਰਾਂ ਨੂੰ ਵਧੇਰੇ ਸਾਫ਼-ਸੁ ?ਰੇ, ਸੰਵੇਦਨਸ਼ੀਲ ਅਤੇ ਕੁਦਰਤ ਦੇ ਅਨੁਕੂਲ ਕਿਵੇਂ ਬਣਾਈਏ। ਉਨ੍ਹਾਂ ਨੌਜਵਾਨਾਂ ਨੂੰ ਆਪਣੀ ਵਿਰਾਸਤ ਨੂੰ ਜਾਣਨ ਅਤੇ ਉਸਦੀ ਸਹੀ ਜਾਣਕਾਰੀ ਅੱਗੇ ਪਹੁੰਚਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਭਾਸ਼ਾਵਾਂ ਸਿੱਖੋ, ਗੱਲਬਾਤ ਦਾ ਹੁਨਰ ਵਧਾਓ ਅਤੇ ਡਿਜੀਟਲ ਮਾਧਿਅਮਾਂ 'ਤੇ ਰਾਖੀਗੜ੍ਹੀ ਦੀ ਪ੍ਰਮਾਣਿਕ ਕਹਾਣੀ ਪਹੁੰਚਾਓ। ਸਕੂਲਾਂ ਵਿੱਚ ਰਾਖੀਗੜ੍ਹੀ ਵਿਸ਼ੇ 'ਤੇ ਪ੍ਰਸ਼ਨੋਤਰੀ ਵਰਗੀਆਂ ਗਤੀਵਿਧੀਆਂ ਵੀ ਇਸ ਦਿਸ਼ਾ ਵਿੱਚ ਉਪਯੋਗੀ ਪਹਿਲ ਹਨ।





ਮੁੱਖ ਮੰਤਰੀ ਨੇ ਅਧਿਆਪਕਾਂ ਅਤੇ ਮਾਪਿਆਂ ਨੂੰ ਬੱਚਿਆਂ ਨੂੰ ਸਥਾਨਕ ਵਿਰਾਸਤ ਤੋਂ ਜਾਣੂ ਕਰਵਾਉਣ ਅਤੇ ਇਤਿਹਾਸਕ ਸਥਲਾਂ ਤੇ ਅਜਾਇਬ ਘਰਾਂ ਤੱਕ ਲੈ ਕੇ ਜਾਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜਿਸ ਬੱਚੇ ਨੂੰ ਆਪਣੇ ਆਲੇ-ਦੁਆਲੇ ਦੇ ਇਤਿਹਾਸ ਦੀ ਜਾਣਕਾਰੀ ਹੋਵੇਗੀ, ਉਹ ਦੁਨੀਆ ਵਿੱਚ ਕਿਤੇ ਵੀ ਜਾ ਕੇ ਆਪਣੀ ਧਰਤੀ ਦੀ ਕਹਾਣੀ ਮਾਣ ਅਤੇ ਪ੍ਰਮਾਣਿਕਤਾ ਨਾਲ ਦੱਸ ਸਕੇਗਾ।

**ਅੰਤਰਰਾਸ਼ਟਰੀ ਕਾਨਫਰੰਸ ਵਿੱਚ ਰਾਖੀਗੜ੍ਹੀ 'ਤੇ ਹੋਵੇਗੀ ਵਿਚਾਰ-ਚਰਚਾ**

ਮੁੱਖ ਮੰਤਰੀ ਨੇ ਕਿਹਾ ਕਿ ਮਹੋਤਸਵ ਤਹਿਤ ਅੰਤਰਰਾਸ਼ਟਰੀ ਕਾਨਫਰੰਸ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਦੇਸ਼-ਵਿਦੇਸ਼ ਦੇ ਵਿਦਵਾਨ ਰਾਖੀਗੜ੍ਹੀ ਤੋਂ ਪ੍ਰਾਪਤ ਸਬੂਤਾਂ, ਨਵੀਆਂ ਖੋਜਾਂ ਅਤੇ ਭਵਿੱਖ ਦੇ ਖੋਜ ਦੀਆਂ ਸੰਭਾਵਨਾਵਾਂ 'ਤੇ ਵਿਚਾਰ ਕਰਨਗੇ। ਇਸ ਨਾਲ ਨਵੀਆਂ ਖੋਜ ਯੋਜਨਾਵਾਂ, ਸੰਸਥਾਗਤ ਸਹਿਯੋਗ ਅਤੇ ਗਿਆਨ ਦੇ ਵਿਆਪਕ ਪਸਾਰ ਦਾ ਆਧਾਰ ਤਿਆਰ ਹੋਵੇਗਾ। ਉਨ੍ਹਾਂ ਵਿਦਵਾਨਾਂ ਅਤੇ ਪੁਰਾਤਤਵ ਵਿਗਿਆਨੀਆਂ ਦੀ ਮਿਹਨਤ ਨੂੰ ਨਮਨ ਕਰਦਿਆਂ ਕਿਹਾ ਕਿ ਉਹ ਧਰਤੀ ਦੀਆਂ ਪਰਤਾਂ ਨੂੰ ਪੜ੍ਹ ਕੇ ਖਿੰਧਰੇ ਹੋਏ ਸਬੂਤਾਂ ਨੂੰ ਜੋੜਦੇ ਹਨ ਅਤੇ ਮਨੁੱਖੀ ਸਭਿਅਤਾ ਦੇ ਅਣਕਹੇ ਅਧਿਆਏ ਸਾਹਮਣੇ ਲਿਆਉਂਦੇ ਹਨ।

**ਰਾਖੀਗੜ੍ਹੀ ਦੇ ਵਿਕਾਸ 'ਤੇ ਵਿਸ਼ੇਸ਼ ਜ਼ੋਰ**

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ 'ਵਿਕਾਸ ਵੀ, ਵਿਰਾਸਤ ਵੀ' ਦਾ ਵਿਜ਼ਨ ਸਾਡੇ ਸਾਹਮਣੇ ਰੱਖਿਆ ਹੈ। ਆਧੁਨਿਕ ਭਾਰਤ ਦਾ ਨਿਰਮਾਣ ਆਪਣੀਆਂ ਸਭਿਆਚਾਰਕ ਜੜ੍ਹਾਂ ਤੋਂ ਤਾਕਤ ਲੈ ਕੇ ਹੋਵੇ, ਇਹੀ ਉਨ੍ਹਾਂ ਦੀ ਸੋਚ ਹੈ। ਕੇਂਦਰ ਸਰਕਾਰ ਵੱਲੋਂ ਜਿਨ੍ਹਾਂ ਪੰਜ ਪੁਰਾਤਤਵ ਸਥਲਾਂ ਨੂੰ 'ਆਈਕਾਨਿਕ ਸਾਈਟ' ਵਜੋਂ ਵਿਕਸਿਤ ਕਰਨ ਦਾ ਐਲਾਨ ਕੀਤਾ ਗਿਆ ਸੀ, ਉਨ੍ਹਾਂ ਵਿੱਚ ਰਾਖੀਗੜ੍ਹੀ ਵੀ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਰਾਖੀਗੜ੍ਹੀ ਨੂੰ ਸੈਰ-ਸਪਾਟੇ ਦੇ ਨਕਸ਼ੇ 'ਤੇ ਪ੍ਰਮੁੱਖ ਸਥਾਨ ਦੇਣ ਲਈ ਕਈ ਠੋਸ ਕਦਮ ਚੁੱਕੇ ਗਏ ਹਨ। ਰਾਖੀਗੜ੍ਹੀ ਨੂੰ ਯੂਨੇਸਕੋ ਦੀ ਵਿਸ਼ਵ ਵਿਰਾਸਤ ਸੂਚੀ ਵਿੱਚ ਸ਼ਾਮਲ ਕਰਵਾਉਣ ਦਾ ਯਤਨ ਕੀਤਾ ਜਾ ਰਿਹਾ ਹੈ। ਇੱਥੇ ਦੇ ਅਵਸ਼ੇਸ਼ਾਂ 'ਤੇ ਡੂੰਘੀ ਖੋਜ ਲਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮਾਹਰਾਂ ਨੂੰ ਸੱਦਾ ਦਿੱਤਾ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇੱਥੇ ਅਜਾਇਬ ਘਰ ਅਤੇ ਇੰਟਰਪ੍ਰੀਟੇਸ਼ਨ ਸੈਂਟਰ ਦੇ ਨਿਰਮਾਣ ਦਾ ਸਿਵਲ ਕਾਰਜ ਲਗਭਗ ਪੂਰਾ ਹੋ ਚੁੱਕਾ ਹੈ। ਅਗਲੇ ਪੜਾਅ ਵਿੱਚ ਲਗਭਗ 188 ਕਰੋੜ ਰੁਪਏ ਦੀ ਲਾਗਤ ਨਾਲ ਇਸ ਨੂੰ ਵਿਸ਼ਵ ਪੱਧਰੀ ਬਣਾਇਆ ਜਾ ਰਿਹਾ ਹੈ।

**ਸਰਸਵਤੀ-ਸਿੰਧੂ ਸਭਿਅਤਾ ਕਾਰੀਡੋਰ ਵਿਕਸਿਤ ਕਰਨ ਦੀ ਪਰਿਕਲਪਨਾ**

ਉਨ੍ਹਾਂ ਕਿਹਾ ਕਿ ਸਰਕਾਰ ਨੇ ਸਰਸਵਤੀ-ਸਿੰਧੂ ਸਭਿਅਤਾ ਕਾਰੀਡੋਰ ਵਿਕਸਿਤ ਕਰਨ ਦੀ ਪਰਿਕਲਪਨਾ ਵੀ ਕੀਤੀ ਹੈ। ਇਸ ਰਾਹੀਂ ਮਹੱਤਵਪੂਰਨ ਪੁਰਾਤਤਵ ਸਥਲਾਂ ਦੇ ਵਿਚਕਾਰ ਸੈਰ-ਸਪਾਟੇ ਦੇ ਨਜ਼ਰੀਏ ਤੋਂ ਬਿਹਤਰ ਸੰਪਰਕ ਅਤੇ ਤਾਲਮੇਲ ਵਿਕਸਿਤ ਕਰਨ ਦਾ ਯਤਨ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਰਾਖੀਗੜ੍ਹੀ ਤੋਂ ਇਲਾਵਾ ਸੂਬੇ ਦੇ ਹੋਰ ਪੁਰਾਤਤਵ ਮਹੱਤਵ ਦੇ ਸਥਲਾਂ ਦੇ ਵਿਕਾਸ ਲਈ ਵੀ ਯਤਨ ਕੀਤੇ ਜਾ ਰਹੇ ਹਨ। ਪੁਰਾਣੀ ਤਹਿਸੀਲ ਬਿਲਡਿੰਗ ਨੂੰਹ, ਲੋਹਾਰੂ ਦੇ ਕਿਲੇ ਅਤੇ ਤਾਵੜੂ ਦੇ ਮਕਬਰਾ ਕੰਪਲੈਕਸ ਨੂੰ ਰਾਜ ਸੁਰੱਖਿਅਤ ਸਮਾਰਕ ਦਾ ਐਲਾਨ ਕੀਤਾ ਗਿਆ ਹੈ। ਪੰਚਕੂਲਾ ਦੇ ਸੈਕਟਰ-5 ਵਿੱਚ ਸਟੇਟ ਆਫ਼ ਆਰਟ ਪੁਰਾਤਤਵ ਅਜਾਇਬ ਘਰ ਸਥਾਪਿਤ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਪੁਰਾਣੀ ਸੰਸਕ੍ਰਿਤੀ ਦੀ ਸੰਭਾਲ ਅਤੇ ਉਸਦੀ ਪਛਾਣ ਲਈ ਸਾਰੇ ਰਾਜ ਸੁਰੱਖਿਅਤ ਸਮਾਰਕਾਂ ਦੀ ਯੋਜਨਾ ਅਤੇ ਬਾਹਰੀ ਡਿਜ਼ਾਈਨ ਦੀ ਰੂਪ-ਰੇਖਾ ਤਿਆਰ ਕਰਨ ਦੀ ਯੋਜਨਾ ਸ਼ੁਰੂ ਕੀਤੀ ਗਈ ਹੈ। ਹਰਿਆਣਾ ਦੀ ਕਲਾ ਅਤੇ ਸਭਿਆਚਾਰਕ ਵਿਰਾਸਤ ਨੂੰ ਸੁਰੱਖਿਆ, ਸੰਭਾਲ, ਹੱਲਾਸ਼ੇਰੀ ਅਤੇ ਪ੍ਰੋਤਸਾਹਨ ਦੇਣ ਲਈ ਰਾਜ ਕਲਾ ਅਤੇ ਸਭਿਆਚਾਰ ਨੀਤੀ 'ਕਲਸ਼' ਬਣਾਈ ਗਈ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਭਾਰਤੀ ਸੰਸਕ੍ਰਿਤੀ ਦੀਆਂ ਧਰੋਹਰਾਂ ਨੂੰ ਸੁਰੱਖਿਅਤ ਕਰਕੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੀਆਂ ਪਰੰਪਰਾਵਾਂ ਤੋਂ ਜਾਣੂ ਕਰਵਾਉਣਾ ਸਰਕਾਰ ਦੀ ਵਚਨਬੱਧਤਾ ਹੈ। ਇਸੇ ਦਿਸ਼ਾ ਵਿੱਚ ਕੁਰੂਕਸ਼ੇਤਰ ਦੀ ਧਰਤੀ 'ਤੇ ਅੰਤਰਰਾਸ਼ਟਰੀ ਗੀਤਾ ਜਯੰਤੀ ਮਹੋਤਸਵ ਦਾ ਆਯੋਜਨ ਕੀਤਾ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਆਪਣੀ ਵਿਰਾਸਤ ਅਤੇ ਧਰੋਹਰ ਨੂੰ ਸਾਂਭ ਕੇ ਉਸਦੇ ਆਧਾਰ 'ਤੇ ਆਧੁਨਿਕ ਹਰਿਆਣਾ ਦੇ ਨਿਰਮਾਣ ਵਿੱਚ ਲੱਗੀ ਹੈ। ਰਾਖੀਗੜ੍ਹੀ ਮਹੋਤਸਵ ਵੀ ਇਸੇ ਉਦੇਸ਼ ਨੂੰ ਅੱਗੇ ਵਧਾਉਂਦਾ ਹੈ ਅਤੇ ਇਤਿਹਾਸਕ ਧਰੋਹਰ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣ ਦਾ ਮਾਧਿਅਮ ਬਣੇਗਾ। ਮੁੱਖ ਮੰਤਰੀ ਨੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਇਸ ਮਹੋਤਸਵ ਤੋਂ ਆਪਣੀ ਮਿੱਟੀ ਨੂੰ ਜਾਣਨ, ਆਪਣੀ ਵਿਰਾਸਤ ਨੂੰ ਸਾਂਭਣ ਅਤੇ ਉਸ ਤੋਂ ਮਿਲੀ ਪ੍ਰੇਰਨਾ ਨਾਲ ਬਿਹਤਰ ਭਵਿੱਖ ਬਣਾਉਣ ਦਾ ਸੰਕਲਪ ਲੈ ਕੇ ਜਾਣ।

**ਰਾਖੀਗੜ੍ਹੀ ਨੂੰ ਅੰਤਰਰਾਸ਼ਟਰੀ ਪਛਾਣ ਦਿਵਾਉਣ ਲਈ ਮਿਲ ਕੇ ਕਰਾਂਗੇ ਯਤਨ : ਡਾ. ਅਰਵਿੰਦ ਸ਼ਰਮਾ**

ਹਰਿਆਣਾ ਦੇ ਵਿਰਾਸਤ ਅਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਰਾਖੀਗੜ੍ਹੀ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਪਛਾਣ ਦਿਵਾਉਣ ਅਤੇ ਇੱਥੇ ਵਿਦੇਸ਼ੀ ਸੈਲਾਨੀਆਂ ਨੂੰ ਆਕਰਸ਼ਿਤ ਕਰਨ ਲਈ ਮਿਲ ਕੇ ਯਤਨ ਕੀਤੇ ਜਾ ਰਹੇ ਹਨ। ਇਸ ਨਾਲ ਖੇਤਰ ਵਿੱਚ ਸੈਰ-ਸਪਾਟਾ ਗਤੀਵਿਧੀਆਂ ਵਧਣਗੀਆਂ ਅਤੇ ਸਥਾਨਕ ਪੱਧਰ 'ਤੇ ਵਿਕਾਸ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ।

ਉਨ੍ਹਾਂ ਕਿਹਾ ਕਿ ਰਾਖੀਗੜ੍ਹੀ ਦੇ ਪੁਰਾਤਤਵ ਅਵਸ਼ੇਸ਼ ਸਾਡੀ ਪੁਰਾਣੀ ਸਭਿਅਤਾ ਅਤੇ ਪੁਰਖਿਆਂ ਦੇ ਰਹਿਣ-ਸਹਿਣ ਦੀ ਮਹੱਤਵਪੂਰਨ ਜਾਣਕਾਰੀ ਦਿੰਦੇ ਹਨ। ਇੱਥੇ ਮਿਲੇ ਸਬੂਤਾਂ ਤੋਂ ਪਤਾ ਚੱਲਦਾ ਹੈ ਕਿ ਪੁਰਾਣੇ ਸਮੇਂ ਵਿੱਚ ਲੋਕ ਪਾਣੀ ਦੀ ਨਿਕਾਸੀ, ਸਾਫ਼ ਪੀਣ ਵਾਲੇ ਪਾਣੀ, ਖੇਤੀਬਾੜੀ ਅਤੇ ਬਲਦ ਗੱਡੀ ਵਰਗੀਆਂ ਵਿਵਸਥਾਵਾਂ ਦੀ ਵਰਤੋਂ ਕਰਦੇ ਸਨ। ਮਿੱਟੀ ਤੋਂ ਬਣੀਆਂ ਵਸਤਾਂ ਉਸ ਸਮੇਂ ਦੇ ਕਾਰੀਗਰਾਂ ਦੇ ਹੁਨਰ ਅਤੇ ਸਿਰਜਣਾਤਮਕਤਾ ਨੂੰ ਵੀ ਦਰਸਾਉਂਦੀਆਂ ਹਨ।

ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਰਾਖੀਗੜ੍ਹੀ ਮਹੋਤਸਵ ਦੇ ਮਾਧਿਅਮ ਨਾਲ ਲੋਕਾਂ, ਖ਼ਾਸ ਕਰਕੇ ਨੌਜਵਾਨਾਂ ਨੂੰ ਆਪਣੀ ਇਤਿਹਾਸਕ ਵਿਰਾਸਤ ਨੂੰ ਨੇੜਿਓਂ ਜਾਣਨ ਦਾ ਮੌਕਾ ਮਿਲ ਰਿਹਾ ਹੈ। ਮਹੋਤਸਵ ਦੌਰਾਨ ਨੌਜਵਾਨਾਂ ਦੇ ਸਿੱਖਣ ਲਈ ਛੋਟੇ-ਛੋਟੇ ਕੋਰਸ ਅਤੇ ਸਿਖਲਾਈ ਨਾਲ ਜੁੜੀਆਂ ਗਤੀਵਿਧੀਆਂ ਵੀ ਆਯੋਜਿਤ ਕੀਤੀਆਂ ਗਈਆਂ ਹਨ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਵੀ ਰਾਖੀਗੜ੍ਹੀ ਦਾ ਜ਼ਿਕਰ ਕੀਤਾ ਹੈ ਅਤੇ ਇਸ ਨੂੰ ਆਈਕਾਨਿਕ ਸਾਈਟ ਵਜੋਂ ਵਿਕਸਿਤ ਕਰਨ ਦੀ ਦਿਸ਼ਾ ਵਿੱਚ ਯਤਨ ਕੀਤੇ ਜਾ ਰਹੇ ਹਨ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਰਾਖੀਗੜ੍ਹੀ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਪਛਾਣ ਦਿਵਾਉਣ ?? ਯਤਨ ਅੱਗੇ ਵਧ ਰਹੇ ਹਨ।

**ਰਾਖੀਗੜ੍ਹੀ ਮਹੋਤਸਵ ਨੌਜਵਾਨਾਂ ਨੂੰ ਆਪਣੀ ਸੰਸਕ੍ਰਿਤੀ ਅਤੇ ਵਿਰਾਸਤ ਨਾਲ ਜੋੜਨ ਦਾ ਮਾਧਿਅਮ : ਡਾ. ਅਮਿਤ ਅਗਰਵਾਲ**

ਵਿਰਾਸਤ ਅਤੇ ਸੈਰ-ਸਪਾਟਾ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ ਨੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਰਾਖੀਗੜ੍ਹੀ ਪਹੁੰਚਣ 'ਤੇ ਸਵਾਗਤ ਅਤੇ ਅਭਿਨੰਦਨ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਸ਼ੁਰੂ ਕੀਤਾ ਗਿਆ ਰਾਖੀਗੜ੍ਹੀ ਮਹੋਤਸਵ ਅੱਜ ਆਪਣੇ ਤੀਜੇ ਆਯੋਜਨ ਤੱਕ ਪਹੁੰਚ ਗਿਆ ਹੈ। ਮਹੋਤਸਵ ਦੇ ਮਾਧਿਅਮ ਨਾਲ ਆਲੇ-ਦੁਆਲੇ ਦੇ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਜੋੜਨ ਦਾ ਯਤਨ ਕੀਤਾ ਜਾ ਰਿਹਾ ਹੈ, ਤਾਂ ਜੋ ਨੌਜਵਾਨ ਪੀੜ੍ਹੀ ਆਪਣੀ ਪੁਰਾਣੀ ਸੰਸਕ੍ਰਿਤੀ ਅਤੇ ਵਿਰਾਸਤ ਨੂੰ ਪਛਾਣੇ ਅਤੇ ਉਸ ਨਾਲ ਜੁੜੀ ਰਹੇ। ਉਨ੍ਹਾਂ ਮੰਚ 'ਤੇ ਮੌਜੂਦ ਵਿਰਾਸਤ ਅਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਕੁਮਾਰ ਸ਼ਰਮਾ ਦਾ ਵੀ ਅਭਿਨੰਦਨ ਕਰਦਿਆਂ ਕਿਹਾ ?? ਉਨ੍ਹਾਂ ਦੀ ਅਗਵਾਈ ਹੇਠ ਵਿਭਾਗ ਅੱਗੇ ਵਧ ਰਿਹਾ ਹੈ। ਅਗਲੇ ਸੱਤ ਦਿਨਾਂ ਤੱਕ ਚੱਲਣ ਵਾਲੇ ਇਸ ਮਹੋਤਸਵ ?? ਮਾਧਿਅਮ ਨਾਲ ਮੁੱਖ ਮੰਤਰੀ ਦੀ ਅਗਵਾਈ ਵਿੱਚ ਨਿਰਧਾਰਤ ਟੀਚਿਆਂ ਨੂੰ ਪੂਰਾ ਕੀਤਾ ਜਾਵੇਗਾ।

ਡਾ. ਅਮਿਤ ਅਗਰਵਾਲ ਨੇ ਕਿਹਾ ਕਿ ਰਾਖੀਗੜ੍ਹੀ ਨੂੰ ਦੇਸ਼ ਦੇ ਪ੍ਰਮੁੱਖ ਪੁਰਾਤਤਵ ਸਥਲਾਂ ਵਿੱਚ ਨਵੀਂ ਪਛਾਣ ਦਿਵਾਉਣ ਦੇ ਯਤਨ ਕੀਤੇ ਜਾ ਰਹੇ ਹਨ। ਇੱਥੇ ਓਪਨ ਮਿਊਜ਼ੀਅਮ ਅਤੇ ਸਾਈਟ ਮਿਊਜ਼ੀਅਮ ਵਿਕਸਿਤ ਕਰਨ ਦੀ ਯੋਜਨਾ ਹੈ। ਸਾਈਟ ਮਿਊਜ਼ੀਅਮ ਦਾ ਢਾਂਚਾ ਤਿਆਰ ਹੋ ਚੁੱਕਾ ਹੈ ਅਤੇ ਇਸ ਨੂੰ ਅਗਲੇ ਮਹੋਤਸਵ ਤੋਂ ਪਹਿਲਾਂ ਪੂਰਾ ਕਰਨ ਦਾ ਟੀਚਾ ਰੱਖਿਆ ਗਿਆ ਹੈ।

# ਭਗਵਾਨ ਵਾਲਮੀਕਿ ਮਹਾਰਾਜ ਜੀ ਦੇ ਪ੍ਰਗਟ ਦਿਵਸ ਸਬੰਧੀ ਭਗਵਾਨ ਵਾਲਮੀਕਿ ਕਮਿਊਨਿਟੀ ਹਾਲ ਬਠਿੰਡਾ ਵਿਖੇ ਰਾਜ ਪੱਧਰੀ ਸਮਾਗਮ

**ਬਠਿੰਡਾ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਭਗਵਾਨ ਵਾਲਮੀਕਿ ਮਹਾਰਾਜ ਜੀ ਦੇ ਪ੍ਰਗਟ ਦਿਵਸ ਦੇ ਸਬੰਧ ਵਿੱਚ ਅੱਜ ਭਗਵਾਨ ਵਾਲਮੀਕਿ ਕਮਿਊਨਿਟੀ ਹਾਲ ਬਠਿੰਡਾ ਵਿਖੇ ਕਰਵਾਏ ਗਏ ਵਿਸ਼ਾਲ ਰਾਜ ਪੱਧਰੀ ਸਮਾਗਮ ਦੌਰਾਨ ਕੈਬਨਿਟ ਮੰਤਰੀ ਅਮਨ ਅਰੋੜਾ, ਡਾ. ਬਲਜੀਤ ਕੌਰ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਨੇ ਭਗਵਾਨ ਵਾਲਮੀਕਿ ਮਹਾਰਾਜ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।

ਇਸ ਮੌਕੇ ਕੈਬਿਨੇਟ ਮੰਤਰੀ ਅਮਨ ਅਰੋੜਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਗਵਾਨ ਵਾਲਮੀਕਿ ਮਹਾਰਾਜ ਜੀ ਦੀਆਂ ਸਿੱਖਿਆਵਾਂ ਸਮੁੱਚੀ ਮਨੁੱਖਤਾ ਲਈ ਪ੍ਰੇਰਨਾ ਸਰੋਤ ਹਨ, ਜੋ ਸੱਚ, ਨੇਕੀ, ਮਨੁੱਖਤਾ ਦੇ ਨਾਲ-ਨਾਲ ਨੈਤਿਕਤਾ 'ਤੇ ਜ਼ੋਰ ਦਿੰਦੀਆਂ ਹਨ ਅਤੇ ਅਜੋਕੇ ਸਮੇਂ ਵਿੱਚ ਵੀ ਸਾਰਥਕ ਹਨ। ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਮਹਾਰਾਜ ਜੀ ਨੇ ਪਵਿੱਤਰ 'ਰਾਮਾਇਣ' ਦੀ ਰਚਨਾ ਕਰਕੇ ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਸੰਦੇਸ਼ ਦਿੱਤਾ ਹੈ। ਉਨ੍ਹਾਂ ਲੋਕਾਂ ਨੂੰ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਕੇ ਜੀਵਨ ਨੂੰ ਸਫ਼ਲ ਤੇ ਖੁਸ਼ਹਾਲ ਬਣਾਉਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਸਾਡੇ ਮਹਾਨ ਗੁਰੂਆਂ, ਸੰਤਾਂ, ਮਹਾਂਪੁਰਖਾਂ ਨੇ ਮਨੁੱਖਤਾ ਦੇ ਭਲੇ ਦਾ ਸੰਦੇਸ਼ ਦਿੱਤਾ ਹੈ, ਜਿਸ 'ਤੇ ਚੱਲਦੇ ਹੋਏ ਪੰਜਾਬ ਸਰਕਾਰ ਹਰ ਵਰਗ ਦੇ ਵਿਕਾਸ ਅਤੇ ਬਿਹਤਰੀ ਲਈ ਬਿਨਾਂ ਕਿਸੇ ਪੱਖਪਾਤ ਦੇ ਕੰਮ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭਗਵਾਨ ਵਾਲਮੀਕਿ ਮਹਾਰਾਜ ਜੀ ਦੇ ਸੰਦੇਸ਼ ਨੂੰ ਦੁਨੀਆ ਦੇ ਕੋਨੇ-ਕੋਨੇ ਤੱਕ ਪਹੁੰਚਾਉਣ ਲਈ ਉਨ੍ਹਾਂ ਦੇ ਪ੍ਰਗਟ ਦਿਵਸ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਵੱਖ-ਵੱਖ ਥਾਈਂ ਕਰਵਾਏ ਜਾ ਰਹੇ ਹਨ।

ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪੰਜਾਬ ਸਰਕਾਰ ਹਰ ਧਰਮ ਦਾ ਬਰਾਬਰ ਸਤਿਕਾਰ ਕਰਦੀ ਹੈ। ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਦੀ ਸ਼ੁਰੂਆਤ ਕਰਕੇ ਬਜ਼ੁਰਗਾਂ ਨੂੰ ਵੱਖ-ਵੱਖ ਤੀਰਥਾਂ ਦੇ ਦਰਸ਼ਨ ਕਰਨ ਦਾ ਮੌਕਾ ਦਿੱਤਾ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਸਥਿਤ ਭਗਵਾਨ ਵਾਲਮੀਕਿ ਤੀਰਥ ਸਥਲ ਦਾ ਕਰੋੜਾਂ ਰੁਪਏ ਨਾਲ ਸੁੰਦਰੀਕਰਨ ਕਰਵਾਇਆ ਜਾ ਰਿਹਾ ਹੈ।

ਉਹਨਾਂ ਕਿਹਾ ਕਿ ਭਗਵਾਨ ਵਾਲਮੀਕਿ ਮਹਾਰਾਜ ਜੀ ਦੀਆਂ ਸਿੱਖਿਆਵਾਂ ਸਮਾਜ ਵਿੱਚ ਬਰਾਬਰੀ, ਭਾਈਚਾਰੇ ਅਤੇ ਆਪਸੀ ਸਤਿਕਾਰ ਦੀ ਭਾਵਨਾ ਨੂੰ ਮਜ਼ਬੂਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸਾਨੂੰ ਭਗਵਾਨ ਵਾਲਮੀਕਿ ਮਹਾਰਾਜ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਦੇ ਹੋਏ ਸਮਾਜ ਦੀ ਬਿਹਤਰੀ ਅਤੇ ਮਨੁੱਖਤਾ ਦੀ ਸੇਵਾ ਲਈ ਹਮੇਸ਼ਾ ਯਤਨਸ਼ੀਲ ਰਹਿਣਾ ਚਾਹੀਦਾ ਹੈ। ਉਨ੍ਹਾਂ ਇਸ ਮੌਕੇ ਲੋਕਾਂ ਨੂੰ ਭਗਵਾਨ ਵਾਲਮੀਕਿ ਜੀ ਵੱਲੋਂ ਦਿੱਤੇ ਮਹਾਨ ਸੰਦੇਸ਼ ਨੂੰ ਆਪਣੇ ਜੀਵਨ ਵਿੱਚ ਅਪਣਾ ਕੇ ਆਪਸੀ ਸਾਂਝ ਦੀਆਂ ਤੰਦਾਂ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ।

ਸੰਤ ਪ੍ਰਗਟ ਨਾਥ ਜੀ ਨੇ ਸੰਗਤ ਨੂੰ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਦੀ ਵਧਾਈ ਦਿੰਦਿਆਂ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਜੀਵਨ ਵਿੱਚ ਅਪਨਾਉਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਸਮੁੱਚੀ ਮਾਨਵਤਾ ਲਈ ਚਾਨਣ ਮੁਨਾਰਾ ਹਨ, ਜੋ ਸਾਨੂੰ ਮਨੁੱਖਤਾ ਦਾ ਸਤਿਕਾਰ ਕਰਨ, ਸੱਚ ਦੇ ਮਾਰਗ 'ਤੇ ਚੱਲਣ ਅਤੇ ਸਮਾਜ ਦੀ ਭਲਾਈ ਦਾ ਸੰਦੇਸ਼ ਦਿੰਦੀਆਂ ਹਨ।

ਇਸ ਮੌਕੇ ਮੇਅਰ ਨਗਰ ਬਠਿੰਡਾ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਾਨੂੰ ਸਾਡੀ ਅਮੀਰ ਵਿਰਾਸਤ ਅਤੇ ਸੱਭਿਆਚਾਰ ਨਾਲ ਜੁੜਨ ਦਾ ਮੌਕਾ ਪ੍ਰਦਾਨ ਕਰਦੇ ਹਨ। ਖਾਸ ਕਰ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਇਤਿਹਾਸ ਅਤੇ ਧਾਰਮਿਕ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਇਸ ਮੌਕੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਅਮਰਜੀਤ ਸਿੰਘ ਮਹਿਤਾ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਮੌਕੇ ਸਾਰਿਆਂ ਨੂੰ ਮੁਬਾਰਕਬਾਦ ਦਿੱਤੀ ਗਈ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ, ਜ਼ਿਲ੍ਹਾ ਪੁਲਿਸ ਮੁਖੀ ਸ਼੍ਰੀ ਸੁਹੇਲ ਕਾਸਿਮ ਮੀਰ, ਕਮਿਸ਼ਨਰ ਨਗਰ ਨਿਗਮ ਸ੍ਰੀਮਤੀ ਲਵਜੀਤ ਕਲਸੀ, ਸਹਾਇਕ ਕਮਿਸ਼ਨਰ ਗੁਰਜਿੰਦਰ ਸਿੰਘ, ਉਪ ਮੰਡਲ ਮੈਜਿਸਟਰੇਟ ਬਠਿੰਡਾ ਅਮਨਦੀਪ ਸਿੰਘ ਮਾਵੀ, ਚੇਅਰਮੈਨ ਇੰਦਰਜੀਤ ਸਿੰਘ ਮਾਨ, ਜਤਿੰਦਰ ਸਿੰਘ ਭੱਲਾ, ਨਵਦੀਪ ਸਿੰਘ ਜੀਦਾ, ਅਮਰਦੀਪ ਸਿੰਘ ਰਾਜਨ, ਬਲਜੀਤ ਸਿੰਘ ਬੱਲੀ, ਵਾਲਮੀਕਿ ਸਮਾਜ ਤੋਂ ਸ਼੍ਰੀ ਨਵੀਨ ਵਾਲਮੀਕਿ, ਸ਼੍ਰੀ ਹੰਸ ਰਾਜ ਭਾਰਤੀ ਅਤੇ ਹੋਰ ਮੋਹਤਵਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਰਧਾਲੂ ਵੀ ਮੌਜੂਦ ਸਨ।

# ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਪਿੰਡ ਗੱਜਪੁਰ ਬੇਲਾ ਵਿਖੇ 46 ਲੱਖ ਰੁਪਏ ਦੀ ਲਾਗਤ ਨਾਲ ਬਣੇ ਮੁੱਖ ਮੰਤਰੀ ਖੇਡ ਮੈਦਾਨ ਸਮੇਤ ਵੱਖ-ਵੱਖ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ

**ਸ੍ਰੀ ਆਨੰਦਪੁਰ ਸਾਹਿਬ, 19 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਪਿੰਡ ਗੱਜਪੁਰ ਬੇਲਾ ਵਿਖੇ ਮੁੱਖ ਮੰਤਰੀ ਖੇਡ ਮੈਦਾਨ ਸਮੇਤ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਪਿੰਡ ਵਿੱਚ ਖੇਡ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ 46 ਲੱਖ ਰੁਪਏ ਦੀ ਲਾਗਤ ਨਾਲ ਖੇਡ ਮੈਦਾਨ ਤਿਆਰ ਕੀਤਾ ਗਿਆ ਹੈ, ਜਿੱਥੇ ਬੱਚਿਆਂ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਦੇ ਬਿਹਤਰ ਮੌਕੇ ਮਿਲਣਗੇ। ਇਸ ਖੇਡ ਮੈਦਾਨ ਵਿੱਚ ਬਾਸਕਟਬਾਲ ਦੀ ਸਹੂਲਤ ਵੀ ਮੁਹੱਈਆ ਕਰਵਾਈ ਗਈ ਹੈ। ਇਸ ਤੋਂ ਇਲਾਵਾ ਧਰਮਸ਼ਾਲਾ ਦੇ ਨਵੀਨੀਕਰਨ, ਗੰਦੇ ਪਾਣੀ ਦੀ ਨਿਕਾਸੀ ਦੇ ਪ੍ਰਬੰਧ, ਪੀਣ ਵਾਲੇ ਪਾਣੀ ਦੀ ਪਾਈਪਲਾਈਨ ਅਤੇ ਪਿੰਡ ਦੀਆਂ ਗਲੀਆਂ-ਨਾਲੀਆਂ ਦੇ ਵਿਕਾਸ ਲਈ ਵੀ ਕੰਮ ਕਰਵਾਏ ਗਏ ਹਨ। ਪਿੰਡ ਵਿੱਚ ਐੱਸ.ਸੀ. ਧਰਮਸ਼ਾਲਾ ਲਈ 4 ਲੱਖ ਰੁਪਏ ਅਤੇ ਗਲੀਆਂ-ਨਾਲੀਆਂ ਦੇ ਵਿਕਾਸ ਲਈ 4 ਲੱਖ ਰੁਪਏ ਖਰਚ ਕੀਤੇ ਗਏ ਹਨ। ਇਸ ਦੇ ਨਾਲ ਹੀ ਸਰਕਾਰੀ ਸਕੂਲ ਲਈ ਦੋ ਆਰ.ਓ. ਵਾਟਰ ਕੂਲਰ ਵੀ ਮੁਹੱਈਆ ਕਰਵਾਏ ਗਏ ਹਨ।

ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਨੂੰ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਖੇਡ ਮੈਦਾਨਾਂ ਦਾ ਨਿਰਮਾਣ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਅਤੇ ਉਨ੍ਹਾਂ ਦੀ ਸਰੀਰਕ ਤੇ ਮਾਨਸਿਕ ਸਿਹਤ ਨੂੰ ਬਿਹਤਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਮੁੱਖ ਮੰਤਰੀ ਖੇਡ ਮੈਦਾਨ ਰਾਹੀਂ ਪਿੰਡ ਦੇ ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਨਿਖਾਰਨ ਦਾ ਮੌਕਾ ਮਿਲੇਗਾ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਪਿੰਡਾਂ ਵਿੱਚ ਖੇਡਾਂ ਲਈ ਢੁਕਵਾਂ ਬੁਨਿਆਦੀ ਢਾਂਚਾ ਤਿਆਰ ਕਰਨਾ ਹੈ, ਤਾਂ ਜੋ ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਜੀਵਨ ਵੱਲ ਵਧਣ। ਉਨ੍ਹਾਂ ਕਿਹਾ ਕਿ ਗਲੀਆਂ-ਨਾਲੀਆਂ, ਪੀਣ ਵਾਲੇ ਪਾਣੀ ਅਤੇ ਗੰਦੇ ਪਾਣੀ ਦੀ ਨਿਕਾਸੀ ਵਰਗੀਆਂ ਸਹੂਲਤਾਂ ਵਿੱਚ ਸੁਧਾਰ ਕਰਨਾ ਵੀ ਸਰਕਾਰ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ।ਉਨ੍ਹਾਂ ਕਿਹਾ ਕਿ ਧਰਮਸ਼ਾਲਾ ਪਿੰਡ ਵਾਸੀਆਂ ਲਈ ਸਾਂਝੀ ਥਾਂ ਹੁੰਦੀ ਹੈ, ਜਿੱਥੇ ਸਮਾਜਿਕ, ਧਾਰਮਿਕ ਅਤੇ ਸੱਭਿਆਚਾਰਕ ਸਮਾਗਮ ਕਰਵਾਏ ਜਾਂਦੇ ਹਨ। ਇਸ ਦੇ ਨਵੀਨੀਕਰਨ ਨਾਲ ਲੋਕਾਂ ਨੂੰ ਬਿਹਤਰ ਸਹੂਲਤ ਮਿਲੇਗੀ। ਇਸੇ ਤਰ੍ਹਾਂ ਐੱਸ.ਸੀ. ਧਰਮਸ਼ਾਲਾ ਲਈ ਦਿੱਤੀ ਗਈ ਰਾਸ਼ੀ ਅਤੇ ਗਲੀਆਂ-ਨਾਲੀਆਂ ਦੇ ਵਿਕਾਸ ਲਈ ਕਰਵਾਏ ਗਏ ਕੰਮ ਪਿੰਡ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਗੇ। ਸਕੂਲ ਲਈ ਦੋ ਆਰ.ਓ. ਵਾਟਰ ਕੂਲਰ ਮੁਹੱਈਆ ਕਰਵਾਉਣ ਬਾਰੇ ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਸਾਫ਼ ਪੀਣ ਵਾਲਾ ਪਾਣੀ ਉਪਲਬਧ ਕਰਵਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਪਹਿਲ ਦੇ ਰਹੀ ਹੈ ਅਤੇ ਪਿੰਡਾਂ ਦੇ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਵਚਨਬੱਧ ਹੈ।

ਇਸ ਮੌਕੇ ਪੰਜਾਬ ਐੱਸ.ਸੀ. ਕਮਿਸ਼ਨ ਦੇ ਮੈਂਬਰ ਸ੍ਰੀ ਕਮਿਕਰ ਸਿੰਘ ਡਾਢੀ, ਟ੍ਰੇਡ ਕਮਿਸ਼ਨ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਅਰੋੜਾ, ਟਰੱਕ ਯੂਨੀਅਨ ਦੇ ਪ੍ਰਧਾਨ ਤਰਲੋਚਨ ਸਿੰਘ ਲੋਚੀ, ਪਿੰਡ ਗੱਜਪੁਰ ਬੇਲਾ ਦੇ ਸਰਪੰਚ ਹਰਪਾਲ ਸਿੰਘ, ਸਾਬਕਾ ਸਰਪੰਚ ਕਰਮ ਸਿੰਘ, ਸੁਖਚੈਨ ਸਿੰਘ, ਜਗਤਾਰ ਸਿੰਘ, ਬਲਾਕ ਸੰਮਤੀ ਮੈਂਬਰ ਜਸਵਿੰਦਰ ਸਿੰਘ, ਦਰਸ਼ਨ ਸਿੰਘ ਅਤੇ ਗੁਰਪਿੰਦਰ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।





